ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

You Tube https://youtu.be/LQwolgxDu7I

awazeqaumtvpunjab@gmail.com

ਮੰਗਲਵਾਰ, 8 ਜੁਲਾਈ 2025 (ਨਾਨਕਸ਼ਾਹੀ ਸੰਮਤ : ੫੫੭, ੨੪ ਹਾੜ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਬਿਕਰਮ ਸਿੰਘ ਮਜੀਠੀਆ 'ਤੇ ਸਰਕਾਰ ਦੀ ਬਾਜ਼ ਅੱਖ ! ਬੈਰਕ 'ਚ ਲਗਾਏ ਗਏ ਕੈਮਰੇ, ਮੁੱਖ ਮੰਤਰੀ ਮਾਨ ਵੀ ਰੱਖ ਰਹੇ ਨਜ਼ਰ !

**ਚੰਡੀਗੜ੍ਹ, 7 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਆਗੂ ਬਿਕਰਮ ਸਿੰਘ ਮਜੀਠੀਆ ਨੂੰ ਨਾਭਾ ਜੇਲ੍ਹ 'ਚ ਰੱਖਿਆ ਗਿਆ ਹੈ। ਉੱਥੇ ਹੀ ਹੁਣ ਸੂਤਰਾਂ ਦੇ ਹਵਾਲੇ ਤੋਂ ਵੱਡੀ ਖ਼ਬਰ ਹਾਸਿਲ ਹੋਈ ਹੈ। ਸੂਤਰਾਂ ਦਾ ਕਹਿਣਾ ਹੈ ਕਿ ਅਕਾਲੀ ਦਲ ਦੇ ਆਗੂ ਬਿਕਰਮ ਸਿੰਘ ਮਜੀਠੀਆ ਦੀ ਬੈਰਕ ਨੇੜੇ ਸੀਸੀਟੀਵੀ ਕੈਮਰੇ ਲਗਾਏ ਗਏ ਹਨ। ਇਨ੍ਹਾਂ ਹੀ ਨਹੀਂ ਸੂਤਰਾਂ ਦਾ ਇਹ ਵੀ ਕਹਿਣਾ ਹੈ ਕਿ ਸੀਸੀਟੀਵੀ ਕੈਮਰੇ ਬੈਰਕ ਦੇ ਅੰਦਰ ਅਤੇ ਬਾਹਰ 2 ਕੈਮਰੇ ਲਗਾਏ ਗਏ ਹਨ। ਸੂਤਰਾਂ ਤੋਂ ਮਿਲੀ ਜਾਣਕਾਰੀ ਮੁਤਾਬਿਕ ਬਿਕਰਮ ਸਿੰਘ ਮਜੀਠੀਆ ਦੀ ਬੈਰਕ ਦੇ ਨੇੜੇ ਸੀਸੀਟੀਵੀ ਕੈਮਰੇ ਲਗਾਏ ਗਏ ਹਨ। ਜਿਸ ਦੀ ਫੁਟੇਜ ਜੇਲ੍ਹ ਪ੍ਰਸ਼ਾਸਨ ਕੋਲ ਜਾਣ ਤੋਂ ਇਲਾਵਾ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਵੀ ਭੇਜੀ ਜਾ ਰਹੀ ਹੈ। ਜੇਲ੍ਹ 'ਚ ਜਾਂਦੇ ਹੀ ਬਿਕਰਮ ਸਿੰਘ ਮਜੀਠੀਆ ਨੇ ਸਭ ਤੋਂ ਪਹਿਲਾਂ ਅਧਿਕਾਰੀਆਂ ਕੋਲੋਂ ਗੁਟਕਾ ਸਾਹਿਬ ਦੀ ਮੰਗ ਕੀਤੀ ਸੀ। ਅਧਿਕਾਰਿਆਂ ਵੱਲੋਂ ਗੁਟਕਾ ਸਾਹਿਬ ਦਿੱਤੇ ਜਾਣ ਤੋਂ ਬਾਅਦ ਉਨ੍ਹਾਂ ਨੇ ਸਭ ਤੋਂ ਪਹਿਲਾਂ ਵਾਹਿਗੁਰੂ ਨੂੰ ਯਾਦ ਕਰਦੇ ਹੋਏ ਪਾਠ ਕੀਤਾ। ਸੂਤਰਾਂ ਦਾ ਕਹਿਣਾ ਹੈ ਕਿ ਬਿਕਰਮ ਸਿੰਘ ਮਜੀਠੀਆ ਦੀ ਹਰ ਇੱਕ ਹਲਚਲ ਨੂੰ ਸੀਸੀਟੀਵੀ ਕੈਮਰੇ 'ਚ ਕੈਦ ਕੀਤੀਆਂ ਜਾ ਰਹੀਆਂ ਹਨ।



## ਦਸੂਹਾ 'ਚ ਪਲਟੀ ਸਵਾਰੀਆਂ ਨਾਲ ਭਰੀ ਮਿੰਨੀ ਬੱਸ

# ਇੱਕ ਬੱਚੇ ਸਮੇਤ 9 ਲੋਕਾਂ ਦੀ ਹੋਈ ਮੌਤ, 33 ਜ਼ਖਮੀ

**ਦਸੂਹਾ, 7 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਹੁਸ਼ਿਆਰਪੁਰ ਜ਼ਿਲ੍ਹੇ ਦੇ ਦਸੂਹਾ 'ਚ ਪਿੰਡ ਸਗਰਾ ਨੇੜੇ ਸਵਾਰੀਆਂ ਨਾਲ ਭਰੀ ਨਿੱਜੀ ਕੰਪਨੀ ਦੀ ਇੱਕ ਮਿੰਨੀ ਬੱਸ ਅਤੇ ਕਾਰ ਵਿਚਾਲੇ ਭਿਆਨਕ ਟੱਕਰ ਹੋਣ ਕਾਰਨ ਦਰਦਨਾਕ ਹਾਦਸਾ ਵਾਪਰਿਆ ਹੈ। ਇਸ ਹਾਦਸੇ ਵਿਚ ਇੱਕ ਬੱਚੇ ਸਮੇਤ 9 ਲੋਕਾਂ ਦੀ ਮੌਤ ਹੋ ਗਈ ਅਤੇ 33 ਲੋਕ ਜ਼ਖਮੀ ਹੋ ਗਏ ਹਨ। ਬੱਸ ਵਿੱਚ ਕੁੱਲ 39 ਯਾਤਰੀ ਸਨ।



ਮ੍ਰਿਤਕਾਂ ਵਿੱਚ ਇੱਕ ਮਾਂ ਅਤੇ ਧੀ ਵੀ ਸ਼ਾਮਲ ਹਨ। ਜਾਣਕਾਰੀ ਅਨੁਸਾਰ ਅੱਜ ਸਵੇਰੇ 10 ਵਜੇ ਦੇ ਕਰੀਬ ਹਾਜੀਪੁਰ ਤੋਂ ਦਸੂਹਾ ਵੱਲ ਨੂੰ ਜਾ ਰਹੀ ਸਵਾਰੀਆਂ ਨਾਲ ਭਰੀ ਨਿੱਜੀ ਕੰਪਨੀ ਦੀ ਮਿੰਨੀ ਬੱਸ ਦੀ ਸਾਹਮਣੇ ਤੋਂ ਆ ਰਹੇ ਕਾਰ ਨਾਲ ਸਿੱਧੀ ਟੱਕਰ ਹੋ ਗਈ। ਇਸ ਤੋਂ ਬਾਅਦ ਬੱਸ ਬੇਕਾਬੂ ਹੋ ਕੇ ਸੜਕ ਦੇ ਵਿਚਕਾਰ ਪਲਟ ਗਈ। ਇਸ ਹਾਦਸੇ ਵਿੱਚ ਇੱਕ ਬੱਚੇ ਸਮੇਤ 9 ਯਾਤਰੀਆਂ ਦੀ ਮੌਤ ਹੋ ਗਈ ਹੈ ਜਦੋਂ 33 ਤੋਂ ਵੱਧ ਲੋਕ ਜ਼ਖਮੀ ਦੱਸੇ ਜਾ ਰਹੇ ਹਨ। ਜ਼ਖਮੀਆਂ ਨੂੰ ਦਸੂਹਾ ਦੇ ਸਰਕਾਰੀ ਹਸਪਤਾਲ 'ਚ ਦਾਖਲ ਕਰਵਾਇਆ ਗਿਆ ਹੈ। ਚਸ਼ਮਦੀਦਾਂ ਅਨੁਸਾਰ ਇਹ ਬੱਸ ਦਸੂਹਾ ਵੱਲ ਜਾ ਰਹੀ ਸੀ। ਜਦੋਂ ਬੱਸ ਬੱਸ ਸਟੈਂਡ ਸਗਰਾ ਨੇੜੇ ਪਹੁੰਚੀ ਤਾਂ ਸਿੰਗਲ ਰੋਡ 'ਤੇ ਸਾਹਮਣੇ ਤੋਂ ਆ ਰਹੀ ਇੱਕ ਕਾਰ ਨਾਲ ਟਕਰਾ ਗਈ। ਬੱਸ ਤੇਜ਼ ਰਫ਼ਤਾਰ ਨਾਲ ਚੱਲ ਰਹੀ ਸੀ, ਇਸ ਲਈ ਡਰਾਈਵਰ ਇਸ 'ਤੇ ਕਾਬੂ ਨਹੀਂ ਰੱਖ ਸਕਿਆ ਅਤੇ ਬੱਸ ਥੋੜ੍ਹੀ ਦੂਰ ਜਾਣ ਤੋਂ ਬਾਅਦ ਸੜਕ ਦੇ ਵਿਚਕਾਰ ਪਲਟ ਗਈ। ਇਸ ਦੇ ਨਾਲ ਹੀ ਬੱਸ ਵਿੱਚ ਮੌਜੂਦ ਯਾਤਰੀਆਂ ਦਾ ਚੀਕ-ਚਿਹਾੜਾ ਪੈ ਗਿਆ। ਇਹ ਹਾਦਸਾ ਦਸੂਹਾ-ਹਾਜੀਪੁਰ ਸੜਕ 'ਤੇ ਅੱਡਾ ਸਗਰਾ ਨੇੜੇ ਵਾਪਰਿਆ ਹੈ। ਸ਼ੁਰੂਆਤੀ ਜਾਂਚ ਵਿੱਚ ਬੱਸ ਦੀ ਤੇਜ਼ ਰਫ਼ਤਾਰ ਨੂੰ ਹਾਦਸੇ ਦਾ ਮੁੱਖ ਕਾਰਨ ਮੰਨਿਆ ਜਾ ਰਿਹਾ ਹੈ। ਫਿਲਹਾਲ ਜਾਂਚ ਚੱਲ ਰਹੀ ਹੈ। ਇਸ ਘਟਨਾ ਵਿੱਚ ਬੱਸ ਦਾ ਡਰਾਈਵਰ ਵੀ ਗੰਭੀਰ ਜ਼ਖਮੀ ਹੋਇਆ ਹੈ। ਫਿਲਹਾਲ ਪੁਲਿਸ ਮ੍ਰਿਤਕਾਂ ਦੀ ਪਛਾਣ ਕਰਨ ਦੀ ਕੋਸ਼ਿਸ਼ ਕਰ ਰਹੀ ਹੈ। ਜ਼ਖਮੀਆਂ ਦੇ ਪਰਿਵਾਰਾਂ ਨੂੰ ਵੀ ਘਟਨਾ ਬਾਰੇ ਸੂਚਿਤ ਕਰ ਦਿੱਤਾ ਗਿਆ ਹੈ। ਦਸੂਹਾ ਸਿਵਲ ਹਸਪਤਾਲ ਦੇ ਮੌਜੂਦਾ ਐਸਐਮਓ ਡਾ. ਮਨਮੋਹਨ ਸਿੰਘ ਨੇ ਕਿਹਾ ਕਿ ਬਹੁਤ ਸਾਰੇ ਮਰੀਜ਼ ਜ਼ਖਮੀ ਹਾਲਤ ਵਿੱਚ ਸਾਡੇ ਕੋਲ ਪਹੁੰਚੇ ਹਨ। ਸਾਡੀਆਂ ਟੀਮਾਂ ਸਾਰਿਆਂ ਦਾ ਇਲਾਜ ਕਰ ਰਹੀਆਂ ਹਨ। ਸ਼ੁਰੂ ਵਿੱਚ ਜਦੋਂ ਮਰੀਜ਼ਾਂ ਨੂੰ ਲਿਆਂਦਾ ਗਿਆ ਤਾਂ 3 ਲੋਕ ਮ੍ਰਿਤਕ ਪਾਏ ਗਏ। ਇਸ ਵਿੱਚ ਇੱਕ ਛੋਟਾ ਬੱਚਾ ਵੀ ਸੀ। ਨਾਲ ਹੀ ਕੁਝ ਦੀ ਇਲਾਜ ਦੌਰਾਨ ਮੌਤ ਹੋ ਗਈ।

## ਬੱਸ ਹਾਦਸੇ 'ਚ ਮ੍ਰਿਤਕਾਂ ਤੇ ਜ਼ਖਮੀਆਂ ਦੀ ਹੋਈ ਪਛਾਣ, ਸਰਕਾਰ ਵੱਲੋਂ 2-2 ਲੱਖ ਰੁਪਏ ਮਦਦ ਦਾ ਐਲਾਨ

ਦਸੂਹਾ ਤੋਂ ਵਿਧਾਇਕ ਕਰਮਬੀਰ ਸਿੰਘ ਘੁੰਮਣ ਨੇ ਪ੍ਰਸ਼ਾਸਨਿਕ ਅਧਿਕਾਰੀਆਂ ਨਾਲ ਸਿਵਲ ਹਸਪਤਾਲ ਪਹੁੰਚ ਕੇ ਜ਼ਖਮੀਆਂ ਦਾ ਹਾਲ ਜਾਣਿਆ ਅਤੇ ਪੀੜਤਾਂ ਦੇ ਪਰਿਵਾਰਾਂ ਨਾਲ ਮੁਲਾਕਾਤ ਕੀਤੀ ਅਤੇ ਸੰਵੇਦਨਾ ਪ੍ਰਗਟ ਕੀਤੀ। ਵਿਧਾਇਕ ਕਰਮਬੀਰ ਸਿੰਘ ਘੁੰਮਣ ਅਤੇ ਡੀਸੀ ਆਸ਼ਿਕਾ ਜੈਨ ਨੇ ਦੱਸਿਆ ਕਿ ਪੰਜਾਬ ਸਰਕਾਰ ਮੁੱਖ ਮੰਤਰੀ ਰਾਹਤ ਫੰਡ ਵਿੱਚੋਂ ਹਰੇਕ ਮ੍ਰਿਤਕ ਦੇ ਪਰਿਵਾਰ ਨੂੰ 2-2 ਲੱਖ ਰੁਪਏ ਦੀ ਸਹਾਇਤਾ ਪ੍ਰਦਾਨ ਕਰੇਗੀ। ਜ਼ਖਮੀਆਂ ਨੂੰ ਨਿਯਮਾਂ ਅਨੁਸਾਰ ਮੁਆਵਜ਼ਾ ਵੀ ਦਿੱਤਾ ਜਾਵੇਗਾ ਅਤੇ ਉਨ੍ਹਾਂ ਦਾ ਇਲਾਜ ਪੂਰੀ ਤਰ੍ਹਾਂ ਮੁਫਤ ਕੀਤਾ ਜਾ ਰਿਹਾ ਹੈ। **ਮ੍ਰਿਤਕਾਂ 'ਚ ਇਹ ਹਨ ਸ਼ਾਮਲ :** ਐਸਐਮਓ ਸਿਵਲ ਹਸਪਤਾਲ ਦਸੂਹਾ ਡਾ. ਮਨਮੋਹਨ ਸਿੰਘ ਨੇ ਦੱਸਿਆ ਕਿ ਮ੍ਰਿਤਕਾਂ ਦੀ ਪਛਾਣ ਰਾਜੂ ਬਾਲਾ (5) ਨਿਵਾਸੀ ਬੁੱਢਾਬਾਦ, ਲਵ ਕੁਮਾਰ (50) ਨਿਵਾਸੀ ਘਾਟੀ, ਨਾਰੀ, ਕਾਂਗੜਾ (ਹਿਮਾਚਲ ਪ੍ਰਦੇਸ਼), ਗੁਰਮੀਤ ਰਾਮ (65 ਨਿਵਾਸੀ ਹਾਲੇਡ, ਸਤਵਿੰਦਰ ਕੌਰ (55) ਨਿਵਾਸੀ ਜਲਾਲ ਚੱਕ, ਬਲਬੀਰ ਕੌਰ (60) ਨਿਵਾਸੀ ਦਸ਼ਮੇਸ਼ ਨਗਰ ਦਸੂਹਾ, ਸੰਜੀਵ ਕੁਮਾਰ (30) ਨਿਵਾਸੀ ਨਵੀਆਂ ਬਾਗੜੀਆਂ, ਭੈਣੀ ਮੀਆਂ ਖਾਨ, ਗੁਰਦਾਸਪੁਰ, ਮੀਨਾ (30) ਨਿਵਾਸੀ ਬੁੱਢਾਬਾਦ, ਅਣਪਛਾਤੀ (ਲਗਭਗ 50 ਸਾਲ), ਸੁਬਾਗ ਰਾਣੀ (55) ਨਿਵਾਸੀ ਸਹੋਦਾ ਵਜੋਂ ਹੋਈ ਹੈ। **ਹਾਦਸੇ ਵਿੱਚ ਜ਼ਖ਼ਮੀ ਹੋਏ ਲੋਕ :** ਜ਼ਖ਼ਮੀਆਂ ਵਿੱਚ ਮਹਿੰਦਰ ਸਿੰਘ (69) ਵਾਸੀ ਕਾਠਗੜ੍ਹ, ਸਾਹਿਲ ਮਿਨਹਾਸ (22) ਵਾਸੀ ਸਿੰਘਵਾਲ, ਸ਼ੀਤਲ (29) ਵਾਸੀ ਜੁਗਿਆਲ, ਰਿਤਿਕਾ ਠਾਕੁਰ (35) ਵਾਸੀ ਨਿੱਕੂ ਚੱਕ, ਰਿਤੇਸ਼ (48) ਵਾਸੀ ਸਵਰਨ, ਨਮਰਤਾ ਭਾਟੀਆ (48) ਵਾਸੀ ਸਵਰਨ, ਨਮਰਤਾ ਭਾਟੀਆ (48) ਵਾਸੀ ਸਵਰਨ, ਦੀਪ ਸਿੰਘ (48) ਸ਼ਾਮਲ ਹਨ। ਡਾਲੋਵਾਲ, ਤਿਲਕ ਰਾਜ (55) ਵਾਸੀ ਸਿਪਰੀਆਂ, ਤਨਵੀ (17) ਵਾਸੀ ਹਾਜੀਪੁਰ, ਨੀਲਮ ਕੁਮਾਰ ਵਾਸੀ ਲੁਧਿਆਣਾ, ਸੁਖਵਿੰਦਰ (50) ਵਾਸੀ ਸਹੋਦਾ, ਨੀਰਜ ਚੌਧਰੀ (47) ਵਾਸੀ ਭੰਬੂਤਰ, ਨੀਲਮ (45) ਵਾਸੀ ਬਜੀਰਾ, 64, ਪ੍ਰਿੰ. ਸਿੱਪੂ ਚੱਕ ਵਾਸੀ ਮਮਤਾ (37), ਕਾਵਿਸ਼ (6) ਵਾਸੀ ਦਾਲੋਵਾਲ, ਪ੍ਰੀਤੀ (9) ਵਾਸੀ ਡਾਲੋਵਾਲ, ਗੀਨਾ ਦੇਵੀ (29) ਵਾਸੀ ਹਾਜੀਪੁਰ, ਮਨੀਸ਼ (19) ਵਾਸੀ ਬੁੱਢੇਬਾਦ, ਪ੍ਰੀਤੀ ਰਾਣੀ (30) ਵਾਸੀ ਹਾਜੀਪੁਰ, ਵਿਕਰਮ ਸਿੰਘ (35) ਵਾਸੀ ਭੋਲ ਕਲੋਤਾ, ਮੁਹੰਮਦੂਦੀਨ (41) ਵਾਸੀ ਪਠਾਨਕੋਟ, ਅਰਵਿੰਦ ਕੁਮਾਰ (39) ਵਾਸੀ ਪੰਖੂ, ਸ਼ਫੀ (32) ਵਾਸੀ ਬੁੱਢਾਬਹਾਦ, ਤ੍ਰਿਏਕ ਵਾਸੀ ਬੁੱਢਾਬਹਾਦ (28) ਵਾਸੀ ਅਸ਼ੰ. ਦੇਵੀ (65) ਵਾਸੀ ਬਿਸੋ ਚੱਕ, ਨੀਤੂ ਬਾਲਾ (42) ਵਾਸੀ ਬਿਸੋ ਚੱਕ, ਪੂਜਾ (37) ਵਾਸੀ ਸਮਰਾਲਾ ਚੱਕ, ਨੀਲਮ (29) ਵਾਸੀ ਹਾਜੀਪੁਰ, ਰਾਜ ਰਾਣੀ (55) ਵਾਸੀ ਸਹਿਰਾ, ਸੰਜੀਵ ਸਿੰਘ (45) ਵਾਸੀ ਚੱਕਰਾਲ ਅਤੇ 22 ਸਾਲ ਵਾਸੀ ਮਹਿਰਾਲਾ ਸ਼ਾਮਲ ਹਨ।

## ਚਿੱਟੇ ਨਾਲ ਫੜ੍ਹੀ ਗਈ ਅਮਨਦੀਪ ਕੌਰ ਦੀ ਜ਼ਮਾਨਤ ਰੱਦ, ਤਸਕਰੀ ਤੇ ਆਮਦਨ ਤੋਂ ਵੱਧ ਜਾਇਦਾਦ ਦਾ ਮਾਮਲਾ, ਕਿਹਾ- ਜਾਵਾਂਗੇ ਹਾਈਕੋਰਟ



**ਬਠਿੰਡਾ, 7 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਬਠਿੰਡਾ ਵਿੱਚ ਨਸ਼ਾ ਤਸਕਰੀ ਦੇ ਦੋਸ਼ਾਂ ਵਿੱਚ ਸੁਰਖੀਆਂ ਵਿੱਚ ਆਈ ਪੰਜਾਬ ਪੁਲਿਸ ਦੀ ਬਰਖਾਸਤ ਮਹਿਲਾ ਕਾਂਸਟੇਬਲ ਅਮਨਦੀਪ ਕੌਰ ਨੂੰ ਅਦਾਲਤ ਤੋਂ ਰਾਹਤ ਨਹੀਂ ਮਿਲੀ ਹੈ। ਅਦਾਲਤ ਨੇ ਉਸਦੀ ਜ਼ਮਾਨਤ ਪਟੀਸ਼ਨ ਰੱਦ ਕਰ ਦਿੱਤੀ ਹੈ। ਅਮਨਦੀਪ ਦੇ ਵਕੀਲ ਵਿਸ਼ਵਦੀਪ ਸਿੰਘ ਨੇ ਕਿਹਾ ਕਿ ਅਦਾਲਤ ਦਾ ਹੁਕਮ ਆਉਣ ਤੋਂ ਬਾਅਦ ਉਹ ਹਾਈ ਕੋਰਟ ਦਾ ਦਰਵਾਜ਼ਾ ਖੜਕਾਉਣਗੇ। ਇਸ ਵੇਲੇ ਅਮਨਦੀਪ ਬਠਿੰਡਾ ਜੇਲ੍ਹ ਵਿੱਚ ਬੰਦ ਹੈ। ਵਿਜੀਲੈਂਸ ਬਿਊਰੋ ਦੀ ਟੀਮ ਨੇ ਅਮਨਦੀਪ ਨੂੰ 26 ਮਈ ਨੂੰ ਪਿੰਡ ਬਾਦਲ ਵਿੱਚ ਇੱਕ ਗਾਇਕ ਦੇ ਘਰ ਤੋਂ ਗ੍ਰਿਫ਼ਤਾਰ ਕੀਤਾ ਸੀ। ਪਹਿਲਾਂ ਉਹ ਵਿਜੀਲੈਂਸ ਪੁਲਿਸ ਰਿਮਾਂਡ 'ਤੇ ਸੀ। ਉਸਦੀ ਸਿਹਤ ਵਿਗੜਨ 'ਤੇ ਉਸਨੂੰ ਏਮਜ਼ ਵਿੱਚ ਦਾਖਲ ਕਰਵਾਇਆ ਗਿਆ ਸੀ। ਬਾਅਦ ਵਿੱਚ ਅਦਾਲਤ ਨੇ ਉਸਨੂੰ ਨਿਆਂਇਕ ਹਿਰਾਸਤ ਵਿੱਚ ਜੇਲ੍ਹ ਭੇਜ ਦਿੱਤਾ। ਜ਼ਿਕਰ ਕਰ ਦਈਏ ਕਿ ਪੰਜਾਬ ਪੁਲਿਸ ਦੀ ਏਐਨਟੀਐਫ ਟੀਮ ਨੇ ਜ਼ਿਲ੍ਹਾ ਪੁਲਿਸ ਦੀ ਮਦਦ ਨਾਲ ਅਮਨਦੀਪ ਕੌਰ ਨੂੰ ਬਾਦਲ ਰੋਡ ਤੋਂ ਗ੍ਰਿਫ਼ਤਾਰ ਕੀਤਾ। ਉਸ ਤੋਂ 17.71 ਗ੍ਰਾਮ ਚਿੱਟਾ ਬਰਾਮਦ ਕੀਤਾ ਗਿਆ। ਇਸ ਕਾਰਨ ਡੀਜੀਪੀ ਨੇ ਤੁਰੰਤ ਉਸਨੂੰ ਨੌਕਰੀ ਤੋਂ ਬਰਖਾਸਤ ਕਰ ਦਿੱਤਾ। ਯਾਦ ਕਰਵਾ ਦਈਏ ਕਿ ਲੇਡੀ ਕਾਂਸਟੇਬਲ ਅਮਨਦੀਪ ਕੌਰ ਨੂੰ ਬੁੱਧਵਾਰ ਰਾਤ ਨੂੰ 2 ਅਪ੍ਰੈਲ ਨੂੰ ਬਠਿੰਡਾ ਦੇ ਬਾਦਲ ਰੋਡ ਤੋਂ ਗ੍ਰਿਫ਼ਤਾਰ ਕੀਤਾ ਗਿਆ ਸੀ। ਉਸ ਦੇ ਥਾਰ ਦੇ ਗੀਅਰ ਬਾਕਸ ਵਿੱਚੋਂ 17 ਗ੍ਰਾਮ ਤੋਂ ਵੱਧ ਹੈਰੋਇਨ ਮਿਲੀ ਸੀ। ਇਸ ਤੋਂ ਬਾਅਦ ਆਈਜੀਪੀ ਹੈੱਡਕੁਆਰਟਰ ਸੁਖਚੈਨ ਸਿੰਘ ਗਿੱਲ ਨੇ ਮਹਿਲਾ ਕਾਂਸਟੇਬਲ ਬਾਰੇ ਪੂਰੀ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ ਹੈਰੋਇਨ ਸਮੇਤ ਫੜੀ ਗਈ ਮਹਿਲਾ ਕਾਂਸਟੇਬਲ ਨੂੰ ਐਸਐਸਪੀ ਮਾਨਸਾ ਨੇ ਤੁਰੰਤ ਨੌਕਰੀ ਤੋਂ ਬਰਖਾਸਤ ਕਰ ਦਿੱਤਾ ਹੈ। ਮੁੱਖ ਮੰਤਰੀ ਭਗਵੰਤ ਮਾਨ ਨੇ ਨਸ਼ੀਲੇ ਪਦਾਰਥਾਂ ਸਮੇਤ ਫੜੇ ਗਏ ਕਰਮਚਾਰੀਆਂ ਵਿਰੁੱਧ ਸਖ਼ਤ ਕਾਰਵਾਈ ਕਰਨ ਦੇ ਨਿਰਦੇਸ਼ ਦਿੱਤੇ ਹਨ। ਸਰਕਾਰੀ ਪ੍ਰਕਿਰਿਆ ਦੀ ਪਾਲਣਾ ਕਰਦਿਆਂ ਧਾਰਾ 311 ਤਹਿਤ ਮਹਿਲਾ ਕਾਂਸਟੇਬਲ ਅਮਨਦੀਪ ਕੌਰ ਵਿਰੁੱਧ ਕਾਰਵਾਈ ਕੀਤੀ ਗਈ। ਉਸ ਦੀਆਂ ਸਾਰੀਆਂ ਜਾਇਦਾਦਾਂ ਦੀ ਜਾਂਚ ਕਰਨ ਦੇ ਹੁਕਮ ਦਿੱਤੇ ਗਏ ਸਨ। ਕਿਹਾ ਗਿਆ ਸੀ ਕਿ ਜੇਕਰ ਜਾਇਦਾਦਾਂ ਗੈਰ-ਕਾਨੂੰਨੀ ਪਾਈਆਂ ਜਾਂਦੀਆਂ ਹਨ, ਤਾਂ ਉਹੀ ਕਾਰਵਾਈ ਕੀਤੀ ਜਾਵੇਗੀ ਜੋ ਹੋਰ ਨਸ਼ਾ ਤਸਕਰਾਂ ਦੇ ਮਾਮਲੇ ਵਿੱਚ ਕੀਤੀ ਜਾਂਦੀ ਹੈ।

## ਸਿੱਖ ਕਤਲੇਆਮ ਦੇ ਮਾਮਲੇ 'ਚ ਸੱਜਣ ਕੁਮਾਰ ਦਿੱਲੀ ਦੀ ਅਦਾਲਤ ਅੰਦਰ ਸਖ਼ਤ ਸੁਰੱਖਿਆ ਹੇਠ ਹੋਇਆ ਪੇਸ਼

**ਨਵੀਂ ਦਿੱਲੀ 7 ਜੁਲਾਈ (ਮਨਪ੍ਰੀਤ ਸਿੰਘ ਖਾਲਸਾ):-** ਸਾਬਕਾ ਕਾਂਗਰਸ ਸੰਸਦ ਮੈਂਬਰ ਸੱਜਣ ਕੁਮਾਰ ਨੇ ਦਿੱਲੀ ਦੀ ਇੱਕ ਅਦਾਲਤ ਨੂੰ ਦੱਸਿਆ ਕਿ ਉਹ ਬੇਕਸੂਰ ਹੈ ਅਤੇ ਉਸਨੂੰ ਦੋ ਮਾਮਲਿਆਂ ਵਿੱਚ ਝੂਠਾ ਫਸਾਇਆ ਜਾ ਰਿਹਾ ਹੈ, ਜਿਸ ਵਿੱਚ 1984 ਦੇ ਸਿੱਖ ਵਿਰੋਧੀ ਦੰਗਿਆਂ ਦੌਰਾਨ ਦੋ ਵਿਅਕਤੀਆਂ ਦੀ ਕਥਿਤ ਤੌਰ 'ਤੇ ਹੱਤਿਆ ਕਰ ਦਿੱਤੀ ਗਈ ਸੀ ਅਤੇ ਇੱਕ ਹੋਰ ਵਿਅਕਤੀ ਨੂੰ ਅੱਗ ਲਗਾ ਦਿੱਤੀ ਗਈ ਸੀ। ਮੈਂ ਮੌਕੇ 'ਤੇ ਮੌਜੂਦ ਨਹੀਂ ਸੀ, ਜਾਂਚ ਏਜੰਸੀ ਨੇ ਨਿਰਪੱਖ ਜਾਂਚ ਨਹੀਂ ਕੀਤੀ। ਉਸ ਦੇ ਵਕੀਲ ਨੇ ਰਾਊਸ ਐਵੇਨਿਊ ਅਦਾਲਤ ਦੇ ਵਿਸ਼ੇਸ਼ ਜੱਜ ਡੀਆਈਜੀ ਵਿਨੇ ਸਿੰਘ ਨੂੰ ਦੱਸਿਆ ਕਿ ਉਦੇਸ਼ ਨਵੇਂ ਅਤੇ ਬੇਬੁਨਿਆਦ ਦੋਸ਼ ਲਗਾ ਕੇ ਫਸਾਉਣਾ ਸੀ। ਸ਼ੁਰੂ ਵਿੱਚ, ਕਿਸੇ ਵੀ ਗਵਾਹ ਨੇ ਮੇਰਾ ਨਾਮ ਵੀ ਨਹੀਂ ਲਿਆ ਸੀ। ਦਹਾਕਿਆਂ ਬਾਅਦ, ਮੇਰਾ ਨਾਮ ਲਿਆ ਗਿਆ। ਮੇਰੇ ਵਿਰੁੱਧ ਕੇਸ ਝੂਠਾ ਅਤੇ ਰਾਜਨੀਤਿਕ ਤੌਰ 'ਤੇ ਪ੍ਰੇਰਿਤ ਹੈ। ਜਿਕਰਯੋਗ ਹੈ ਕਿ ਇਸ ਸਬੰਧ ਵਿੱਚ ਫਰਵਰੀ 2015 ਵਿੱਚ ਇੱਕ ਵਿਸ਼ੇਸ਼ ਜਾਂਚ ਟੀਮ ਦੁਆਰਾ ਜਨਕਪੁਰੀ ਅਤੇ ਵਿਕਾਸਪੁਰੀ ਵਿੱਚ ਹਿੰਸਾ ਦੀਆਂ ਸ਼ਿਕਾਇਤਾਂ ਦੇ ਆਧਾਰ 'ਤੇ ਐਫਆਈਆਰ ਦਰਜ ਕੀਤੀਆਂ ਗਈਆਂ ਸਨ। ਜਨਕਪੁਰੀ ਵਿੱਚ, ਸੋਹਣ ਸਿੰਘ ਅਤੇ ਉਸਦੇ ਜਵਾਈ ਅਵਤਾਰ ਸਿੰਘ ਨੂੰ 1 ਨਵੰਬਰ, 1984 ਨੂੰ ਮਾਰ ਦਿੱਤਾ ਗਿਆ ਸੀ, ਜਦੋਂ ਕਿ ਵਿਕਾਸਪੁਰੀ ਵਿੱਚ, ਗੁਰਚਰਨ ਸਿੰਘ ਨੂੰ ਕਥਿਤ ਤੌਰ 'ਤੇ ਅੱਗ ਲਗਾ ਦਿੱਤੀ ਗਈ ਸੀ ਅਤੇ ਗੰਭੀਰ ਰੂਪ ਵਿੱਚ ਸੜ ਗਏ ਸਨ, ਤਿੰਨ ਦਹਾਕਿਆਂ ਤੱਕ ਬਿਸਤਰੇ 'ਤੇ ਪਏ ਰਹੇ। ਅਗਸਤ 2023 ਵਿੱਚ, ਦਿੱਲੀ ਦੀ ਇੱਕ ਅਦਾਲਤ ਨੇ ਦੋਵਾਂ ਮਾਮਲਿਆਂ ਵਿੱਚ ਕਤਲ ਅਤੇ ਅਪਰਾਧਿਕ ਸਾਜ਼ਿਸ਼ ਦੇ ਦੋਸ਼ਾਂ ਨੂੰ ਰੱਦ ਕਰ ਦਿੱਤਾ ਪਰ ਚਾਰਜਸ਼ੀਟ ਵਿੱਚ ਕੁਮਾਰ 'ਤੇ ਹੋਰ ਅਪਰਾਧਾਂ ਦਾ ਦੋਸ਼ ਲਗਾਇਆ, ਜਿਸ ਵਿੱਚ ਮਾਰੂ ਹਥਿਆਰਾਂ ਨਾਲ ਦੰਗੇ ਕਰਨਾ, ਵੱਖ-ਵੱਖ ਸਮੂਹਾਂ ਵਿਚਕਾਰ ਦੁਸ਼ਮਣੀ ਨੂੰ ਉਤਸ਼ਾਹਿਤ ਕਰਨਾ ਅਤੇ ਗੈਰ-ਇਰਾਦਤਨ ਕਤਲ ਕਰਨ ਦੀ ਕੋਸ਼ਿਸ਼ ਸ਼ਾਮਲ ਹੈ। ਸੱਜਣ ਕੁਮਾਰ ਨੇ ਕਿਹਾ ਕਿ ਮੈਂ ਇਹ ਕਾਰਵਾਈ ਕਰਨ ਦਾ ਸੁਪਨਾ ਵੀ ਨਹੀਂ ਸੋਚ ਸਕਦਾ ਸੀ। ਮੇਰੇ ਵਿਰੁੱਧ ਇੱਕ ਵੀ ਸਬੂਤ ਨਹੀਂ ਹੈ ਅਤੇ ਦੰਗਿਆਂ ਦੌਰਾਨ ਸਦਭਾਵਨਾ ਲਿਆਉਣ ਲਈ ਖੂਨਦਾਨ ਕੈਂਪ ਅਤੇ ਸ਼ਾਂਤੀ ਮਾਰਚ ਆਯੋਜਿਤ ਕੀਤੇ ਸਨ। ਵਕੀਲ ਅਨਿਲ ਕੁਮਾਰ ਸ਼ਰਮਾ, ਅਨੁਜ ਸ਼ਰਮਾ ਅਤੇ ਅਪੂਰਵ ਕੁਮਾਰ ਸ਼ਰਮਾ ਰਾਹੀਂ ਬਹਿਸ ਕਰਦੇ ਹੋਏ, ਸੱਜਣ ਕੁਮਾਰ ਨੇ ਅਦਾਲਤ ਦੇ ਸਾਹਮਣੇ ਕਿਹਾ ਮੇਰਾ ਝੂਠ ਫੜਨ ਵਾਲਾ ਟੈਸਟ ਕੀਤਾ ਗਿਆ ਸੀ। ਮੈਂ ਆਪਣੀ ਬੇਗੁਨਾਹੀ ਸਾਬਤ ਕਰਨ ਲਈ ਇਸ ਵਿਚ ਸਵੈ-ਇੱਛਾ ਨਾਲ ਹਿੱਸਾ ਲਿਆ ਸੀ। ਸੱਜਣ ਕੁਮਾਰ ਇਸ ਸਮੇਂ ਤਿਹਾੜ ਜੇਲ੍ਹ ਵਿੱਚ ਬੰਦ ਹੈ ਜਦੋਂ ਦਿੱਲੀ ਹਾਈ ਕੋਰਟ ਨੇ 2018 ਵਿੱਚ ਪਾਲਮ ਕਲੋਨੀ ਦੇ ਰਾਜ ਨਗਰ ਵਿੱਚ ਪੰਜ ਸਿੱਖਾਂ ਦੀ ਹੱਤਿਆ ਅਤੇ ਇੱਕ ਗੁਰਦੁਆਰੇ ਨੂੰ ਸਾੜਨ ਦੇ ਮਾਮਲੇ ਵਿੱਚ ਉਮਰ ਕੈਦ ਦੀ ਸਜ਼ਾ ਸੁਣਾਈ ਸੀ। ਪਿਛਲੇ ਸਾਲ 30 ਅਗਸਤ ਨੂੰ, ਦਿੱਲੀ ਦੀ ਇੱਕ ਅਦਾਲਤ ਨੇ ਪੁਲ ਬੰਗਸ਼ ਗੁਰਦੁਆਰੇ ਨੇੜੇ ਦੰਗਿਆਂ ਦੌਰਾਨ ਤਿੰਨ ਸਿੱਖਾਂ ਦੀ ਹੱਤਿਆ ਨਾਲ ਸਬੰਧਤ ਇੱਕ ਮਾਮਲੇ ਵਿੱਚ ਕੁਮਾਰ ਵਿਰੁੱਧ ਦੋਸ਼ ਤੈਅ ਕਰਨ ਦਾ ਹੁਕਮ ਦਿੱਤਾ ਸੀ। ਚਲ ਰਹੇ ਮਾਮਲੇ ਦੀ ਅਗਲੀ ਸੁਣਵਾਈ 29 ਜੁਲਾਈ ਨੂੰ ਹੋਵੇਗੀ।



## ਦਰਾਬਾਦ ਤੋਂ ਮੋਹਾਲੀ ਪਹੁੰਚੀ ਇੰਡੀਗੋ ਦੀ ਉਡਾਣ ਨੂੰ ਬੰਬ ਨਾਲ ਉਡਾਉਣ ਦੀ ਮਿਲੀ ਧਮਕੀ, ਮੱਚਿਆ ਹੜਕੰਪ




**ਨਵੀਂ ਦਿੱਲੀ, 7 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਹੈਦਰਾਬਾਦ ਤੋਂ ਮੋਹਾਲੀ ਆ ਰਹੀ ਇੱਕ ਉਡਾਣ ਨੂੰ ਬੰਬ ਦੀ ਧਮਕੀ ਮਿਲੀ ਹੈ। ਇਹ ਉਡਾਣ 5 ਜੁਲਾਈ ਨੂੰ ਸਵੇਰੇ 11:58 ਵਜੇ ਮੋਹਾਲੀ ਅੰਤਰਰਾਸ਼ਟਰੀ ਹਵਾਈ ਅੱਡੇ 'ਤੇ ਉਤਰੀ। ਜਦੋਂ ਲੈਂਡਿੰਗ ਤੋਂ ਬਾਅਦ ਇਸਦੀ ਸਫਾਈ ਕੀਤੀ ਜਾ ਰਹੀ ਸੀ ਤਾਂ ਟਾਇਲਟ ਵਿੱਚੋਂ ਇੱਕ ਟਿਸ਼ੂ ਪੇਪਰ ਮਿਲਿਆ। ਇਸ ਟਿਸ਼ੂ ਪੇਪਰ 'ਤੇ ਲਿਖਿਆ ਸੀ ਕਿ ਉਡਾਣ ਦੇ ਅੰਦਰ ਬੰਬ ਹੈ। ਇਹ ਅੰਗਰੇਜ਼ੀ ਭਾਸ਼ਾ ਵਿੱਚ ਲਿਖਿਆ ਸੀ। ਇੰਡੀਗੋ ਫਲਾਈਟ ਨੇ ਇਸ ਬਾਰੇ ਸਥਾਨਕ ਪੁਲਿਸ ਨੂੰ ਸੂਚਿਤ ਕੀਤਾ। ਪੁਲਿਸ ਨੇ ਮੌਕੇ 'ਤੇ ਜਾਂਚ ਕੀਤੀ ਅਤੇ ਗੈਰ-ਕਾਨੂੰਨੀ ਗਤੀਵਿਧੀ ਐਕਟ ਦੇ ਤਹਿਤ ਅਣਪਛਾਤੇ ਲੋਕਾਂ ਵਿਰੁੱਧ ਮਾਮਲਾ ਦਰਜ ਕੀਤਾ। ਪੁਲਿਸ ਹੁਣ ਇਸ ਉਡਾਣ ਵਿੱਚ ਆਏ ਸਾਰੇ ਯਾਤਰੀਆਂ ਦੇ ਡੇਟਾ ਦੀ ਖੋਜ ਕਰ ਰਹੀ ਹੈ, ਤਾਂ ਜੋ ਪੁਲਿਸ ਮੁਲਜ਼ਮਾਂ ਨੂੰ ਲੱਭ ਸਕੇ। ਹੁਣ ਤੱਕ ਪੁਲਿਸ ਨੂੰ ਇਸ ਮਾਮਲੇ ਵਿੱਚ ਕੋਈ ਸੁਰਾਗ ਨਹੀਂ ਮਿਲਿਆ ਹੈ। ਜਦੋਂ ਇੰਡੀਗੋ ਫਲਾਈਟ ਨੂੰ ਸੰਭਾਲਣ ਵਾਲੇ ਇੰਟਰ ਗਲੋਬ ਏਵੀਏਸ਼ਨ ਲਿਮਟਿਡ ਦੇ ਸੁਰੱਖਿਆ ਪ੍ਰਬੰਧਕ ਮਨਮੋਹਨ ਸਿੰਘ ਨਾਲ ਗੱਲ ਕਰਨ ਦੀ ਕੋਸ਼ਿਸ਼ ਕੀਤੀ ਗਈ, ਤਾਂ ਉਨ੍ਹਾਂ ਕਿਹਾ ਕਿ ਉਹ ਇਸ ਮਾਮਲੇ 'ਤੇ ਕੋਈ ਬਿਆਨ ਨਹੀਂ ਦੇ ਸਕਦੇ। ਪੁਲਿਸ ਸੂਤਰਾਂ ਤੋਂ ਮਿਲੀ ਜਾਣਕਾਰੀ ਅਨੁਸਾਰ, ਜਿਸ ਫਲਾਈਟ ਨੂੰ ਬੰਬ ਧਮਾਕੇ ਦੀ ਧਮਕੀ ਦਿੱਤੀ ਗਈ ਸੀ, ਉਸਦਾ ਨੰਬਰ 65 108 ਸੀ। ਇਹ ਹੈਦਰਾਬਾਦ ਤੋਂ ਚੰਡੀਗੜ੍ਹ ਲਈ ਉਡਾਣ ਭਰੀ ਸੀ। ਇਸ ਵਿੱਚ ਕੁੱਲ 227 ਮੈਂਬਰ ਸਨ ਜਿਨ੍ਹਾਂ ਵਿੱਚ 220 ਯਾਤਰੀ, 5 ਚਾਲਕ ਦਲ ਦੇ ਮੈਂਬਰ ਅਤੇ ਦੋ ਪਾਇਲਟ ਸ਼ਾਮਲ ਸਨ। ਇਹ ਫਲਾਈਟ ਚੰਡੀਗੜ੍ਹ ਤੋਂ ਦਿੱਲੀ ਵਾਪਸ ਆਉਣੀ ਸੀ ਅਤੇ ਦਿੱਲੀ ਜਾਣ ਵਾਲੀ ਫਲਾਈਟ ਨੰਬਰ 65 2195 ਸੀ। ਇਸ ਸਬੰਧੀ ਸ਼ਿਕਾਇਤ ਸੁਰੱਖਿਆ ਮੈਨੇਜਰ ਮਨਮੋਹਨ ਸਿੰਘ ਨੇ ਪੁਲਿਸ ਨੂੰ ਦਿੱਤੀ ਹੈ। ਪੁਲਿਸ ਨੇ ਉਸਦੀ ਸ਼ਿਕਾਇਤ 'ਤੇ ਇਹ ਮਾਮਲਾ ਦਰਜ ਕੀਤਾ ਹੈ।




# Pakistan Gurdwara Yatra

**28th October to 7th November 2025**

**Yatra Includes 25+ Gurudwara Sahib Darshan.**

**Accommodation in hotels and travel within Pakistan and Yatra Start to Finish Point in AC Coaches**

ਪਾਕਿਸਤਾਨ
ਵਿਖੇ ਸ੍ਰੀ ਨਨਕਾਣਾ ਸਾਹਿਬ
ਤੋਂ ਇਲਾਵਾ 25 ਹੋਰ
ਗੁਰਦੁਆਰਾ ਸਾਹਿਬਾਨ ਦੇ ਦਰਸ਼ਨ
**£1050**

Important Note: The Jatha will depart from Jalandhar Punjab from 28th October to 7th November 2025 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1050 pounds including visa, transport, hotel stay and break fast and Dinner.

**Note: It does not include flight ticket and insurance, it has to be done by the passenger himself.**

ਜਰੂਰੀ ਨੋਟ : ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 28 ਅਕਤੂਬਰ ਜਲੰਧਰ ਤੋਂ 7 ਨਵੰਬਰ 2025 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਅਤੇ ਰਾਤ ਦੇ ਖਾਣੇ ਸਮੇਤ 1050 ਪੌਂਡ ਹੋਵੇਗਾ।

**ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।**

*-- ਗੁਰੂ ਪੰਥ ਦੇ ਸੇਵਾਦਾਰ --*

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

- ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
  +447976210161
- ਭਾਈ ਬਲਜੀਤ ਸਿਘ ਕੰਗ/Bhai Baljit Singh Kang
  +44 7780 605230
- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
  +44 7568 517223

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear death of conscience is a sure death

Sant Jarnail Singh Ji Khalsa Bhindranwale

www.damdamitaksal.net


ਦਮਦਮੀ ਟਕਸਾਲ ਜਥਾ ਭਿੰਡਰਾਂ (ਮਹਿਤਾ)

ਨਾਮ ਜਪੋ ਕਿਰਤ ਕਰੋ ਵੰਡ ਛੱਕੋ — Naam Japo Kirat Karo Vand Shako

www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥

WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ

Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ

Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ

Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ

Learn Gurmukhi Punjabi

ਗਤਕਾ ਸਿੱਖੋ Learn Gatka

www.damdamitaksal.net



ਆਵਾਜ਼ਿ ਕੌਮ

Daily Newspaper from U.K.

Publisher/Chief Editor

**Raghbir Singh Walsal**

E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I

Contact :

+447458381111

+447976210161

+919729091243




ਭਾਈ ਰਘਵੀਰ ਸਿੰਘ ਵਾਲਸਾਲ ਯੂ.ਕੇ. ਮੁੱਖ ਸੰਪਾਦਕ

Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਦੇਗ ਤੇਗ ਫ਼ਤਿਹ - ਪੰਥ ਕੀ ਜੀਤ

ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਅਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ-ਧੰਨ ਮਾਤਾ ਸਾਹਿਬ ਕੌਰ ਜੀ

# 29ਵਾਂ ਸਲਾਨਾ ਜੋੜ ਮੇਲਾ ਗੁਰਮਤਿ ਸਮਾਗਮ

1 ਨਵੰਬਰ 2025, ਦਿਨ ਸ਼ਨੀਵਾਰ ਨੂੰ ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।



ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਸੋਮਵਾਰ, ਸਵੇਰੇ 10 ਵਜੇ

ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਸ਼ਨੀਵਾਰ, ਸਵੇਰੇ 9 ਵਜੇ

ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

ਨੋਟ : ਇਹ ਸਮਾਗਮ 13 ਦਿਨ ਚੱਲੇਗਾ

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।



ਬੇਨਤੀ ਕਰਤਾ

ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ

ਦਮਦਮੀ ਟਕਸਾਲ ਭਿੰਡਰਾਂ ਵਾਲੇ

ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404

ਸੰਪਰਕ ਨੰਬਰ 98141-27470 84278-66404 73408-35137

ਸ੍ਰੀ ਵਾਹਿਗੁਰੂ ਜੀ ਕੀ ਫਤਿਹ

ਚਰਨ ਸ਼ਰਨ ਗੁਰ ਏਕ ਪੈਂਡਾ ਜਾਇ ਚਲ ਸਤਿਗੁਰੁ ਕੋਟਿ ਪੈਂਡਾ ਆਗੇ ਹੋਇ ਲੇਤ ਹੈ ॥

ਮਨੁੱਖਤਾ ਦੇ ਰਹਿਬਰ ਤਾਰਨਹਾਰ ਜਗਤ ਗੁਰੂ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ

# ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ. ਕੇ.

## ਵੱਲੋਂ ਪਾਕਿਸਤਾਨ ਦੇ ਇਤਿਹਾਸਕ ਸਿੱਖ ਗੁਰਦੁਆਰਾ ਸਾਹਿਬਾਨ ਦੀ ਯਾਤਰਾ

## 28 ਅਕਤੂਬਰ 2025 ਤੋਂ 7 ਨਵੰਬਰ 2025 ਤੱਕ ਹੋਵੇਗੀ



## ਗੁਰੂ ਪਿਆਰੀ ਸਾਧ ਸੰਗਤ ਜੀਓ, ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਿਹ

ਆਪ ਜੀ ਨੂੰ ਇਹ ਜਾਣ ਕੇ ਅਤਿਅੰਤ ਖੁਸ਼ੀ ਹੋਵੇਗੀ ਕਿ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਵੱਲੋਂ ਇੱਕ ਵਿਸ਼ਾਲ ਜਥੇ ਸਮੇਤ ਪਾਕਿਸਤਾਨ ਵਿਖੇ ਸਿੱਖ ਇਤਿਹਾਸਕ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕੀਤੀ ਜਾ ਰਹੀ ਹੈ। ਹਰ ਸਿੱਖ ਆਪਣੀ ਅਰਦਾਸ ਵਿੱਚ ਪੰਥ ਤੋਂ ਵਿਛੜੇ ਹੋਏ ਜਿਨ੍ਹਾਂ ਗੁਰਦੁਆਰਾ ਸਾਹਿਬਾਨ ਦਾ ਜ਼ਿਕਰ ਕਰਦਾ ਹੈ ਉਹਨਾਂ ਦੇ ਦਰਸ਼ਨ ਦੀਦਾਰੇ ਕਰਕੇ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਦਾ ਸੁਨਹਿਰੀ ਮੌਕਾ ਹੈ। ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਨਨਕਾਣਾ ਸਾਹਿਬ ਦੀ ਧਰਤੀ ਤੇ ਮਨਾਉਣ ਦੀਆਂ ਤਿਆਰੀਆਂ ਹੁਣ ਤੋਂ ਹੀ ਆਰੰਭ ਕਰਕੇ ਪਰਿਵਾਰਾਂ ਸਮੇਤ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਾਉਣ ਲਈ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਨਾਲ ਸੰਪਰਕ ਕਰੋ ਜੀ।

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1050**

**Important Note:** The Jatha will depart from Jalandhar Punjab from 28th October to 7th November 2025 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1050 pounds including visa, transport, hotel stay and break fast and Dinner.

**Note: It does not include flight ticket and insurance, it has to be done by the passenger himself.**

**ਜਰੂਰੀ ਨੋਟ :** ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 28 ਅਕਤੂਬਰ ਜਲੰਧਰ ਤੋਂ 7 ਨਵੰਬਰ 2025 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਅਤੇ ਰਾਤ ਦੇ ਖਾਣੇ ਸਮੇਤ 1050 ਪੌਂਡ ਹੋਵੇਗਾ।

ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।

## ਯਾਤਰਾ ਦੌਰਾਨ ਰਿਹਾਇਸ਼ ਦਾ ਪ੍ਰਬੰਧ ਲਗਜ਼ਰੀ ਹੋਟਲ ਵਿੱਚ ਹੋਵੇਗਾ।

ਬ੍ਰਿਟਿਸ਼ ਪਾਸਪੋਰਟ ਲਈ 2 ਫੋਟੋ ਅਤੇ ਇੰਡੀਅਨ ਪਾਸਪੋਰਟ ਵਾਲੇ 2 ਫੋਟੋ, ਐਪਲੀਕੇਸ਼ਨ ਫਾਰਮ ਨਾਲ ਭੇਜੀਆਂ ਜਾਣ।

☛ ਯਾਤਰੀ ਆਪਣੇ ਨਾਮ ਛੇਤੀ ਤੋਂ ਛੇਤੀ ਦਿੱਤੇ ਗਏ ਨੰਬਰਾਂ 'ਤੇ ਨਾਮ ਲਿਖਵਾਉਣ ਦੀ ਕ੍ਰਿਪਾਲਤਾ ਕਰਨ।

☛ ਯਾਤਰੀਆਂ ਦੇ ਪਾਸਪੋਰਟ ਦੀ ਮਿਆਦ ਅਗਲੇ ਸਾਲ ਜੂਨ ਮਹੀਨੇ ਤੱਕ ਜ਼ਰੂਰੀ ਹੈ।

ਪ੍ਰੋਗਰਾਮ ਵਿੱਚ ਅਦਲਾ-ਬਦਲੀ ਕਰਨ ਦੇ ਪ੍ਰਬੰਧਕਾਂ ਦੇ ਹੱਕ ਰਾਖਵੇਂ ਹਨ।

**BOOK YOUR SEATS NOW**

⋆-- ਗੁਰੂ ਪੰਥ ਦੇ ਸੇਵਾਦਾਰ --⋆

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

- ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
  +447976210161
- ਭਾਈ ਬਲਜੀਤ ਸਿੰਘ ਕੰਗ/Bhai Baljit Singh Kang
  +44 7780 605230
- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
  +44 7568 517223

Website : www.nsycuk.com

E-mail : gnstuk@hotmail.com

ਆਵਾਜ਼ਿ ਕੌਮ AWAZE QAUM International Newspaper & WEB TV




ਸ੍ਰੀ ਅਖੰਡ ਪਾਠ ਸਾਹਿਬ

# SRI AKHAND PAATH SAHIB

## 18-20TH JULY 2025

**SRI GURU SINGH SABHA SOUTHALL, PARK AVENUE I UB13AG**

ਸ਼ਹੀਦ ਜਨਰਲ ਲਾਭ ਸਿੰਘ ਮੁਖੀ ਖਾਲਿਸਤਾਨ ਕਮਾਂਡੋ ਫੋਰਸ : ਸ਼ਹੀਦ ਜਨਰਲ ਅਵਤਾਰ ਸਿੰਘ ਬ੍ਰਹਮਾ ਮੁਖੀ ਖਾਲਿਸਤਾਨ ਲਿਬਰੇਸ਼ਨ ਫੋਰਸ : ਸ਼ਹੀਦ ਜਨਰਲ ਗੁਰਜੰਟ ਸਿੰਘ ਬੁਧਸਿੰਘ ਵਾਲਾ ਮੁਖੀ ਖਾਲਿਸਤਾਨ ਲਿਬਰੇਸ਼ਨ ਫੋਰਸ : ਸ਼ਹੀਦ ਭਾਈ ਮਹਿੰਦਰ ਸਿੰਘ ਟੋਰਂਟੋ (ਕੈ ਨੇਡਾ)

**ਸਿੱਖ ਫੈਡਰੇਸ਼ਨ ਯੂ. ਕੇ.**

ਪਰਮਿੰਦਰ ਸਿੰਘ ਬੱਲ ਪ੍ਰਧਾਨ, ਅਜੀਤਪਾਲ ਸਿੰਘ ਸਹੋਤਾ ਜਨਰਲ ਸਕੱਤਰ, ਹਰਮੇਲ ਸਿੰਘ ਖ਼ਾਲਸਾ ਆਰਗੇਨਾਈਜ਼ਰ ਟੈਲੀਫ਼ੋਨ : 07771 608 363, ਈ-ਮੇਲ : PSBAL46@gmail.com

## ⋆ ਸ਼ਹੀਦੀ ਸਮਾਗਮ ⋆

ਸ੍ਰੀ ਆਖੰਡ ਪਾਠ ਦੇ ਭੋਗ ਉਪਰੰਤ - 11 ਵਜੇ ਤੋਂ ਇਕ ਵਜੇ ਤੱਕ ਦੀਵਾਨ ਸਜੇਗਾ। ਪੰਥਕ ਬੁਲਾਰੇ ਸ਼ਹੀਦ ਸਿੰਘਾਂ ਦੀਆਂ ਜੀਵਨੀਆਂ ਤੇ ਵਿਚਾਰ ਰੱਖਣਗੇ। ਸਮੂੰਹ ਪੰਥਕ ਆਗੂਆਂ ਨੂੰ ਖੁੱਲ੍ਹਾ ਸੱਦਾ ਦਿੱਤਾ ਜਾਂਦਾ ਹੈ। ਸੰਗਤਾਂ ਨੂੰ ਹੁੰਮ-ਹੁਮਾ ਕੇ ਪੁੱਜਣ ਦੀ ਅਪੀਲ ਕੀਤੀ ਜਾਂਦੀ ਹੈ।


DAMDAMI TAKSAL
JATHA (UK & EUROPE)
ਅੰਮ੍ਰਿਤ ਸੰਚਾਰ
AMRIT SANCHAR
SOUTHALL
ਆਵਾਜ਼ਿ ਕੌਮ AWAZE QAUM
International Newspaper & WEB TV
SUNDAY 20TH JULY | 1PM
SRI GURU SINGH SABHA SOUTHALL
2-8 PARK AVE | SOUTHALL | UB1 3AG
ਕੇਸੀ ਇਸ਼ਨਾਨ ਕਰਕੇ ਪਹੁੰਚੋ । ਕੱਕਾਰ ਉਪਲਬਧ ਹੋਣਗੇ
ARRIVE AFTER DOING FULL KESI ISHNAAN (BODY & HAIR WASH)
KAKKARS WILL BE AVAILABLE
CONTACT 07940 270 120 FOR MORE DETAILS

ੴ ਸਤਿਗੁਰ ਪ੍ਰਸਾਦਿ

ਸਿਖਹੁ ਸੁਣਹੁ ਸੀਖ ਇਹ ਮੇਰੀ॥ ਬਾਣੀ ਪੜਹੁ ਸੁਧ ਗੁਰ ਕੇਰੀ॥ ਪੜੈ ਮਹਾਤਮ ਲਹੈ ਬਿਸਾਲਾ॥ ਹਲਤ ਪਲਤ ਮਹਿ ਹੋਇ ਨਿਹਾਲਾ॥



# ਗੁਰਦੁਆਰਾ ਸਾਹਿਬ ਰਿਵਰਸਾਈਡ



ਧੰਨ ਧੰਨ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ,
ਧੰਨ ਧੰਨ ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਦੀ 350 ਸਾਲਾ ਗੁਰਤਾਗੱਦੀ ਸ਼ਤਾਬਦੀ ਅਤੇ ਭਾਈ ਮਤੀ ਦਾਸ ਜੀ,
ਭਾਈ ਸਤੀ ਦਾਸ ਜੀ, ਭਾਈ ਦਿਆਲਾ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ





## ਦਮਦਮੀ ਟਕਸਾਲ ਦੇ ਮੌਜੂਦਾ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਵੱਲੋਂ

## ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸੰਗਤਾਂ ਦੇ ਸਹਿਯੋਗ ਨਾਲ

# ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸ਼ੁੱਧ ਪਾਠ ਬੋਧ (ਸੰਥਿਆ) ਸਮਾਗਮ



**ਜੂਨ 29, 2025 ਤੋਂ ਅਗਸਤ 3, 2025 ਤੱਕ**

ਸ਼ਨੀਵਾਰ ਅਤੇ ਐਤਵਾਰ ਦੁਪਹਿਰ 2:00 ਤੋਂ 5:00 ਵਜੇ ਤੱਕ
ਸੋਮਵਾਰ ਤੋਂ ਸ਼ੁੱਕਰਵਾਰ ਸ਼ਾਮ 5:00 ਤੇ 8:00 ਵਜੇ ਤੱਕ



ਸੰਗਤਾਂ ਨੂੰ ਬੇਨਤੀ ਹੈ ਕਿ ਗੁਰਬਾਣੀ ਦੇ ਸ਼ੁੱਧ ਉਚਾਰਨ ਸਿੱਖਣ ਲਈ ਸਮਾਗਮਾਂ ਵਿੱਚ ਸ਼ਾਮਿਲ ਹੋ ਕੇ ਲਾਹਾ ਪ੍ਰਾਪਤ ਕਰੋ ਜੀ

YouTube LIVE STREAM @gurdwarasahibriverside | 951-201-7034, 832-541-9136, 951-685-9701

**7940 Mission Blvd Jurupa Valley 92509**

ਆਵਾਜ਼ਿ ਕੌਮ AWAZE QAUM International Newspaper & WEB TV



--✶ ਗੁਰੂ ਪੰਥ ਦਾ ਸੇਵਾਦਾਰ ✶--

# ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ

## ਮੁਖੀ ਦਮਦਮੀ ਟਕਸਾਲ, ਜਥਾ ਭਿੰਡਰਾਂ, ਮਹਿਤਾ

# ਅਤੇ ਪ੍ਰਧਾਨ ਸੰਤ ਸਮਾਜ

### ਤਖ਼ਤ ਸ੍ਰੀ ਪਟਨਾ ਸਾਹਿਬ ਵੱਲੋਂ ਸੁਖਬੀਰ ਸਿੰਘ ਬਾਦਲ ਨੂੰ ਤਨਖਾਹੀਆ ਕਰਾਰ ਦੇਣਾ

# ਸ੍ਰੀ ਅਕਾਲ ਤਖਤ ਸਾਹਿਬ ਦੀ ਸਰਵਉੱਚਤਾ ਨੂੰ ਚੈਲੰਜ



**ਨਵੀਂ ਦਿੱਲੀ, 7 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਸਰਦਾਰ ਸੁਖਬੀਰ ਸਿੰਘ ਬਾਦਲ ਨਾਲ ਬਹੁਤ ਸਾਰੇ ਮਸਲਿਆਂ ਉੱਤੇ ਸਿਧਾਤਕ ਮਤਭੇਦ ਹਨ ਪਰਾਤੂੰ ਤਖ਼ਤ ਸ੍ਰੀ ਪਟਨਾ ਸਾਹਿਬ ਦੇ ਪੰਜ ਪਿਆਰਿਆਂ ਵੱਲੋਂ ਕੀਤੇ ਗਏ ਗੈਰ ਸਿਧਾਤਕ ਫੈਸਲੇ ਨੂੰ ਮਾਨਤਾ ਦੇਣੀ ਵੀ ਗਲਤ ਹੈ । ਤਖ਼ਤ ਸ੍ਰੀ ਪਟਨਾ ਸਾਹਿਬ ਦੇ ਪੰਜ ਪਿਆਰਿਆਂ ਨੂੰ ਅਗਰ ਇਹ ਲੱਗਦਾ ਹੈ ਕਿ ਸਰਦਾਰ ਸੁਖਬੀਰ ਸਿੰਘ ਬਾਦਲ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਫ਼ਸੀਲ ਤੋ 2 ਦਸੰਬਰ ਨੂੰ ਸੁਣਾਏ ਗਏ ਫੈਸਲਿਆ ਦੀ ਉਲੰਘਣਾ ਕੀਤੀ ਹੈ ਜਾਂ ਉਹਨਾ ਨੂੰ ਇਹ ਲੱਗਦਾ ਹੈ ਕਿ ਉਹਨਾ ਨੇ ਕਿਤੇ ਮਰਿਯਾਦਾ ਦੀ ਉਲੰਘਣਾ ਕੀਤੀ ਹੈ ਤਾ ਉਹਨਾ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਪਾਸ ਅਪਣਾ ਵਿਰੋਧ ਦਰਜ ਕਰਾਉਣਾ ਚਾਹੀਦਾ ਹੈ ਨਾ ਕਿ ਆਪ ਕੋਈ ਫੈਸਲਾ ਕਰਨ । ਤਖ਼ਤ ਸ੍ਰੀ ਪਟਨਾ ਸਹਿਬ ਦੇ ਪੰਜ ਪਿਆਰਿਆਂ ਵੱਲੋਂ ਸਰਦਾਰ ਸੁਖਬੀਰ ਸਿੰਘ ਬਾਦਲ ਨੂੰ ਤਨਖਾਹੀਆ ਕਰਾਰ ਦੇਣਾ ਸ੍ਰੀ ਅਕਾਲ ਤਖਤ ਸਾਹਿਬ ਜੀ ਦੀ ਸਰਵਉੱਚਤਾ ਨੂੰ ਖੁਲੇਆਮ ਚੈਲਿਜ ਹੈ । ਇਹ ਫੈਸਲਾ ਅਪਣੇ ਆਪ ਵਿੱਚ ਗੈਰਸਿਧਾਤਕ ਹੈ ਅਤੇ ਆਪਾ ਧਾਪੀ ਵਾਲਾ ਫੈਸਲਾ ਹੈ । ਇਸ ਫੈਸਲੇ ਨਾਲ ਤਾ ਕੌਮ ਅੰਦਰ ਹੋਰ ਬਹੁਤ ਸਾਰੇ ਵਿਖੇੜੇ ਖੜੇ ਹੋਣਗੇ । ਇਸ ਤਰਾ ਤਾ ਕਿਤੇ ਵੀ ਪੰਜ ਸਿੰਘ ਇਕੱਠੇ ਹੋਇਆ ਕਰਨਗੇ ਅਤੇ ਅਪਣੇ ਵਿਰੋਧੀ ਨੂੰ ਸਿੱਖੀ ਵਿੱਚੋਂ ਖਾਰਜ ਕਰ ਦਿਆ ਕਰਨਗੇ । ਮੇਰੀ ਰਾਏ ਨੂੰ ਅਨੁੰਸਾਰ ਤਖ਼ਤ ਸ੍ਰੀ ਪਟਨਾ ਸਾਹਿਬ ਦੇ ਪੰਜ ਪਿਆਰਿਆਂ ਨੂੰ ਅਪਣਾ ਫੈਸਲਾ ਵਾਪਸ ਲੈ ਲੈਣਾ ਚਾਹੀਦਾ ਹੈ , ਜੇ ਕਰ ਉਹਨਾ ਨੂੰ ਲੱਗਦਾ ਹੈ ਕਿ ਸਖਬੀਰ ਸਿੰਘ ਬਾਦਲ ਕੁੱਝ ਗਲਤ ਕੀਤਾ ਹੈ ਤਾ ਉਹਨਾ ਸ੍ਰੀ ਅਕਾਲ ਤਖ਼ਤ ਸਾਹਿਬ ਉੱਤੇ ਅਪਣਾ ਵਿਰੋਧ ਦਰਜ ਕਰਾਉਣਾ ਚਾਹੀਦਾ।

**ਆਪਾਧਾਪੀ ਦੇ ਫੈਸਲੇ ਕੌਮੀ ਹਿੱਤ ਵਿੱਚ ਨਹੀਂ ਹਨ : ਪੰਜੋਲੀ**

ਆਵਾਜ਼ਿ ਕੌਮ AWAZE QAUM International Newspaper & WEB TV

### ਸਾਕਾ ਨੀਲਾ ਤਾਰਾ 'ਚ ਬ੍ਰਿਟੇਨ ਦੀ ਸ਼ਮੂਲੀਅਤ ਬਾਰੇ

# ਨਿਸ਼ੀਕਾਂਤ ਦੂਬੇ ਦਾ ਦਾਅਵਾ ਸਹੀ: ਪ੍ਰੋ. ਸਰਚਾਂਦ ਸਿੰਘ ਖਿਆਲਾ



**ਅੰਮ੍ਰਿਤਸਰ, 7 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਭਾਜਪਾ ਦੇ ਸੂਬਾਈ ਬੁਲਾਰੇ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਜੂਨ 1984 ਵਿੱਚ ਸ਼੍ਰੀਮਤੀ ਇੰਦਰਾ ਗਾਂਧੀ ਦੀ ਕਾਂਗਰਸ ਸਰਕਾਰ ਦੁਆਰਾ ਸ੍ਰੀ ਹਰਿਮੰਦਰ ਸਾਹਿਬ 'ਤੇ ਕੀਤੇ ਗਏ 'ਹਮਲੇ' ਦੇ ਫ਼ੌਜੀ ਕਾਰਵਾਈ ਦੌਰਾਨ ਬ੍ਰਿਟਿਸ਼ ਫ਼ੌਜ ਦੀ ਸ਼ਮੂਲੀਅਤ ਬਾਰੇ ਭਾਜਪਾ ਸੰਸਦ ਮੈਂਬਰ ਨਿਸ਼ੀਕਾਂਤ ਦੂਬੇ ਦੇ ਦਾਅਵਿਆਂ ਦਾ ਸਮਰਥਨ ਕੀਤਾ ਅਤੇ ਕਿਹਾ ਕਿ ਇਹ ਜਗ ਜ਼ਾਹਿਰ ਹੈ ਅਤੇ ਕੋਈ ਲੁਕੀ ਛੁਪੀ ਗਲ ਨਹੀਂ ਹੈ। ਉਨ੍ਹਾਂ ਨੇ ਕਿਹਾ ਕਿ ਦੇਸ਼ ਦੇ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ 10 ਅਗਸਤ 2023 ਨੂੰ ਲੋਕ ਸਭਾ ਵਿੱਚ ਜੂਨ 84 ਵਿੱਚ ਸ੍ਰੀ ਦਰਬਾਰ ਸਾਹਿਬ 'ਤੇ ਕੀਤੀ ਗਈ ਕਾਰਵਾਈ ਨੂੰ ਪਹਿਲਾਂ ਹੀ 'ਹਮਲਾ' ਕਰਾਰ ਦੇ ਚੁੱਕੇ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

ਪ੍ਰੋ. ਸਰਚਾਂਦ ਸਿੰਘ ਨੇ ਕਿਹਾ ਕਿ ਸ਼੍ਰੀਮਤੀ ਇੰਦਰਾ ਗਾਂਧੀ ਦੁਆਰਾ ਸ਼੍ਰੀ ਦਰਬਾਰ ਸਾਹਿਬ 'ਤੇ ਹਮਲਾ ਰਾਜਨੀਤਿਕ ਤੌਰ 'ਤੇ ਪ੍ਰੇਰਿਤ ਸੀ ਅਤੇ ਇਹ ਉਨ੍ਹਾਂ ਦੀ ਸਭ ਤੋਂ ਵੱਡੀ ਇਤਿਹਾਸਕ ਗ਼ਲਤੀ ਵੀ ਸੀ। ਜੋ ਕਿ ਉਮੀਦ ਨਾਲੋਂ ਕਿਤੇ ਜ਼ਿਆਦਾ ਮਹਿੰਗਾ ਅਤੇ ਵਿਨਾਸ਼ਕਾਰੀ ਸਾਬਤ ਹੋਇਆ। ਸ਼੍ਰੀਮਤੀ ਇੰਦਰਾ ਗਾਂਧੀ ਨੇ ਆਪਣੇ ਰਾਜਨੀਤਿਕ ਉਦੇਸ਼ਾਂ ਲਈ ਆਪਣੇ ਹੀ ਲੋਕਾਂ 'ਤੇ ਭਾਰਤੀ ਫ਼ੌਜ ਦੀ ਬੇਸ਼ਰਮੀ ਨਾਲ ਦੁਰਵਰਤੋਂ ਕਰਕੇ ਸੰਵਿਧਾਨ ਦੀ ਵੀ ਉਲੰਘਣਾ ਕੀਤੀ ਸੀ। ਪੰਜਾਬ ਅਤੇ ਸਿੱਖਾਂ ਦੇ ਹਿੱਤਾਂ ਲਈ ਪੰਜਾਬੀ ਵਾਸੀਆਂ ਵੱਲੋਂ ਆਯੋਜਿਤ ਧਰਮ ਯੁੱਧ ਮੋਰਚੇ ਵਰਗੇ ਲੋਕ ਅੰਦੋਲਨ ਨੂੰ ਦਬਾਉਣ ਲਈ, ਕਾਂਗਰਸ ਦੀ ਇੰਦਰਾ ਸਰਕਾਰ ਨੇ ਬੇਸ਼ਰਮੀ ਨਾਲ ਫ਼ੌਜ ਨੂੰ ਆਪਣੇ ਹੀ ਲੋਕਾਂ ਵਿਰੁੱਧ ਵਰਤਿਆ ਸੀ। ਜਿਸ ਵਿੱਚ ਹਜ਼ਾਰਾਂ ਨਿਰਦੋਸ਼ ਲੋਕਾਂ ਨੇ ਆਪਣੀਆਂ ਜਾਨਾਂ ਗੁਆ ਦਿੱਤੀਆਂ। ਇਸ ਦਾ ਦਰਦ ਅਜੇ ਵੀ ਸਿੱਖ ਮਾਨਸਿਕਤਾ ਵਿੱਚ ਅਮਿੱਟ ਤੌਰ 'ਤੇ ਉੱਕਰਿਆ ਹੋਇਆ ਹੈ ਅਤੇ ਇਹ ਦੁਖਾਂਤ ਸਦੀਆਂ ਤੱਕ ਇੱਕ ਅਭੁੱਲ ਯਾਦ ਰਹੇਗਾ।

ਪ੍ਰੋਫੈਸਰ ਸਰਚਾਂਦ ਸਿੰਘ ਨੇ ਕਿਹਾ ਕਿ ਸ਼੍ਰੀਮਤੀ ਇੰਦਰਾ ਗਾਂਧੀ ਦਾ ਦੇਸ਼ ਦੇ ਅੰਦਰੂਨੀ ਮਾਮਲਿਆਂ ਨੂੰ ਹੱਲ ਕਰਨ ਲਈ ਵਿਦੇਸ਼ੀ ਮਦਦ ਮੰਗਣਾ ਗ਼ੁਲਾਮ ਮਾਨਸਿਕਤਾ ਦਾ ਸਬੂਤ ਸੀ। ਕਾਂਗਰਸ ਪਾਰਟੀ ਵੱਲੋਂ ਸ਼੍ਰੀ ਦੂਬੇ ਵੱਲੋਂ ਬ੍ਰਿਟੇਨ ਦੇ ਵਿਦੇਸ਼ ਅਤੇ ਰਾਸ਼ਟਰਮੰਡਲ ਦਫ਼ਤਰ ਦੇ ਤਤਕਾਲੀ ਨਿੱਜੀ ਸਕੱਤਰ ਬ੍ਰਾਇਨ ਫਾਲ ਅਤੇ ਗ੍ਰਹਿ ਸਕੱਤਰ ਦੇ ਨਿੱਜੀ ਸਕੱਤਰ ਹਿਊ ਟੇਲਰ ਨੂੰ 23 ਫਰਵਰੀ, 1984 ਨੂੰ ਲਿਖੇ ਗੁਪਤ ਪੱਤਰ ਦੀ ਪ੍ਰਮਾਣਿਕਤਾ ਤੋਂ ਇਨਕਾਰ ਕਰਨ ਦੀ ਕੋਸ਼ਿਸ਼ ਸਚਾਈ ਨੂੰ ਨਹੀਂ ਬਦਲ ਸਕੇਗੀ।

ਪ੍ਰੋ. ਸਰਚਾਂਦ ਸਿੰਘ ਨੇ ਕਿਹਾ ਕਿ ਉਕਤ 'ਹਮਲੇ' ਵਿੱਚ ਬਰਤਾਨੀਆ ਦੀ ਤਤਕਾਲੀ ਪ੍ਰਧਾਨ ਮੰਤਰੀ ਮਾਰਗਰੇਟ ਥੈਚਰ ਦੀ ਸਰਕਾਰ ਦੀ ਭੂਮਿਕਾ ਅਤੇ ਅੰਮ੍ਰਿਤਸਰ ਵਿੱਚ ਬ੍ਰਿਟਿਸ਼ ਸਪੈਸ਼ਲ ਏਅਰ ਸਰਵਿਸ ਦੀ ਮੌਜੂਦਗੀ ਦੀ ਜਾਂਚ ਲਈ 2014 'ਚ ਬ੍ਰਿਟਿਸ਼ ਪ੍ਰਧਾਨ ਮੰਤਰੀ ਕੈਮਰੂਨ ਤੋਂ ਮੰਗ ਕੀਤੀ ਗਈ ਸੀ, ਜਿਸ 'ਤੇ, ਤਤਕਾਲੀ ਬ੍ਰਿਟਿਸ਼ ਵਿਦੇਸ਼ ਸਕੱਤਰ ਵਿਲੀਅਮ ਹੇਗ ਨੇ ਹਾਊਸ ਆਫ ਕਾਮਨਜ਼ ਵਿੱਚ ਇਸ 'ਹਮਲੇ' ਵਿੱਚ ਬ੍ਰਿਟਿਸ਼ ਸਰਕਾਰ ਦੀ ਅੰਸ਼ਿਕ ਭੂਮਿਕਾ ਨੂੰ ਸਵੀਕਾਰ ਕੀਤਾ ਸੀ। ਥੈਚਰ ਸਰਕਾਰ ਇੰਦਰਾ ਗਾਂਧੀ ਸਰਕਾਰ ਦੀ ਮਦਦ ਕਰਨ ਅਤੇ 'ਹਮਲੇ' ਦੀ ਯੋਜਨਾ ਬਣਾਉਣ ਵਿੱਚ ਸ਼ਾਮਲ ਸੀ। ਬ੍ਰਿਟਿਸ਼ ਫ਼ੌਜੀ ਸਲਾਹਕਾਰ 8 ਫਰਵਰੀ, 1984 ਤੋਂ 17 ਫਰਵਰੀ, 1984 ਤੱਕ ਭਾਰਤ ਵਿੱਚ ਰਹੇ।

**ਸ਼੍ਰੀਮਤੀ ਇੰਦਰਾ ਗਾਂਧੀ ਦਾ ਦਰਬਾਰ ਸਾਹਿਬ 'ਤੇ 'ਹਮਲਾ' ਰਾਜਨੀਤੀ ਤੋਂ ਪ੍ਰੇਰਿਤ ਸਭ ਤੋਂ ਵੱਡੀ ਇਤਿਹਾਸਕ ਗ਼ਲਤੀ ਅਤੇ ਪਾਪ ਸੀ**

ਉਨ੍ਹਾਂ ਕਿਹਾ ਕਿ ਸੈਨਾ ਦੀ ਦੁਰਵਰਤੋਂ ਬਾਰੇ, ਸਾਬਕਾ ਫ਼ੌਜ ਮੁਖੀ ਜਨਰਲ ਵੀ.ਐਨ. ਸ਼ਰਮਾ, ਜੋ ਕਿ ਉਕਤ ਆਪ੍ਰੇਸ਼ਨ ਦੀ ਸ਼ੁਰੂਆਤ ਸਮੇਂ ਡਾਇਰੈਕਟੋਰੇਟ ਆਫ਼ ਮਿਲਟਰੀ ਆਪ੍ਰੇਸ਼ਨਜ਼ ਵਿੱਚ ਐਡੀਸ਼ਨਲ ਡਾਇਰੈਕਟਰ ਜਨਰਲ ਮਿਲਟਰੀ ਆਪ੍ਰੇਸ਼ਨਜ਼ ਵਜੋਂ ਸੇਵਾ ਨਿਭਾਉਂਦੇ ਸਨ, ਵੱਲੋਂ ਮਹੱਤਵਪੂਰਨ ਖ਼ੁਲਾਸੇ ਕੀਤੇ ਜਾ ਚੁੱਕੇ ਹਨ। ਇਸ ਆਪ੍ਰੇਸ਼ਨ ਨੂੰ ਰਾਜਨੀਤੀ ਤੌਰ 'ਤੇ ਪ੍ਰੇਰਿਤ ਅਤੇ ਸ਼੍ਰੀਮਤੀ ਇੰਦਰਾ ਗਾਂਧੀ ਨੂੰ ਸ੍ਰੀ ਦਰਬਾਰ ਸਾਹਿਬ 'ਤੇ 'ਹਮਲਾ' ਕਰਨ ਲਈ ਬਜ਼ਿਦ ਦੱਸਿਆ। ਜਿਸ ਨੇ ਇਸ ਕੰਮ ਲਈ ਫ਼ੌਜ ਮੁਖੀ ਨੂੰ ਨਜ਼ਰਅੰਦਾਜ਼ ਕਰਦੇ ਹੋਏ, ਪੱਛਮੀ ਫ਼ੌਜ ਦੇ ਕਮਾਂਡਰ ਲੈਫਟੀਨੈਂਟ ਜਨਰਲ ਕੇ. ਸੁੰਦਰ ਜੀ ਨੂੰ ਸ੍ਰੀ ਦਰਬਾਰ ਸਾਹਿਬ ਦੇ ਅੰਦਰ ਫ਼ੌਜ ਭੇਜਣ ਦਾ ਹੁਕਮ ਦਿੱਤਾ। ਉਨਾਂ ਸਾਕਾ ਨੀਲਾ ਤਾਰਾ ਦੀ ਪੂਰੀ ਸਚਾਈ ਲੋਕਾਂ ਸਾਹਮਣੇ ਲਿਆਉਣ ਦੀ ਪ੍ਰਧਾਨ ਮੰਤਰੀ ਮੋਦੀ ਤੋਂ ਅਪੀਲ ਕੀਤੀ ਹੈ। ਤਾਂ ਕਿ ਕਾਂਗਰਸ ਦੀਆਂ ਕਰਤੂਤਾਂ ਲੋਕਾਂ ਸਾਹਮਣੇ ਆ ਸਕਣ।

# ਗੁਰੂ ਨਾਨਕ ਪਬਲਿਕ ਸਕੂਲ ਵਿਖ਼ੇ ਸੀਬੀਐਸਈ ਗਤੀਵਿਧੀ ਤਹਿਤ 'ਸਾਵਣ' ਕਵਿਤਾ ਦੇ ਰਾਹੀ ਤੀਆਂ ਦੇ ਤਿਉਹਾਰ ਦੀ ਮਹੱਤਤਾ ਨੂੰ ਕੀਤਾ ਗਿਆ ਉਜਾਗਰ

**ਨਵੀਂ ਦਿੱਲੀ 7 ਜੁਲਾਈ (ਮਨਪ੍ਰੀਤ ਸਿੰਘ ਖਾਲਸਾ)**:- ਹਰ ਰੁੱਤ ਤੇ ਮਹੀਨੇ ਦੀ ਆਪਣੀ ਵੱਖਰੀ ਪਛਾਣ ਹੈ।ਸਾਵਣ ਦਾ ਮਹੀਨਾ ਤੀਆਂ ਦੇ ਤਿਓਹਾਰ ਲਈ ਜਾਣਿਆ ਜਾਂਦਾ ਹੈ। ਤੀਆਂ ਦਾ ਤਿਓਹਾਰ ਇਸ ਮਹੀਨੇ ਦੀ ਰੂਹ ਹੈ। ਮੌਜੂਦਾ ਸਮੇਂ ਵਿਚ ਭਾਵੇਂ ਤੀਆਂ ਦੇ ਤਿਓਹਾਰ ਦਾ ਸਰੂਪ ਬਦਲ ਗਿਆ ਹੈ, ਪਰ ਪੰਜਾਬਣਾਂ ਦੇ ਮਨਾਂ ਵਿਚ ਤੀਆਂ ਲਈ ਜੋਸ਼ ਬਰਕਰਾਰ ਹੈ। ਗੁਰੂ ਨਾਨਕ ਪਬਲਿਕ ਸਕੂਲ ਰਾਜੌਰੀ ਗਾਰਡਨ ਵਿਖ਼ੇ ਸੀ ਬੀ ਐਸ ਈ ਗਤੀਵਿਧੀ ਤਹਿਤ "ਸਾਵਣ" ਕਵਿਤਾ ਦੇ ਰਾਹੀ ਤੀਆਂ ਦੇ ਤਿਉਹਾਰ ਦੀ ਮਹੱਤਤਾ ਨੂੰ ਉਜਾਗਰ ਕੀਤਾ ਗਿਆ ।ਸਕੂਲ ਦੀ ਜਮਾਤ ਦਸਵੀਂ ਦੀ ਵਿਦਿਆਰਥਣ ਈਸਵੀਨ ਕੌਰ ਨੇ "ਸਾਵਣ" ਕਵਿਤਾ ਰਾਹੀਂ ਇਸ ਤਿਉਹਾਰ ਦੀ ਮਹੱਤਤਾ ਨੂੰ ਉਜਾਗਰ ਕਰਦੇ ਹੋਏ ਦੱਸਿਆ ਕਿ ਜਦੋਂ ਜੇਠ ਹਾੜ੍ਹ ਦੀ ਗਰਮੀ ਦੀ ਲੂਅ ਸਾਰੇ ਉੱਤਰੀ ਭਾਰਤ ਨੂੰ ਆਪਣੀ ਲਪੇਟ ਵਿਚ ਲੈ ਲੈਂਦੀ ਹੈ ਤਾਂ ਫਿਰ ਲੋਕਾਈ ਨੂੰ ਸਾਵਣ ਮਹੀਨੇ ਦੀ ਬੇਸਬਰੀ ਨਾਲ ਉਡੀਕ ਹੁੰਦੀ ਹੈ। ਜਦੋਂ ਕੋਈ ਬੱਦਲੀ ਅਚਾਨਕ ਵਰ੍ਹਦੀ ਹੈ ਜਾਂ ਆਕਾਸ਼ ਵਿਚ ਕਿਸੇ ਪਾਸਿਓਂ ਬੱਦਲਾਂ ਦੀ ਘਟਾ ਚੜ੍ਹ ਕੇ ਆਉਂਦੀ ਹੈ ਅਤੇ ਫਿਜ਼ਾ ਵਿਚ ਬੱਦਲਾਂ ਦੀ ਗੜਗੜਾਹਟ ਪੈਦਾ ਹੁੰਦੀ ਹੈ ਤਾਂ ਗਰਮੀ ਦੇ ਸਤਾਏ ਲੋਕਾਂ ਵਿਚ ਨਵਾਂ ਜੋਸ਼ ਤੇ ਨਵੀਂ ਉਮੰਗ ਪੈਦਾ ਹੋ ਜਾਂਦੀ ਹੈ। ਪੰਛੀ ਚਹਿਕ ਉੱਠਦੇ ਹਨ। ਜਦੋਂ ਸਾਵਣ ਦਾ ਮੀਂਹ ਵਰ੍ਹਦਾ ਹੈ ਤਾਂ ਫਿਰ ਚਾਰੇ ਪਾਸੇ ਬਨਸਪਤੀ ਮਹਿਕ ਉੱਠਦੀ ਹੈ। ਹਰਿਆਲੀ ਪੈਦਾ ਹੋ ਜਾਂਦੀ ਹੈ। ਸੂਰਜ ਦੀ ਲੋਅ ਨਾਲ ਤੜਫ਼ਦੀ ਧਰਤੀ ਦੀ ਹਿੱਕ ਮੀਂਹ ਪੈਣ ਨਾਲ ਠਰ ਜਾਂਦੀ ਹੈ। ਰੁੱਖਾਂ 'ਤੇ ਨਿਖਾਰ ਆ ਜਾਂਦਾ ਹੈ। ਕਿਸਾਨ ਜੋ ਸੁੱਕਦੀਆਂ ਮੁਰਝਾਉਂਦੀਆਂ ਫ਼ਸਲਾਂ ਦੇਖ ਕੇ ਖ਼ੁਦ ਵੀ ਮੁਰਝਾਇਆ ਹੁੰਦਾ ਹੈ, ਵੀ ਬੱਦਲਾਂ ਦੀ ਘਟਾ ਦੇਖਦਿਆਂ ਝੂਮ ਉੱਠਦਾ ਹੈ। ਸਾਵਣ ਮਨਾਂ ਵਿਚ ਚੰਚਲਤਾ ਪੈਦਾ ਕਰਦਾ ਹੈ। ਇਸ ਤਰ੍ਹਾਂ ਚਾਰੇ ਪਾਸੇ ਸਾਨੂੰ ਕੁਦਰਤ ਦੇ ਕਾਦਰ ਦੀਆਂ ਸਿਫ਼ਤਾਂ ਵਿਚ ਪਿਆਰੇ ਗੀਤ ਸੁਣਨ ਨੂੰ ਮਿਲਦੇ ਹਨ ।ਸਾਵਣ ਦੇ ਮਹੀਨੇ ਵਿੱਚ ਕੁੜੀਆਂ ਤੀਆਂ ਦਾ ਤਿਉਹਾਰ ਮਨਾਉਂਦੀਆਂ ਹਨ। ਚਾਰੋਂ ਪਾਸੇ ਦਾ ਮਾਹੌਲ ਬਹੁਤ ਸੁਹਾਵਣਾ ਅਤੇ ਖੁਸ਼ਨੁਮਾ ਹੋ ਜਾਂਦਾ ਹੈ। ਘਰ ਘਰ ਵਿੱਚ ਖੀਰ ਤੇ ਪੂੜੇ ਬਣਦੇ ਹਨ, ਲੋਕੀ ਰਲ ਮਿਲ ਕੇ ਨੱਚਦੇ ਟੱਪਦੇ ਹਨ ਅਤੇ ਖੁਸ਼ੀਆਂ ਮਨਾਉਂਦੇ ਹਨ ।ਸਾਉਣ ਦਾ ਮਹੀਨਾ ਚੜ੍ਹਦਿਆਂ ਸਾਰ ਹੀ ਦੇਸ਼ ਵਿਚ ਤਿਓਹਾਰਾਂ ਤੇ ਮੇਲਿਆਂ ਦੀ ਸ਼ੁਰੂਆਤ ਹੋ ਜਾਂਦੀ ਹੈ। ਤਿਓਹਾਰ ਭਾਰਤੀ ਸੱਭਿਆਚਾਰ ਦਾ ਅਨਿੱਖੜਵਾਂ ਅੰਗ ਹਨ, ਇਹ ਸਾਡੀ ਏਕਤਾ, ਇਕਜੁੱਟਤਾ ਤੇ ਭਾਈਚਾਰਕ ਸਾਂਝ ਦਾ ਪ੍ਰਤੀਕ ਹਨ।



ਆਵਾਜ਼ਿ ਕੌਮ AWAZE QAUM International Newspaper & WEB TV

# ਆਓ ਧਰਤੀ ਨੂੰ ਮਨੁੱਖ ਦੇ ਜਿਊਣ ਲਾਇਕ ਬਣਾਈਏ : ਡਾ. ਪਰਮਿੰਦਰ ਸਿੰਘ ਵਾਰੀਆ






**ਧਰਤੀ** ਜਿਸ ਤੇ ਕਰੋੜਾਂ ਲੋਕਾਂ ਅਤੇ ਜੀਵ ਜੰਤੂਆਂ ਦੇ ਰੈਣ ਬਸੇਰੇ ਹਨ ਇਹਨਾਂ ਦੇ ਜਿਉਣ ਲਈ ਕੁਦਰਤ ਨੇ ਇਕ ਉਚਿਤ ਮਾਤਰਾ ਵਿਚ ਕੁਦਰਤੀ ਬਨਸਪਤੀ ਦੀ ਸਿਰਜਣਾਂ ਕੀਤੀ ਸੀ ਪਰੰਤੂ ਇਨਸਾਨ ਨੇ ਆਪਣੇ ਲਾਲਚਾਂ ਦੀ ਪੂਰਤੀ ਲਈ ਵਾਤਾਵਰਣ ਪ੍ਰਬੰਧਨ ਦੀ ਧੱਜੀਆਂ ਉਧੇੜ ਕੇ ਰੱਖ ਦਿੱਤੀਆਂ ਆਓ ਇਸ ਧਰਤੀ ਨੂੰ ਇਨਸਾਨ ਦੇ ਜਿਉਣ ਲਾਇਕ ਬਨਾਉਣ ਲਈ ਵੱਧ ਤੋਂ ਵੱਧ ਬੂਟੇ ਲਗਾ ਕੇ ਇਸ ਨੂੰ ਹਰੀਆਂ ਭਰਿਆ ਬਣਾਈਏ ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਡਾ ਪਰਮਿੰਦਰ ਸਿੰਘ ਵਾਰੀਆ,ਮੁਖੀ ਸਿਹਤ ਸੇਵਾਵਾਂ ,ਏਕ ਨੂਰ ਸਵੈ ਸੇਵੀ ਸੰਸਥਾ ਪਠਲਾਵਾ ਵਲੋਂ ਪਿੰਡ ਪਠਲਾਵਾ ਦੇ ਕਿਸੇ ਜਨਤਕ ਸਥਾਨ ਤੇ ਸੰਸਥਾ ਦੇ ਬੇਹੱਦ ਸਫ਼ਲ ਪਰੌਜੈਕਟ ਸਾਂਝੀਆਂ ਛਾਵਾਂ ਤਹਿਤ ਵੱਖ ਵੱਖ ਕਿਸਮ ਦੇ ਬੂਟੇ ਲਗਾਉਂਦਿਆਂ ਸੰਸਥਾ ਦੇ ਸੇਵਾਦਾਰਾਂ ਨਾਲ ਮਖਾਤਿਵ ਹੁੰਦਿਆਂ ਕਹੇ।

ਆਵਾਜ਼ਿ ਕੌਮ AWAZE QAUM International Newspaper & WEB TV

ਡਾ ਸਾਹਿਬ ਨੇ ਅੱਗੇ ਕਿਹਾ ਕਿ ਭਾਵੇ ਇਨਸਾਨ ਨੇ ਆਰਥਿਕ ਤਰੱਕੀ ਤੇ ਚੱਲਦਿਆਂ ਵੱਡੇ ਵੱਡੇ ਮਹਿਲ ਮਕਾਨ ਤਾਂ ਬਣਾ ਲਏ ਪਰ ਉਹਨਾਂ ਦਰੱਖਤਾਂ ਦਾ ਉਜਾੜਾ ਕਰ ਦਿਤਾ ਜਿਹੜੇ ਸਾਨੂੰ ਦਿਨ ਰਾਤ ਆਕਸੀਜਨ ਵੰਡਦੇ ਸਨ । ਡਾ ਸਾਹਿਬ ਨੇ ਚਿੰਤਾ ਪ੍ਰਗਟ ਕਰਦਿਆਂ ਆਖਿਆ ਕਿ ਕੁਦਰਤੀ ਸਿਸਟਮ ਨਾਲ ਕੀਤੀ ਜਾ ਰਹੀ ਛੇੜਛਾੜ ਅੱਜ ਦੇ ਮਨੁੱਖ ਨੂੰ ਤਬਾਹੀ ਵੱਲ ਲਿਜਾ ਰਹੀ ਹੈ। ਬੂਟੇ ਲਗਾਉਣ ਦੀ ਇਸ ਮੁਹਿੰਮ ਸਮੇਂ ਸੰਸਥਾ ਦੇ ਚੇਅਰਮੈਨ ਸ ਇੰਦਰਜੀਤ ਸਿੰਘ ਵਾਰੀਆ, ਸੀਨੀਅਰ ਉਪ ਚੇਅਰਮੈਨ ਸ ਤਰਲੋਚਨ ਸਿੰਘ ਵਾਰੀਆ, ਪ੍ਰਧਾਨ ਸ ਬਲਵੀਰ ਸਿੰਘ ਯੂ ਕੇ ਸਾਹਿਬ, ਸਰਪ੍ਰਸਤ ਸ ਬਲਵੀਰ ਸਿੰਘ ਐਕਸ ਆਰਮੀ, ਜਨਰਲ ਸਕੱਤਰ ਮਾ ਤਰਲੋਚਨ ਸਿੰਘ ਪਠਲਾਵਾ,ਸੰਸਥਾ ਦੇ ਬੁਲਾਰੇ ਅਤੇ ਵਿੱਤ ਸਕੱਤਰ ਲੈਕਚਰਾਰ ਤਰਸੇਮ ਪਠਲਾਵਾ,ਸੰਸਥਾ ਦੇ ਪ੍ਰੈਸ ਸਕੱਤਰ ਜੀ ਚੰਨੀ ਪਠਲਾਵਾ, ਮੀਡੀਆ ਇੰਚਾਰਜ ਹਰਜੀਤ ਸਿੰਘ ਜੀਤਾ, ਰਜਿੰਦਰ ਸਿੰਘ ਜਿੰਦਾ ਅਤੇ ਸੰਸਥਾ ਦਾ ਵਰਕਰ ਦੀਪ ਚੰਦ ਬਰੇਲੀ ਹਾਜ਼ਰ ਸੀ। ਸੰਸਥਾ ਵਲੋਂ ਅੱਜ 38 ਬੂਟੇ ਲਗਾਏ ਗਏ

**ਵਿਸ਼ੇਸ਼ ਰਿਪੋਰਟ : ਹਰਪ੍ਰੀਤ ਸਿੰਘ ਪਠਲਾਵਾ**

## ਕਵਿਤਾ (ਮਾਂ)



ਕਈਆਂ ਨੇ ਸੀ ਮੈਨੂੰ ਰੋਕਿਆ ਟੋਕਿਆ,  
ਤੇ ਕਈ ਮੇਰੇ 'ਤੇ ਸੱਚਮੁਚ ਹੱਸੇ ਸੀ।  
ਉਹਨੇ ਫਿਰ ਸੀ ਮੈਨੂੰ ਦਿੱਤਾ ਥਾਪੜਾ,  
ਜਦ ਆਹ ਬੋਲ ਬਾਪੂ ਨੂੰ ਦੱਸੇ ਸੀ।  
ਕਹਿੰਦੀ ਲੜਦਾ ਰਹੀ ਕਿਸਮਤ ਨਾਲ,  
ਮਿਹਨਤੀ ਬੰਦਾ ਕਦੇ ਹਰਦਾ ਨਈ।  
ਐਸੇ ਸੁਣਾਏ ਮੈਨੂੰ ਬੋਲ ਮੇਰੀ ਬੇਬੇ ਨੇ,  
ਹੁਣ ਹਰਪਾਲ ਕਿਸੇ ਤੋਂ ਡਰਦਾ ਨਈ।  
ਰੱਬ ਤੋਂ ਪਹਿਲਾਂ ਖੜ੍ਹੀ ਹੋਵੇ ਉਹ ਜਿੱਥੇ,  
ਦੁਨੀਆਂ ਦੀ ਸਭ ਤੋਂ ਮਹਿੰਗੀ ਥਾਂ ਹੁੰਦੀ ਐ।  
ਸੁਣ ਲਵੇ ਰੱਬ ਤੋਂ ਪਹਿਲਾਂ ਜੋ ਅਰਦਾਸਾਂ ਨੂੰ,  
ਹਰਪਾਲ ਲਿਖਾਰੀ! ਉਹ ਮਾਂ ਹੁੰਦੀ ਐ।  
ਉਹ ਮੇਰੀ ਮਾਂ ਹੁੰਦੀ ਐ।

**-ਹਰਪਾਲ ਸਿੰਘ ਲਿਖਾਰੀ, ਸੇਮਾਂ ਕਲਾਂ (ਬਠਿੰਡਾ)**  
**ਪੇਸ਼ਕਸ਼: ਗੁਰਜੰਟ ਸਿੰਘ ਨਥੇਹਾ**

# ਵਿਧਾਇਕ ਡਾ. ਅਜੇ ਗੁਪਤਾ ਨੇ ਡਿਪਟੀ ਕਮਿਸ਼ਨਰ, ਨਗਰ ਨਿਗਮ ਕਮਿਸ਼ਨਰ ਅਤੇ ਅਧਿਕਾਰੀਆਂ ਨਾਲ ਮੀਟਿੰਗ ਕੀਤੀ

**ਅੰਮ੍ਰਿਤਸਰ, 7 ਜੁਲਾਈ : (ਹਰਪਾਲ ਸਿੰਘ ਭੰਗੂ ਮਿੰਟੂ ਅਰੋੜਾ)**-ਕੇਂਦਰੀ ਵਿਧਾਨ ਸਭਾ ਹਲਕੇ ਦੇ ਵਿਧਾਇਕ ਡਾ. ਅਜੇ ਗੁਪਤਾ ਨੇ ਅੱਜ ਡਿਪਟੀ ਕਮਿਸ਼ਨਰ ਸ਼੍ਰੀਮਤੀ ਸਾਕਸ਼ੀ ਸਾਹਨੀ, ਨਗਰ ਨਿਗਮ ਕਮਿਸ਼ਨਰ ਗੁਲਪ੍ਰੀਤ ਸਿੰਘ ਔਲਖ, ਪੀਐਸਪੀਸੀਐਲ ਅਧਿਕਾਰੀਆਂ, ਨਗਰ ਨਿਗਮ ਅਧਿਕਾਰੀਆਂ ਅਤੇ ਹੋਰ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਕੀਤੀ। ਵਿਧਾਇਕ ਡਾ. ਅਜੇ ਗੁਪਤਾ ਨੇ ਕਿਹਾ ਕਿ ਕੇਂਦਰੀ ਵਿਧਾਨ ਸਭਾ ਹਲਕੇ ਦੀਆਂ ਸਾਰੀਆਂ ਸਮੱਸਿਆਵਾਂ ਦਾ ਹੱਲ ਪੱਕੇ ਤੌਰ ਤੇ ਕੀਤਾ ਜਾਵੇ ਤਾਂ ਜੋ ਲੋਕਾਂ ਨੂੰ ਕਿਸੇ ਕਿਸਮ ਦੀ ਮੁਸ਼ਕਲ ਪੇਸ਼ ਨਾ ਆਵੇ। ਉਨ੍ਹਾਂ ਅਧਿਕਾਰੀਆਂ ਨੂੰ ਲੋਕਾਂ ਨੂੰ ਦਰਪੇਸ਼ ਸਮੱਸਿਆਵਾਂ ਬਾਰੇ ਜਾਣਕਾਰੀ ਦਿੱਤੀ। ਜਿਸ ਵਿੱਚ ਜਿਹੜੇ ਟਿਊਬਵੈੱਲ ਕੰਮ ਨਹੀਂ ਕਰ ਰਹੇ ਹਨ, ਉਨ੍ਹਾਂ ਨੂੰ ਇੱਕ ਹਫ਼ਤੇ ਦੇ ਅੰਦਰ-ਅੰਦਰ ਸਹੀ ਕਰਨ ਲਈ ਕਿਹਾ ਗਿਆ। ਉਨ੍ਹਾਂ ਅਧਿਕਾਰੀਆਂ ਨੂੰ ਕੇਂਦਰੀ ਵਿਧਾਨ ਸਭਾ ਹਲਕੇ ਵਿੱਚ ਖਰਾਬ ਲਗਭਗ 383 ਸਟਰੀਟ ਲਾਈਟ ਪੁਆਇੰਟਾਂ ਦੀ ਜਲਦੀ ਤੋਂ ਜਲਦੀ ਸਹੀ ਕਰਨ ਦੇ ਨਿਰਦੇਸ਼ ਵੀ ਦਿੱਤੇ। ਵਿਧਾਇਕ ਡਾ. ਅਜੇ ਗੁਪਤਾ ਨੇ ਸ੍ਰੀ ਦਰਬਾਰ ਸਾਹਿਬ ਵੱਲ ਜਾਣ ਵਾਲੇ 4 ਰਾਡੀਅਲਸ ਰੋਡ ਨੂੰ ਸ਼ੁਰੂ ਕਰਨ ਲਈ ਨਿਗਮ ਕਮਿਸ਼ਨਰ ਨਾਲ ਵਿਸਥਾਰਪੂਰਵਕ ਗੱਲਬਾਤ ਕੀਤੀ। ਨਿਗਮ ਕਮਿਸ਼ਨਰ ਗੁਲਪ੍ਰੀਤ ਸਿੰਘ ਔਲਖ ਨੇ ਕਿਹਾ ਕਿ ਇਨ੍ਹਾਂ ਸੜਕਾਂ ਨੂੰ ਬਣਾਉਣ ਲਈ ਨਿਗਮ ਵੱਲੋਂ ਇੱਕ ਆਰਕੀਟੈਕਟ ਨੂੰ ਨਿਯੁਕਤ ਕੀਤਾ ਗਿਆ ਹੈ। ਆਰਕੀਟੈਕਟ ਵੱਲੋਂ ਇਨ੍ਹਾਂ ਸੜਕਾਂ ਦੇ ਡਰਾਇੰਗ ਬਣਾਏ ਜਾ ਰਹੇ ਹਨ।

### ਸਿੱਖਿਆ ਕ੍ਰਾਂਤੀ ਦੀ ਸ਼ੁਰੂਆਤ ਨਾਲ ਪੰਜਾਬ ਵੱਲੋਂ ਕੌਮੀ ਸਰਵੇਖਣ 'ਚ

# ਸਰਵੋਤਮ ਦਰਜਾ ਹਾਸਲ-ਅਰਵਿੰਦ ਕੇਜਰੀਵਾਲ ਵੱਲੋਂ ਮੁੱਖ ਮੰਤਰੀ ਮਾਨ ਨੂੰ ਵਧਾਈ




**ਸੰਗਰੂਰ ( ਰਣਜੀਤ ਸਿੰਘ ਪੇਧਨੀ )**-ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਨੇ ਅੱਜ ਸੂਬੇ ਵਿੱਚ ਸਿੱਖਿਆ ਕ੍ਰਾਂਤੀ ਦੇ ਨਵੇਂ ਯੁੱਗ ਦੀ ਸ਼ੁਰੂਆਤ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਨ੍ਹਾਂ ਯਤਨਾਂ ਸਦਕਾ ਭਾਰਤ ਸਰਕਾਰ ਵੱਲੋਂ ਪਰਖ ਰਾਸ਼ਟਰੀਆ ਸਰਵੇਖਣ (ਨੈਸ਼ਨਲ ਅਚੀਵਮੈਂਟਟ ਸਰਵੇ) ਵਿੱਚ ਪੰਜਾਬ ਨੇ ਸਰਵੋਤਮ ਦਰਜਾ ਹਾਸਲ ਕੀਤਾ ਹੈ।

ਨੈਸ਼ਨਲ ਅਚੀਵਮੈਂਟਸ ਸਰਵੇ (ਐਨ.ਏ.ਐਸ.) ਵਿੱਚ ਪੰਜਾਬ ਦੀ ਸ਼ਾਨਦਾਰ ਪ੍ਰਾਪਤੀ ਦੇ ਮਾਣ ਵਿੱਚ ਰੱਖੇ ਸਮਾਗਮ ਦੌਰਾਨ ਇਕੱਠ ਨੂੰ ਸੰਬੋਧਨ ਕਰਦਿਆਂ ਅਰਵਿੰਦ ਕੇਜਰੀਵਾਲ ਨੇ ਕਿਹਾ ਕਿ ਪੰਜਾਬ ਦੇ ਸਿੱਖਿਆ ਖੇਤਰ ਵਿੱਚ ਇਸ ਇਤਿਹਾਸਕ ਦਿਨ ਦਾ ਹਿੱਸਾ ਬਣਨਾ ਉਨ੍ਹਾਂ ਲਈ ਬਹੁਤ ਮਾਣ ਅਤੇ ਤਸੱਲੀ ਵਾਲੀ ਗੱਲ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੇ ਯਤਨਾਂ ਸਦਕਾ ਸੂਬੇ ਨੇ ਨੈਸ਼ਨਲ ਅਚੀਵਮੈਂਟ ਸਰਵੇ-2024 ਵਿੱਚ ਸਰਵੋਤਮ ਪ੍ਰਦਰਸ਼ਨ ਕੀਤਾ ਹੈ। ਅਰਵਿੰਦ ਕੇਜਰੀਵਾਲ ਨੇ ਕਿਹਾ ਕਿ ਇਹ ਪੰਜਾਬੀਆਂ ਲਈ ਬਹੁਤ ਮਾਣ ਵਾਲੀ ਗੱਲ ਹੈ ਕਿ ਇਸ ਸੂਬੇ ਨੇ ਦੇਸ਼ ਭਰ ਵਿੱਚ ਮੋਹਰੀ ਸਥਾਨ ਪ੍ਰਾਪਤ ਕੀਤਾ ਹੈ।

> **ਨਸ਼ਿਆਂ ਨੂੰ ਜੜ੍ਹੋਂ ਖਤਮ ਕਰਨਾ, ਬੱਚਿਆਂ ਨੂੰ ਮਿਆਰੀ ਸਿੱਖਿਆ ਦੇਣਾ ਅਤੇ ਨੌਜਵਾਨਾਂ ਨੂੰ ਨੌਕਰੀਆਂ ਅਤੇ ਕਾਰੋਬਾਰ ਲਈ ਮੌਕੇ ਪ੍ਰਦਾਨ ਕਰਨਾ ਆਪ ਸਰਕਾਰ ਦੀਆਂ ਤਿੰਨ ਪ੍ਰਮੁੱਖ ਤਰਜੀਹਾਂ**

ਅਰਵਿੰਦ ਕੇਜਰੀਵਾਲ ਨੇ ਕਿਹਾ ਕਿ ਇਸ ਨੂੰ ਅਸਲ ਕ੍ਰਾਂਤੀ ਕਿਹਾ ਜਾ ਸਕਦਾ ਹੈ ਕਿਉਂਕਿ ਪਿਛਲੀਆਂ ਸਰਕਾਰਾਂ ਦੌਰਾਨ ਸ਼ਾਨਦਾਰ ਪ੍ਰਾਪਤੀਆਂ ਕਰਨ ਦੇ ਬਾਵਜੂਦ ਅਣਗੌਲੇ ਜਾਂਦੇ ਰਹੇ ਅਧਿਆਪਕ ਅੱਜ ਮੁੱਖ ਮੰਤਰੀ ਨਾਲ ਸਿੱਧਾ ਸੰਵਾਦ ਰਚਾ ਰਹੇ ਹਨ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਨੇ ਸਿੱਖਿਆ ਖੇਤਰ ਦੀ ਤਰੱਕੀ ਲਈ ਅਨੁਕੂਲ ਮਾਹੌਲ ਪ੍ਰਦਾਨ ਕੀਤਾ ਹੈ ਅਤੇ ਅਧਿਆਪਕਾਂ ਨੇ ਵੀ ਇਸ ਦੀ ਵਰਤੋਂ ਹਰ ਖੇਤਰ ਵਿੱਚ ਉੱਤਮਤਾ ਪ੍ਰਾਪਤ ਕਰਨ ਲਈ ਕੀਤੀ ਹੈ ਤਾਂ ਜੋ ਵਿਦਿਆਰਥੀਆਂ ਨੂੰ ਇਸ ਤੋਂ ਬਹੁਤ ਲਾਭ ਮਿਲ ਸਕੇ। ਅਰਵਿੰਦ ਕੇਜਰੀਵਾਲ ਨੇ ਕਿਹਾ ਕਿ ਪਿਛਲੀਆਂ ਸਰਕਾਰਾਂ ਨੇ ਸਰਕਾਰੀ ਅਧਿਆਪਕਾਂ ਦਾ ਸ਼ੋਸ਼ਣ ਕੀਤਾ ਸੀ ਜਿਸ ਕਾਰਨ ਪੜ੍ਹਾਈ 'ਤੇ ਮਾੜਾ ਅਸਰ ਪਿਆ ਸੀ ਪਰ ਹੁਣ ਵੱਡਾ ਬਦਲਾਅ ਆਇਆ ਹੈ।

ਅਰਵਿੰਦ ਕੇਜਰੀਵਾਲ ਨੇ ਕਿਹਾ ਕਿ ਐਨ.ਏ.ਐਸ. ਵੱਡੀ ਪ੍ਰਾਪਤੀ ਹੈ ਪਰ ਇਹ ਉਨ੍ਹਾਂ ਦੀ ਸਰਕਾਰ ਦਾ ਅੰਤਮ ਟੀਚਾ ਨਹੀਂ ਹੈ ਕਿਉਂਕਿ ਉਨ੍ਹਾਂ ਦੀ ਸਰਕਾਰ ਹਰ ਨਾਗਰਿਕ ਦੀ ਭਲਾਈ ਨੂੰ ਯਕੀਨੀ ਬਣਾਉਣ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਲੋਕਾਂ ਵੱਲੋਂ ਇਹ ਸਰਟੀਫਿਕੇਟ ਦੇਣਾ ਕਿ ਪੰਜਾਬ ਸਰਕਾਰ ਨੇ ਸੂਬੇ ਦੇ ਸਿੱਖਿਆ ਅਤੇ ਹੋਰ ਖੇਤਰਾਂ ਵਿੱਚ ਕ੍ਰਾਂਤੀ ਲਿਆਂਦੀ ਹੈ, ਉਨ੍ਹਾਂ ਲਈ ਅਸਲ ਮਾਨਤਾ ਅਤੇ ਪ੍ਰਾਪਤੀ ਹੈ। ਇਸੇ ਤਰ੍ਹਾਂ ਅਰਵਿੰਦ ਕੇਜਰੀਵਾਲ ਨੇ ਕਿਹਾ ਕਿ ਨਸ਼ਿਆਂ ਨੂੰ ਖਤਮ ਕਰਨਾ, ਨੌਜਵਾਨਾਂ ਨੂੰ ਮਿਆਰੀ ਸਿੱਖਿਆ ਪ੍ਰਦਾਨ ਕਰਨਾ ਅਤੇ ਉਨ੍ਹਾਂ ਲਈ ਨੌਕਰੀ/ਕਾਰੋਬਾਰ ਯਕੀਨੀ ਬਣਾਉਣਾ ਸੂਬਾ ਸਰਕਾਰ ਦੇ ਤਿੰਨ ਪ੍ਰਮੁੱਖ ਖੇਤਰ ਹਨ।

ਅਰਵਿੰਦ ਕੇਜਰੀਵਾਲ ਨੇ ਕਿਹਾ ਕਿ ਸੂਬਾ ਸਰਕਾਰ ਨੇ ਪਹਿਲਾਂ ਹੀ ਯੁੱਧ ਨਸ਼ਿਆਂ ਵਿਰੁੱਧ ਨੂੰ ਲੋਕ ਲਹਿਰ ਵਿੱਚ ਬਦਲ ਦਿੱਤਾ ਹੈ। ਉਨ੍ਹਾਂ ਕਿਹਾ ਕਿ ਅਧਿਆਪਕਾਂ ਨੂੰ ਵੀ ਇਹ ਜ਼ਿੰਮੇਵਾਰੀ ਲੈਣੀ ਚਾਹੀਦੀ ਹੈ ਕਿ ਵਿਦਿਆਰਥੀਆਂ ਨੂੰ ਨਸ਼ਿਆਂ ਦੀ ਅਲਾਮਤ ਦੇ ਖ਼ਤਰੇ ਤੋਂ ਦੂਰ ਰੱਖਿਆ ਜਾਵੇ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਨਸ਼ਿਆਂ ਦੇ ਕਹਿਰ ਨੂੰ ਖਤਮ ਕਰਨ ਲਈ ਸ਼ਲਾਘਾਯੋਗ ਕੰਮ ਕਰ ਰਹੀ ਹੈ ਅਤੇ ਨਸ਼ਿਆਂ ਵਿਰੁੱਧ ਇਸ ਜੰਗ ਦਾ ਦੇਸ਼ ਭਰ ਵਿੱਚ ਕੋਈ ਸਾਨੀ ਨਹੀਂ। ਅਰਵਿੰਦ ਕੇਜਰੀਵਾਲ ਨੇ ਕਿਹਾ ਕਿ ਲੋਕ ਅੱਜ ਮੁੱਖ ਮੰਤਰੀ ਮਾਨ ਦੀ ਪ੍ਰਸੰਸਾ ਕਰ ਰਹੇ ਹਨ ਕਿਉਂਕਿ ਸੂਬਾ ਸਰਕਾਰ ਵੱਲੋਂ ਮਿਸਾਲੀ ਕੰਮ ਕੀਤਾ ਜਾ ਰਿਹਾ ਹੈ।

ਅਰਵਿੰਦ ਕੇਜਰੀਵਾਲ ਨੇ ਕਿਹਾ ਕਿ ਨਸ਼ੇ ਦੇ ਪੈਸੇ ਨਾਲ ਬਣੀਆਂ ਜਾਇਦਾਦਾਂ ਨੂੰ ਬੁਲਡੋਜ਼ਰਾਂ ਨੇ ਢਾਹ ਦਿੱਤਾ ਹੈ। ਉਨ੍ਹਾਂ ਕਿਹਾ ਕਿ ਜਿਨ੍ਹਾਂ ਲੋਕਾਂ ਨੇ ਪੀੜ੍ਹੀਆਂ ਦਾ ਭਵਿੱਖ ਬਰਬਾਦ ਕੀਤਾ ਸੀ, ਉਨ੍ਹਾਂ ਨੂੰ ਹੁਣ ਆਪਣੇ ਪਾਪਾਂ ਦੀ ਸਜ਼ਾ ਮਿਲ ਰਹੀ ਹੈ। ਉਨ੍ਹਾਂ ਆਗੂਆਂ ਨੂੰ ਸਲਾਖਾਂ ਪਿੱਛੇ ਸੁੱਟਿਆ ਜਾ ਰਿਹਾ ਹੈ ਜਿਨ੍ਹਾਂ ਨੇ ਨਸ਼ੇ ਦੇ ਕਾਰੋਬਾਰ ਦੀ ਪੁਸ਼ਤਪਨਾਹੀ ਕੀਤੀ ਸੀ। ਅਰਵਿੰਦ ਕੇਜਰੀਵਾਲ ਨੇ ਕਿਹਾ ਕਿ ਸੂਬਾ ਸਰਕਾਰ ਆਮ ਆਦਮੀ ਨੂੰ ਰਾਹਤ ਦੇਣ ਲਈ ਇਸ ਕਾਰਜ ਲਈ ਵਚਨਬੱਧ ਹੈ ਅਤੇ ਇਸ ਲਈ ਹਰ ਸੰਭਵ ਯਤਨ ਕੀਤਾ ਜਾਵੇਗਾ।

ਅਰਵਿੰਦ ਕੇਜਰੀਵਾਲ ਨੇ ਕਿਹਾ ਕਿ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਅਸੀਂ ਪੰਜਾਬ ਦੇ ਲੋਕਾਂ ਨੂੰ ਦਿੱਤੀਆਂ ਗਾਰੰਟੀਆਂ ਪੂਰਾ ਕਰਨ ਵੱਲ ਤੇਜ਼ੀ ਨਾਲ ਅੱਗੇ ਵਧ ਰਹੇ ਹਾਂ। ਉਨ੍ਹਾਂ ਕਿਹਾ ਕਿ ਅਸੀਂ ਸਿਰਫ਼ ਸਕੂਲ ਨਹੀਂ ਬਣਾਏ-ਅਸੀਂ ਭਵਿੱਖ ਬਣਾਇਆ ਹੈ। ਸਿੱਖਿਆ ਵਿਭਾਗ ਦੇ ਅਧਿਆਪਕਾਂ, ਪ੍ਰਿੰਸੀਪਲਾਂ ਅਤੇ ਸਟਾਫ਼ ਦਾ ਵਿਸ਼ੇਸ਼ ਧੰਨਵਾਦ ਕਰਦਿਆਂ ਆਪ ਦੇ ਕੌਮੀ ਕਨਵੀਨਰ ਨੇ ਕਿਹਾ ਕਿ ਉਨ੍ਹਾਂ ਦੀ ਸਖ਼ਤ ਮਿਹਨਤ, ਲਗਨ ਅਤੇ ਵਚਨਬੱਧਤਾ ਨੇ ਇਸ ਪ੍ਰਾਪਤੀ ਨੂੰ ਸੰਭਵ ਬਣਾਇਆ ਹੈ। ਅਰਵਿੰਦ ਕੇਜਰੀਵਾਲ ਨੇ ਕਿਹਾ ਕਿ ਐਨ.ਏ.ਐਸ-2024 ਵਿੱਚ ਪੰਜਾਬ ਦੀ ਪ੍ਰਾਪਤੀ ਇਤਿਹਾਸ ਦੇ ਪੰਨਿਆਂ ਵਿੱਚ ਦਰਜ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਸਭ ਤੋਂ ਮਹੱਤਵਪੂਰਨ ਪਹਿਲੂ ਇਹ ਹੈ ਕਿ ਇਹ ਸਰਵੇਖਣ ਭਾਰਤ ਸਰਕਾਰ ਦੁਆਰਾ ਕੀਤਾ ਗਿਆ ਸੀ, ਪੰਜਾਬ ਦੁਆਰਾ ਨਹੀਂ।

ਅਰਵਿੰਦ ਕੇਜਰੀਵਾਲ ਨੇ ਕਿਹਾ ਕਿ ਇਹ ਦੇਸ਼ ਵਿਆਪੀ ਸਰਵੇਖਣ ਐਨ.ਸੀ.ਈ.ਆਰ.ਟੀ. ਦੁਆਰਾ ਦਸੰਬਰ-2024 ਵਿੱਚ ਸੂਬਿਆਂ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ਾਂ ਦੇ ਸਹਿਯੋਗ ਨਾਲ ਕੀਤਾ ਗਿਆ ਸੀ, ਜਿਸ ਵਿੱਚ ਭਾਰਤ ਦੇ ਹਜ਼ਾਰਾਂ ਵਿਦਿਆਰਥੀ ਸ਼ਾਮਲ ਸਨ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਨੇ ਸਰਕਾਰੀ ਸਕੂਲਾਂ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ, ਹੋਰ ਅਧਿਆਪਕਾਂ ਦੀ ਭਰਤੀ ਕਰਨ ਅਤੇ ਵਿਦਿਅਕ ਸੰਸਥਾਵਾਂ ਨੂੰ ਵੱਧ ਤੋਂ ਵੱਧ ਸਹਾਇਤਾ ਪ੍ਰਦਾਨ ਕਰਨ ਲਈ ਮਹੱਤਵਪੂਰਨ ਯਤਨ ਕੀਤੇ ਹਨ। ਉਨ੍ਹਾਂ ਕਿਹਾ ਕਿ ਇਸ ਸਾਲ ਸਰਕਾਰੀ ਸਕੂਲਾਂ ਦੇ 845 ਵਿਦਿਆਰਥੀਆਂ ਨੇ ਨੀਟ ਲਈ ਯੋਗਤਾ ਪ੍ਰਾਪਤ ਕੀਤੀ ਹੈ ਅਤੇ ਸਰਕਾਰੀ ਸਕੂਲਾਂ ਦੇ 265 ਵਿਦਿਆਰਥੀਆਂ ਨੇ ਜੇ.ਈ.ਈ. ਮੇਨਜ਼ ਪ੍ਰੀਖਿਆ ਪਾਸ ਕੀਤੀ ਹੈ। ਅਰਵਿੰਦ ਕੇਜਰੀਵਾਲ ਨੇ ਕਿਹਾ ਕਿ ਵਿਸ਼ਵ ਪੱਧਰੀ ਸਿੱਖਿਆ ਪ੍ਰਦਾਨ ਕਰਨ ਲਈ ਪੰਜਾਬ ਦੇ ਅਧਿਆਪਕਾਂ ਅਤੇ ਪ੍ਰਿੰਸੀਪਲਾਂ ਨੂੰ ਫਿਨਲੈਂਡ, ਅਹਿਮਦਾਬਾਦ ਅਤੇ ਹੋਰ ਨਾਮਵਰ ਸੰਸਥਾਵਾਂ ਵਿੱਚ ਸਿਖਲਾਈ ਦਿੱਤੀ ਜਾ ਰਹੀ ਹੈ। ਅਰਵਿੰਦ ਕੇਜਰੀਵਾਲ ਨੇ ਅੱਗੇ ਕਿਹਾ ਕਿ ਸੂਬਾ ਸਰਕਾਰ ਸਾਡੇ ਬੱਚਿਆਂ ਲਈ ਮਿਆਰੀ ਸਿੱਖਿਆ ਨੂੰ ਯਕੀਨੀ ਬਣਾਉਣ ਲਈ ਸਕੂਲ ਆਫ਼ ਐਮੀਨੈਂਸ ਸਥਾਪਤ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਦੀ ਅਗਵਾਈ ਵਾਲੀ ਸੂਬਾ ਸਰਕਾਰ ਇਹ ਯਕੀਨੀ ਬਣਾਉਣ ਲਈ ਆਪਣੀ ਕੋਸ਼ਿਸ਼ ਜਾਰੀ ਰੱਖੇਗੀ ਕਿ ਵਿਦਿਆਰਥੀਆਂ ਨੂੰ ਸਰਕਾਰੀ ਸਕੂਲਾਂ ਵਿੱਚ ਮਿਆਰੀ ਸਿੱਖਿਆ ਮਿਲੇ। ਅਰਵਿੰਦ ਕੇਜਰੀਵਾਲ ਨੇ ਕਿਹਾ ਕਿ ਬਿਜ਼ਨਸ ਬਲਾਸਟਰ ਸਕੀਮ ਸ਼ਾਨਦਾਰ ਸਫਲਤਾ ਪ੍ਰਾਪਤ ਕਰਨ ਵੱਲ ਵਧ ਰਹੀ ਹੈ ਅਤੇ ਉਹ ਦਿਨ ਦੂਰ ਨਹੀਂ ਜਦੋਂ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਨੂੰ ਇਸ ਤੋਂ ਬਹੁਤ ਲਾਭ ਹੋਵੇਗਾ।

# ਖਾਲਸਾ ਕਾਲਜ ਮਹਿਤਾ ਦੀਆਂ ਵਿਦਿਆਰਥਣਾਂ ਨੂੰ ਯੂਨੀਵਰਸਿਟੀ ਵੱਲੋਂ ਮੈਰਿਟ 'ਚ ਆਉਣ 'ਤੇ ਸਕਾਲਰਸ਼ਿਪ ਦਿੱਤੀ



**ਚੌਂਕ ਮਹਿਤਾ, 7 ਜੁਲਾਈ( ਬਾਬਾ ਸੁਖਵੰਤ ਸਿੰਘ ਚੰਨਣਕੇ )** -ਦਮਦਮੀ ਟਕਸਾਲ ਦੇ ਮੌਜੂਦਾ ਮੁਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸ਼੍ਰੀ ਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖ਼ਾਲਸਾ ਭਿਡਰਾਂਵਾਲਿਆਂ ਜੀ ਦੀ ਰਹਿਨੁਮਾਈ ਹੇਠ ਚੱਲ ਰਹੇ ਵਿੱਦਿਅਕ ਅਦਾਰੇ ਸੰਤ ਗਿਆਨੀ ਗੁਰਬਚਨ ਸਿੰਘ ਜੀ ਖਾਲਸਾ ਕਾਲਜ ਮਹਿਤਾ ਵਿੱਚ ਚੱਲ ਰਹੇ ਕੋਰਸ ਬੀ. ਏ, ਬੀ ਕਾਮ, ਬੀ ਸੀ ਏ, ਬੀ ਐੱਸ ਸੀ ਇਕਨੋਮਿਕਸ,ਅਤੇ ਐੱਮ ਏ ਹਿਸਟਰੀ ਦੇ ਨਤੀਜੇ ਲਗਾਤਾਰ ਐਲਾਨੇ ਗਏ ਸਨ ਜਿਸ ਵਿੱਚੋਂ ਬਹੁਤ ਹੀ ਮਿਹਨਤੀ ਅਤੇ ਹੋਣਹਾਰ ਵਿਦਿਆਰਥਣ ਨਵਨੀਤ ਕੌਰ ਪੁੱਤਰੀ ਰਣਜੀਤ ਸਿੰਘ ਵਾਸੀ ਘਨਸ਼ਾਮਪੁਰ ਨੇ ਬੀ ਸੀ ਏ ਸੈਸ਼ਨ 2024 ਦੀ ਯੂਨੀਵਰਸਿਟੀ ਪ੍ਰੀਖਿਆ ਵਿੱਚੋਂ ਵਧੀਆ ਅੰਕ ਪ੍ਰਾਪਤ ਕਰਕੇ ਯੂਨੀਵਰਸਿਟੀ ਦੀ ਮੈਰਿਟ ਸੂਚੀ ਵਿੱਚ ਆਪਣਾ ਨਾਮ ਦਰਜ ਕਰਵਾ ਕੇ ਪੂਰੇ ਕਾਲਜ ਅਤੇ ਮਾਪਿਆਂ ਦਾ ਨਾਮ ਰੌਸ਼ਨ ਕੀਤਾ ਹੈ। ਬੱਚੇ ਦੇ ਨਿਰੰਤਰ ਯਤਨ ਅਤੇ ਵਧੀਆ ਕਾਰਗੁਜ਼ਾਰੀ ਦਾ ਉਸ ਨੂੰ ਬਹੁਤ ਮਿੱਠਾ ਫਲ ਮਿਲਿਆ। ਗੁਰੂ ਨਾਨਕ ਦੇਵ ਯੂਨੀਵਰਸਿਟੀ ਵੱਲੋਂ ਉਸ ਦੀ ਅਗਲੇਰੀ ਪੜ੍ਹਾਈ ਲਈ ਸਕਾਲਰਸ਼ਿਪ ਦਿੱਤੀ ਗਈ। ਕਾਲਜ ਵੱਲੋਂ ਵਿਦਿਆਰਥਣ ਦੀ ਹੌਸਲਾ ਅਫਜ਼ਾਈ ਅਤੇ ਮਾਣ ਸਨਮਾਨ ਵਜੋਂ ਸਿਰਪਾਓ ਦੀ ਭੇਂਟ ਦੇ ਕੇ ਸਨਮਾਨਿਤ ਕੀਤਾ ਗਿਆ ਅਤੇ ਮੂੰਹ ਮਿੱਠਾ ਕਰਵਾਇਆ। ਇਸ ਖੁਸ਼ੀ ਦੇ ਮੌਕੇ ਤੇ ਪ੍ਰਿੰਸੀਪਲ ਗੁਰਦੀਪ ਸਿੰਘ ਜਲਾਲ ਉਸਮਾ ਨੇ ਕਿਹਾ ਕਿ ਅੱਜ ਸਾਡੀ ਸੰਸਥਾ ਲਈ ਇੱਕ ਮਾਣ ਵਾਲਾ ਪਲ ਹੈ । ਤੁਹਾਡੀ ਸਫਲਤਾ ਸਿਰਫ਼ ਤੁਹਾਡੀ ਆਪਣੀ ਨਹੀਂ ਹੈ - ਇਹ ਤੁਹਾਡੇ ਅਧਿਆਪਕਾਂ ਦੇ ਮਾਰਗਦਰਸ਼ਨ, ਤੁਹਾਡੇ ਮਾਪਿਆਂ ਦੇ ਸਮਰਥਨ ਅਤੇ ਤੁਹਾਡੇ ਆਪਣੇ ਦ੍ਰਿੜ ਇਰਾਦੇ ਦਾ ਪ੍ਰਤੀਬਿੰਬ ਵੀ ਹੈ। ਤੁਸੀਂ ਆਪਣੇ ਸਾਥੀਆਂ ਲਈ ਇੱਕ ਮਿਸਾਲ ਕਾਇਮ ਕੀਤੀ ਹੈ। ਸਫਲਤਾ ਰਾਤੋ-ਰਾਤ ਨਹੀਂ ਆਉਂਦੀ। ਇਸ ਲਈ ਧੀਰਜ, ਸਖ਼ਤ ਮਿਹਨਤ ਅਤੇ ਸਕਾਰਾਤਮਕ ਰਵੱਈਏ ਦੀ ਲੋੜ ਹੁੰਦੀ ਹੈ। ਇਸ ਤੋਂ ਇਲਾਵਾ ਪ੍ਰਿੰਸੀਪਲ ਹਰਸ਼ਦੀਪ ਸਿੰਘ ਰੰਧਾਵਾ, ਪ੍ਰਿੰਸੀਪਲ ਜਤਿੰਦਰ ਸ਼ਰਮਾ, ਮੈਡਮ ਕੁਲਦੀਪ,ਗੁਰਵਿੰਦਰ ਕੌਰ,ਮਨਜੀਤ ਕੌਰ, ਸੁਪ੍ਰੀਤ ਕੌਰ, ਰੁਪਿੰਦਰ ਕੌਰ, ਗੁਰਸ਼ਰਨਪ੍ਰੀਤ ਕੌਰ, ਸੁਖਮਨਦੀਪ ਕੌਰ, ਪੂਰਤੀ ਸ਼ਰਮਾ, ਅਮਨਦੀਪ ਕੌਰ, ਪਵਨਦੀਪ ਕੌਰ, ਨਵਨੀਤ ਕੌਰ,ਕਾਬਲ ਸਿੰਘ ਪੁਰਬਾ ਅਤੇ ਸਮੂਹ ਅਧਿਆਪਕ ਸਾਹਿਬਾਨਾਂ ਨੇ ਵਿਦਿਆਰਥੀਆਂ ਨੂੰ ਵਧਾਈਆਂ ਦਿੱਤੀਆਂ।

# ਪੰਜਾਬੀ ਸਾਹਿਤ ਸਭਾ ਦਾ ਮਹੀਨਾਵਾਰ ਸਮਾਗਮ ਯਾਦਗਾਰੀ ਹੋ ਨਿੱਬੜਿਆ



**ਸੰਗਰੂਰ, 7 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਪੰਜਾਬੀ ਸਾਹਿਤ ਸਭਾ ( ਰਜਿ: ) ਧੂਰੀ ਜਿਲ੍ਹਾ ਸੰਗਰੂਰ ਦਾ ਮਾਸਿਕ ਸਮਾਗਮ ਮੂਲ ਚੰਦ ਸ਼ਰਮਾ ਦੀ ਪ੍ਰਧਾਨਗੀ ਹੇਠ ਡਾ. ਰਾਮ ਸਿੰਘ ਸਿੱਧੂ ਯਾਦਗਾਰੀ ਸਾਹਿਤ ਭਵਨ ਵਿਖੇ ਕੀਤਾ ਗਿਆ ਜਿਸ ਵਿੱਚ ਮਾਨਸਾ ਤੋਂ ਪਹੁੰਚੇ ਕਵੀ ਸ਼ੰਭੂ ਮਸਤਾਨਾ ਅਤੇ ਲੁਧਿਆਣਾ ਤੋਂ ਆਏ ਗੀਤਕਾਰ ਤੇ ਗਾਇਕ ਹਾਕਮ ਬਖਤੜੀ-ਵਾਲਾ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਲ ਹੋਏ । ਸੁਆਗਤੀ ਸ਼ਬਦਾਂ ਤੋਂ ਉਪਰੰਤ ਸਭਾ ਦੇ ਮੈਂਬਰ ਮਨਦੀਪ ਸਿੰਘ ਹਥਨ ਦੇ ਮਾਤਾ ਜੀ ਅਤੇ ਪ੍ਰਸਿੱਧ ਗੀਤਕਾਰ ਮੀਤ ਮੈਂਹਦਪੁਰੀ ਤੋਂ ਇਲਾਵਾ ਬੀਤੇ ਮਹੀਨੇ ਵਿੱਚ ਸਦੀਵੀ ਵਿਛੋੜਾ ਦੇਣ ਵਾਲ਼ੇ ਲੇਖਕਾਂ ਤੇ ਕਲਾਕਾਰਾਂ ਨੂੰ ਸ਼ਰਧਾਂਜਲੀ ਭੇਂਟ ਕੀਤੀ ਗਈ । ਇੱਕ ਵੱਖਰੇ ਮਤੇ ਰਾਹੀਂ ਸਰਦਾਰ ਜੀ - 3 ਫਿਲਮ ਬਾਰੇ ਪਾਏ ਜਾ ਰਹੇ ਬੇਲੋੜੇ ਰੌਲ਼ੇ ਰੱਪੇ ਦੀ ਨਿਖੇਧੀ ਵੀ ਕੀਤੀ ਗਈ । ਦੂਸਰੇ ਦੌਰ ਵਿੱਚ ਇੰਟਰਨੈਸ਼ਨਲ ਲੋਕ ਗਾਇਕ ਕਲਾ ਮੰਚ ਦੇ ਬਾਨੀ ਪ੍ਰਧਾਨ ਹਾਕਮ ਬਖਤੜੀਵਾਲਾ ਨੇ ਆਪਣੇ ਮੰਚ ਦੀ ਪ੍ਰਾਪਤੀਆਂ ਅਤੇ ਭਵਿੱਖੀ ਯੋਜਨਾਵਾਂ ਦਾ ਜ਼ਿਕਰ ਕਰਦਿਆਂ ਸਮੂਹ ਗੀਤਕਾਰਾਂ , ਗਾਇਕਾਂ , ਸੰਗੀਤਕਾਰਾਂ ਅਤੇ ਸੱਭਿਆਚਾਰ ਪ੍ਰੇਮੀਆਂ ਨੂੰ ਇੱਕ ਮੁੱਠ ਹੋ ਕੇ ਚੱਲਣ ਅਤੇ ਮਾਂ ਬੋਲੀ ਪੰਜਾਬੀ ਦੀ ਬੇਹਤਰੀ ਲਈ ਦਿਨ ਰਾਤ ਇੱਕ ਕਰਨ ਦਾ ਸੱਦਾ ਦਿੱਤਾ ਅਤੇ ਸ਼ੰਭੂ ਮਸਤਾਨਾ ਨੇ ਆਪਣੀਆਂ ਮੁਹੱਬਤੀ ਰਚਨਾਵਾਂ ਨਾਲ਼ ਖ਼ੂਬ ਰੰਗ ਬੰਨ੍ਹਿਆਂ । ਤੀਸਰੇ ਦੌਰ ਵਿੱਚ ਗੁਰਮੀਤ ਸਿੰਘ ਸੋਹੀ ਦੇ ਮੰਚ ਸੰਚਾਲਨ ਅਧੀਨ ਹੋਏ ਵਿਸ਼ਾਲ ਕਵੀ ਦਰਬਾਰ ਵਿੱਚ ਜਗਦੇਵ ਸ਼ਰਮਾ , ਬੱਲੀ ਬਲਜਿੰਦਰ , ਗੁਰਮੁਖ ਸਿੰਘ ਦਿਲਬਰ , ਸੁਰਿੰਦਰ ਹਰਚੰਦ ਪੁਰੀ , ਸਰਬਜੀਤ ਸੰਗਰੂਰਵੀ , ਪਵਨ ਹੋਸ਼ੀ , ਸੁਖਵਿੰਦਰ ਲੋਟੇ , ਮੁਲਖ ਰਾਜ ਲਹਿਰੀ , ਸੁਖਦੇਵ ਰਾਮ ਲੱਡਾ , ਕੁਲਵਿੰਦਰ ਬੰਟੀ , ਸੁਖਪਾਲ ਦੋਹਲਾ , ਰਣਜੀਤ ਆਜ਼ਾਦ , ਮੀਤ ਸਕਰੌਦੀ , ਸੰਜੇ ਲਹਿਰੀ , ਕੁਲਜੀਤ ਧਵਨ , ਡਾ. ਜਗਤਾਰ ਸਿੰਘ ਸਿੱਧੂ , ਕੁਲਵਿੰਦਰ ਕੌਰ ਕਾਜਲ , ਰੇਣੂ ਸ਼ਰਮਾ ਹਥਨ , ਬਲਜੀਤ ਸਿੰਘ ਬਾਂਸਲ , ਮੁਨੀਸ਼ ਹਥਨ , ਜਰਨੈਲ ਸੱਗੂ , ਮਲਕੀਤ ਮੰਗਾ ਨੇ ਆਪੋ ਆਪਣੀਆਂ ਸੱਜਰੀਆਂ ਤੇ ਚੋਣਵੀਆਂ ਰਚਨਾਵਾਂ ਅਤੇ ਅਮਰ ਗਰਗ ਕਲਮਦਾਨ , ਜੀਤ ਰਣਜੀਤ , ਚਮਕੌਰ ਕਾਤਰੋਂ , ਰਵਿੰਦਰ ਨਿੱਝਰ , ਬੂਟਾ ਸਿੰਘ , ਬਲਵਿੰਦਰ ਸਿੰਘ , ਰਮੇਸ਼ ਘਨੌਰੀ , ਗੋਗੀ ਕਾਤਰੋਂ , ਕੁਲਵੀਰ ਸਿੰਘ , ਰਣਜੀਤ ਚਹਿਲ ਅਤੇ ਵਿੰਦਰ ਨੇ ਵੀ ਹਾਜ਼ਰੀ ਲਗਵਾਈ । ਅਖ਼ੀਰ ਵਿੱਚ ਅਜਾਇਬ ਸਿੰਘ ਕੋਮਲ , ਸ਼ੰਭੂ ਮਸਤਾਨਾ ਅਤੇ ਜੱਗੀ ਧੂਰੀ ਨੂੰ ਸਭਾ ਵੱਲੋਂ ਸਨਮਾਨਿਤ ਵੀ ਕੀਤਾ ਗਿਆ।

### ਨਸ਼ਿਆਂ ਦੀ ਅਲਾਮਤ ਦੇ ਖਾਤਮੇ ਖਿਲਾਫ਼

# ਵਿੱਢੀ ਜੰਗ ਦੀ ਸਫਲਤਾ ਲਈ ਮੁੱਖ ਮੰਤਰੀ ਦੀ ਸ਼ਲਾਘਾ



**ਨਵੀਂ ਦਿੱਲੀ 7 ਜੁਲਾਈ (ਮਨਪ੍ਰੀਤ ਸਿੰਘ ਖਾਲਸਾ)**:-"ਬੇਸੱਕ ਸਿੱਖ ਕੌਮ ਦੇ ਪੰਜੇ ਤਖਤ ਸਾਹਿਬਾਨ ਅਤਿ ਸਤਿਕਾਰਿਤ ਅਤੇ ਪ੍ਰਵਾਨਿਤ ਹਨ । ਇਸ ਵਿਚ ਵੀ ਕੋਈ ਸ਼ੱਕ ਨਹੀ ਕਿ ਪੰਜੇ ਤਖਤ ਸਾਹਿਬਾਨਾਂ ਦੇ ਜਥੇਦਾਰ ਸਾਹਿਬਾਨ ਦੀ ਸਮੁੱਚੀ ਸਹਿਮਤੀ ਨਾਲ ਹੀ ਖਾਲਸਾ ਪੰਥ ਲਈ ਹੁਕਮਨਾਮੇ ਅਤੇ ਕੌਮ ਪੱਖੀ ਫੈਸਲੇ ਹੁੰਦੇ ਹਨ । ਪਰ ਸਿੱਖ ਅਤੇ ਕੌਮੀ ਰਵਾਇਤਾ ਅਨੁਸਾਰ ਇਹ ਹੁਕਮਨਾਮੇ ਕੇਵਲ ਤੇ ਕੇਵਲ ਸ੍ਰੀ ਅਕਾਲ ਤਖਤ ਸਾਹਿਬ ਦੀ ਫਸੀਲ ਤੋ ਹੀ ਕਾਇਮ ਮੁਕਾਮ ਜਥੇਦਾਰ ਸਾਹਿਬ ਵੱਲੋ ਹੀ ਸਮੁੱਚੀ ਸਿੱਖ ਕੌਮ ਲਈ ਸਦੀਆਂ ਤੋ ਜਾਰੀ ਹੁੰਦੇ ਆ ਰਹੇ ਹਨ । ਅਜਿਹੇ ਹੁਕਮਨਾਮਿਆ ਅੱਗੇ ਸਮੁੱਚੀ ਸਿੱਖ ਕੌਮ ਤੇ ਹਰ ਗੁਰੂ ਨਾਨਕ ਨਾਮ ਲੇਵਾ ਸੀਸ ਝੁਕਾਉਦਾ ਹੈ । ਲੇਕਿਨ ਕੁਝ ਸਮੇ ਤੋ ਬੀਜੇਪੀ-ਆਰ. ਐਸ.ਐਸ ਤੇ ਹੋਰ ਫਿਰਕੂ ਸੰਗਠਨਾਂ ਤੇ ਜਮਾਤਾਂ ਵੱਲੋ ਤਖਤ ਸ੍ਰੀ ਹਜੂਰ ਸਾਹਿਬ ਅਤੇ ਤਖਤ ਸ੍ਰੀ ਪਟਨਾ ਸਾਹਿਬ ਦੇ ਪ੍ਰਬੰਧ ਉਤੇ ਹਕੂਮਤੀ ਅਜਾਰੇਦਾਰੀ ਕਾਇਮ ਕਰਨ ਹਿੱਤ ਅਤੇ ਖਾਲਸਾ ਪੰਥ ਦੇ ਕੌਮੀ ਫੈਸਲਿਆ ਵਿਚ ਦਖਲ ਦੇਣ ਦੇ ਹਕੂਮਤੀ ਦੁੱਖਦਾਇਕ ਅਮਲ ਹੁੰਦੇ ਆ ਰਹੇ ਹਨ । ਇਹ ਹੋਰ ਵੀ ਦੁੱਖ ਤੇ ਅਫਸੋਸ ਵਾਲੀ ਗੱਲ ਹੈ ਕਿ ਤਖਤ ਸ੍ਰੀ ਹਜੂਰ ਸਾਹਿਬ ਤੇ ਤਖਤ ਸ੍ਰੀ ਪਟਨਾ ਸਾਹਿਬ ਦੇ ਪ੍ਰਬੰਧਕ ਤੇ ਜਥੇਦਾਰ ਸਾਹਿਬਾਨ ਜੋ ਆਪਣੇ ਸਿੱਖੀ ਕੇਦਰ ਧੁਰੇ ਸ੍ਰੀ ਅਕਾਲ ਤਖਤ ਸਾਹਿਬ ਤੋ ਦੂਰ ਹੋ ਕੇ ਹੁਕਮਰਾਨਾਂ ਅਤੇ ਸਿਆਸੀ ਜਾਲ ਵਿਚ ਗ੍ਰਸਤ ਹੋ ਕੇ ਸਿੱਖ ਕੌਮ ਦੀ ਅਸੀਮਤ ਸ਼ਕਤੀ, ਮਹਾਨ ਸਿਧਾਂਤ ਤੇ ਮਰਿਯਾਦਾਵਾਂ ਦਾ ਘਾਣ ਕਰਕੇ ਸਿੱਖ ਕੌਮ ਨੂੰ ਭਰਾਮਾਰੂ ਜੰਗ ਵੱਲ ਧਕੇਲਣ ਦੀ ਬਜਰ ਗੁਸਤਾਖੀ ਕਰਦੇ ਨਜਰ ਆ ਰਹੇ ਹਨ । ਜੋ ਗੁਰੂ ਸਾਹਿਬਾਨ ਜੀ ਦੀ ਮਨੁੱਖਤਾ ਪੱਖੀ ਸੋਚ, ਸਿਧਾਤਾਂ ਅਤੇ ਸਿੱਖ ਕੌਮ ਦੇ ਵੱਡੇਰੇ ਹਿੱਤਾ ਨਾਲ ਬਿਲਕੁਲ ਵੀ ਮੇਲ ਨਹੀ ਖਾਂਦੀ । ਇਸ ਲਈ ਤਖਤ ਸ੍ਰੀ ਹਜੂਰ ਸਾਹਿਬ, ਤਖਤ ਸ੍ਰੀ ਪਟਨਾ ਸਾਹਿਬ ਦੇ ਪ੍ਰਬੰਧਕਾਂ ਤੇ ਜਥੇਦਾਰ ਸਾਹਿਬਾਨ ਵੱਲੋ ਖਾਲਸਾ ਪੰਥ ਵਿਰੋਧੀ ਤਾਕਤਾਂ ਤੇ ਸਿਆਸੀ ਜਾਲ ਵਿਚ ਗ੍ਰਸਤ ਹੋ ਕੇ ਅਜਿਹਾ ਕੋਈ ਵੀ ਅਮਲ ਨਹੀ ਹੋਣਾ ਚਾਹੀਦਾ ਜਿਸ ਨਾਲ ਸਾਡੇ ਖਾਲਸਾ ਪੰਥ ਦੇ ਰੁਹਾਨੀਅਤ ਭਰੇ ਅਤੇ ਦੁਨਿਆਵੀ ਸਿਆਸਤ ਨੂੰ ਸੇਧ ਦੇਣ ਵਾਲੇ ਮੁੱਖ ਧੁਰੇ ਸ੍ਰੀ ਅਕਾਲ ਤਖਤ ਸਾਹਿਬ ਦੀ ਸਰਬਉੱਚਤਾ ਤੋ ਮੂੰਹ ਮੋੜੇ ਅਤੇ ਉਥੋ ਜਾਰੀ ਹੋਣ ਵਾਲੇ ਹੁਕਮਾਂ ਦੀ ਕੋਈ ਸਿੱਖ ਅਵੱਗਿਆ ਕਰਨ ਦੀ ਗੁਸਤਾਖੀ ਕਰੇ । ਸ. ਇਕਬਾਲ ਸਿੰਘ ਟਿਵਾਣਾ ਮੁੱਖ ਬੁਲਾਰਾ ਸਿਆਸੀ ਤੇ ਮੀਡੀਆ ਸਲਾਹਕਾਰ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਕਿਹਾ ਕਿ ਬੀਜੇਪੀ-ਆਰ.ਐਸ.ਐਸ ਜਮਾਤਾਂ ਨਾਲ ਸੰਬੰਧਤ ਲੋਕਾਂ ਨੇ ਆਪਣੇ ਸਵਾਰਥੀ ਹਿੱਤਾ ਦੀ ਪੂਰਤੀ ਅਧੀਨ ਸਾਡੇ ਇਨ੍ਹਾਂ ਤਖਤ ਸਾਹਿਬਾਨਾਂ ਦੇ ਸਤਿਕਾਰ ਨੂੰ ਠੇਸ ਪਹੁੰਚਾਉਣ ਹਿੱਤ ਸਿੱਖਾਂ ਤੋ ਹੀ ਅਜਿਹੇ ਪੰਥ ਵਿਰੋਧੀ ਅਮਲ ਸੁਰੂ ਕਰਵਾਕੇ ਸਿੱਖ ਕੌਮ ਨੂੰ ਭਰਾਮਾਰੂ ਜੰਗ ਵੱਲ ਧਕੇਲਣ ਤੇ ਸਾਡੇ ਸਿਧਾਤਾਂ ਤੇ ਮਰਿਯਾਦਾਵਾ ਦਾ ਘਾਣ ਕਰਨ ਦਾ ਅਮਲ ਹੋ ਰਿਹਾ ਹੈ ਜਿਸ ਨੂੰ ਸਮਝਣ ਅਤੇ ਆਪਣੇ ਗੁਰੂ ਸਾਹਿਬਾਨ ਜੀ ਦੀ ਸੋਚ ਮਰਿਯਾਦਾਵਾਂ ਪ੍ਰੰਪਰਾਵਾ ਨੂੰ ਹਰ ਕੀਮਤ ਤੇ ਕਾਇਮ ਰੱਖਣ ਦੀ ਕੌਮੀ ਜਿੰਮੇਵਾਰੀ ਪੂਰਨ ਕਰਨੀ ਬਣਦੀ ਹੈ ਨਾ ਕਿ 'ਪਾੜੋ ਅਤੇ ਰਾਜ ਕਰੋ' ਦੀ ਸੋਚ ਉਤੇ ਚੱਲਣ ਵਾਲੀਆ ਮੁਤੱਸਵੀ ਜਮਾਤਾਂ ਵੱਲੋ ਸਿੱਖ ਕੌਮ ਰੂਪੀ ਵੱਡੇ ਦਰੱਖਤ ਨੂੰ ਕੱਟਣ ਵਾਲੀਆ ਟਾਹਣੀਆ ਦੇ ਕੁਹਾੜੇ ਦਾ ਦਸਤਾ ਬਣਨਾ ਚਾਹੀਦਾ ਹੈ । ਜਦੋਂਕਿ ਇਸ ਗੱਲ ਨੂੰ ਵੀ ਹਰ ਸਿੱਖ ਨੂੰ ਆਪਣੇ ਜਹਿਨ ਵਿਚ ਰੱਖਣਾ ਚਾਹੀਦਾ ਹੈ ਕਿ ਤਖਤ ਸ੍ਰੀ ਹਜੂਰ ਸਾਹਿਬ ਜਾਂ ਪਟਨਾ ਸਾਹਿਬ ਤੋ ਸਰਕਾਰੀ ਸਰਪ੍ਰਸਤੀ ਹੇਠ ਕਿਸੇ ਸਮੇ ਜਾਰੀ ਹੋਣ ਵਾਲੇ ਗੈਰ ਸਿਧਾਤਿਕ ਹੁਕਮਨਾਮਿਆ ਜਾਂ ਫੈਸਲਿਆ ਨੂੰ ਸਿੱਖ ਕੌਮ ਨੇ ਨਾ ਤਾਂ ਬੀਤੇ ਇਤਿਹਾਸ ਵਿਚ ਕਦੇ ਪ੍ਰਵਾਨਗੀ ਦਿੱਤੀ ਹੈ ਨਾ ਹੀ ਆਉਣ ਵਾਲੇ ਸਮੇ ਵਿਚ ਪ੍ਰਵਾਨਗੀ ਮਿਲੇਗੀ । ਸ. ਟਿਵਾਣਾ ਨੇ ਇਤਿਹਾਸਿਕ ਅਤੇ ਗੁਰੂ ਸਾਹਿਬ ਦੇ ਮੀਰੀ-ਪੀਰੀ ਦੇ ਮਹਾਨ ਵੱਡਮੁਲੇ ਸਿਧਾਤ ਸੰਬੰਧੀ ਗੱਲ ਕਰਦੇ ਹੋਏ ਕਿਹਾ ਕਿ ਇਹ ਮੀਰੀ ਪੀਰੀ ਦਾ ਸਿਧਾਤ ਹੀ ਸਰਬਉੱਚ ਹੈ ਅਤੇ ਮੀਰੀ ਪੀਰੀ ਦਾ ਤਖਤ ਕਹਾਉਣ ਦਾ ਰੁਹਾਨੀਅਤ ਅਰਥ ਭਰਪੂਰ ਅਧਿਕਾਰ ਤੇ ਹੱਕ ਕੇਵਲ ਤੇ ਕੇਵਲ ਸ੍ਰੀ ਅਕਾਲ ਤਖਤ ਸਾਹਿਬ ਦੀ ਫਸੀਲ ਦਾ ਹੀ ਹੈ । ਇਥੋ ਹੋਣ ਵਾਲੇ ਫੈਸਲਿਆ ਤੇ ਹੁਕਮਨਾਮਿਆ ਨੂੰ ਹੀ ਸਿੱਖ ਕੌਮ ਪ੍ਰਵਾਨਗੀ ਦਿੰਦੀ ਹੈ । ਇਥੋ ਹੀ ਭਵਿੱਖ ਵਿਚ ਵੀ ਖਾਲਸਾ ਪੰਥ ਲਈ ਸਰਬਸੰਮਤੀ ਨਾਲ ਫੈਸਲੇ ਆਉਣਗੇ।

## ਦਿਵਿਆਂਗ ਬੱਚਿਆਂ ਦੇ ਚਿਹਰੇ 'ਤੇ ਆਈ ਮੁਸਕਾਨ

# ਜ਼ਿਲ੍ਹਾ ਪ੍ਰਸ਼ਾਸਨ ਨੇ ਫਿਲਮ ਤਾਰੇ ਜ਼ਮੀਂ ਪਰ ਦਿਖਾਈ




**ਸੰਗਰੂਰ ( ਰਣਜੀਤ ਸਿੰਘ ਪੇਧਨੀ )**-ਮੁੱਖ ਮੰਤਰੀ, ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਜਾਰੀ ਹਦਾਇਤਾਂ ਅਤੇ ਡਿਪਟੀ ਕਮਿਸ਼ਨਰ ਸ਼੍ਰੀ ਸੰਦੀਪ ਰਿਸ਼ੀ ਵੱਲੋਂ ਜਾਰੀ ਨਿਰਦੇਸ਼ਾਂ ਦੇ ਮੱਦੇਨਜ਼ਰ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਦਿਵਿਆਂਗ ਬੱਚਿਆਂ ਦੇ ਚਿਹਰੇ 'ਤੇ ਮੁਸਕਾਨ ਲੈ ਕੇ ਆਉਣ ਲਈ ਇੰਡੀਅਨ ਰੈਡ ਕਰਾਸ, ਸਹਾਰਾ ਫਾਊਂਡੇਸ਼ਨ ਅਤੇ ਫਨ ਸਕੁਏਅਰ ਦੇ ਸਹਿਯੋਗ ਨਾਲ ਵਿਸ਼ਵਾਸ ਸਕੂਲ ਅਤੇ ਸਹਿਯੋਗ ਸਕੂਲ ਦੇ ਬੱਚਿਆਂ ਨੂੰ ਫਿਲਮ ਤਾਰੇ ਜ਼ਮੀਂ ਪਰ ਦਿਖਾਈ ਗਈ। ਇਹ ਜਾਣਕਾਰੀ ਸਾਂਝੀ ਕਰਦਿਆਂ ਐੱਸ.ਡੀ.ਐਮ. ਸੰਗਰੂਰ, ਸ਼੍ਰੀ ਚਰਨਜੋਤ ਸਿੰਘ ਵਾਲੀਆ ਨੇ ਕਿਹਾ ਕਿ ਦਿਵਿਆਂਗ ਬੱਚੇ ਸਾਡੇ ਸਮਾਜ ਦਾ ਅਨਿਖੜਵਾਂ ਅੰਗ ਹਨ ਅਤੇ ਸਾਡਾ ਸਾਰਿਆਂ ਦਾ ਇਹ ਫਰਜ਼ ਬਣਦਾ ਹੈ ਕਿ ਇਨ੍ਹਾਂ ਬੱਚਿਆਂ ਨੂੰ ਅੱਗੇ ਵੱਧਣ ਲਈ ਪਲੇਟ ਫਾਰਮ ਮੁਹੱਈਆ ਕਰਵਾਇਆ ਜਾਵੇ। ਉਹਨਾਂ ਕਿਹਾ ਕਿ ਪੰਜਾਬ ਸਰਕਾਰ ਦੀਆਂ ਇਹ ਹਦਾਇਤਾਂ ਹਨ ਕਿ ਅਜਿਹੇ ਬੱਚਿਆਂ ਦਾ ਪੂਰਾ ਖਿਆਲ ਰੱਖਿਆ ਜਾਵੇ ਤੇ ਉਹਨਾਂ ਨੂੰ ਕਿਸੇ ਕਿਸਮ ਦੀ ਦਿੱਕਤ ਨਾ ਆਉਣ ਦਿੱਤੀ ਜਾਵੇ। ਇਸ ਦੇ ਮੱਦੇਨਜ਼ਰ ਹੀ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਇਹ ਉਪਰਾਲਾ ਕੀਤਾ ਗਿਆ ਹੈ। ਸ਼੍ਰੀ ਵਾਲੀਆ ਨੇ ਕਿਹਾ ਕਿ ਇਹਨਾਂ ਬੱਚਿਆਂ ਦੀਆਂ ਜ਼ਰੂਰਤਾਂ ਦਾ ਆਮ ਲੋਕਾਂ ਨੂੰ ਵੀ ਧਿਆਨ ਰੱਖਣਾ ਚਾਹੀਦਾ ਹੈ ਤਾਂ ਜੋ ਇਨ੍ਹਾਂ ਬੱਚਿਆਂ ਦਾ ਭਵਿੱਖ ਉਜਵਲ ਹੋ ਸਕੇ। ਇਸ ਮੌਕੇ ਰੈੱਡ ਕਰਾਸ ਸੁਸਾਇਟੀ ਸੰਗਰੂਰ ਦੀ ਸਕੱਤਰ ਸ਼੍ਰੀਮਤੀ ਜਸਵੀਰ ਕੌਰ, ਡਾ. ਏ.ਐਸ. ਮਾਨ, ਡਾ. ਕਿਰਨਜੋਤ ਬਾਲੀ, ਡਾ. ਸੁਖਦੀਪ ਕੌਰ, ਐਸ.ਐਸ. ਰੇਖੀ, ਡਾ. ਨੰਦ ਕਿਸ਼ੋਰ ਗਰੋਵਰ, ਸ਼੍ਰੀਮਤੀ ਸੁਚਿਤਾ, ਸ਼੍ਰੀਮਤੀ ਗੀਤਾ ਜੈਨ, ਸਹਾਰਾ ਫਾਊਂਡੇਸ਼ਨ ਐਸ.ਐਸ.ਪੀ. ਸਿਦਕੀ, ਗੁਰਤੇਜ ਸਿੰਘ ਅਤੇ ਅਸ਼ੋਕ ਸ਼ਰਮਾ, ਫਨ ਸਕੁਏਅਰ ਦੇ ਐਮ.ਡੀ. ਹੈਪੀ ਗੋਇਲ ਅਤੇ ਸਟਾਫ ਅਤੇ ਹੋਰ ਬਹੁਤ ਸਾਰੇ ਰੈੱਡ ਕਰਾਸ ਮੈਂਬਰ ਅਤੇ ਸਟਾਫ ਮੌਜੂਦ ਸੀ।

## ਭਾਰਤ ਬ੍ਰਿਕਸ ਸੰਮੇਲਨ

# 2026 ਦੀ ਕਰੇਗਾ ਮੇਜ਼ਬਾਨੀ: ਵਿਕਰਮਜੀਤ ਸਿੰਘ ਸਾਹਨੀ



ਨਵੀਂ ਦਿੱਲੀ 7 ਜੁਲਾਈ (ਮਨਪ੍ਰੀਤ ਸਿੰਘ ਖਾਲਸਾ):- ਭਾਰਤ 2026 ਵਿੱਚ ਬ੍ਰਿਕਸ ਸੰਮੇਲਨ ਦੀ ਮੇਜ਼ਬਾਨੀ ਕਰੇਗਾ, ਜੋ ਆਰਥਿਕ ਵਿਕਾਸ, ਨਵੀਨਤਾ ਅਤੇ ਬਹੁਪੱਖੀ ਸਹਿਯੋਗ 'ਤੇ ਵਿਸ਼ਵਵਿਆਪੀ ਚਰਚਾ ਦੀ ਅਗਵਾਈ ਕਰਨ ਦਾ ਇੱਕ ਹੋਰ ਵੱਕਾਰੀ ਮੌਕਾ ਹੈ। ਰਾਜ ਸਭਾ ਦੇ ਸੰਸਦ ਮੈਂਬਰ ਅਤੇ ਬ੍ਰਿਕਸ ਐਗਰੀ ਕੌਂਸਲ ਦੇ ਚੇਅਰਮੈਨ ਡਾ. ਵਿਕਰਮਜੀਤ ਸਿੰਘ ਸਾਹਨੀ ਨੇ ਇਸ ਵਿਕਾਸ ਦਾ ਸਵਾਗਤ ਕਰਦੇ ਹੋਏ ਕਿਹਾ ਕਿ ਗਲੋਬਲ ਸਾਊਥ ਲਈ ਇੱਕ ਆਵਾਜ਼ ਵਜੋਂ ਭਾਰਤ ਦੇ ਵਧ ਰਹੇ ਕੱਦ ਨੂੰ ਸਹੀ ਢੰਗ ਨਾਲ ਸਵੀਕਾਰ ਕੀਤਾ ਗਿਆ ਹੈ, ਅਤੇ ਅਗਲੇ ਬ੍ਰਿਕਸ ਸੰਮੇਲਨ ਦੀ ਮੇਜ਼ਬਾਨੀ ਸਾਨੂੰ ਆਪਣੇ ਸਮਾਵੇਸ਼ੀ ਵਿਕਾਸ ਮਾਡਲ ਅਤੇ ਵਿਸ਼ਵ ਲੀਡਰਸ਼ਿਪ ਨੂੰ ਇੱਕ ਵਾਰ ਫਿਰ ਪ੍ਰਦਰਸ਼ਿਤ ਕਰਨ ਦੀ ਆਗਿਆ ਦੇਵੇਗੀ ਜਿਵੇਂ ਅਸੀਂ ਜੀ 20 ਦੌਰਾਨ ਕੀਤਾ ਸੀ। ਡਾ. ਸਾਹਨੀ ਨੇ ਅੱਗੇ ਕਿਹਾ ਕਿ ਬ੍ਰਾਜ਼ੀਲ ਵਿੱਚ ਹੋਏ ਬ੍ਰਿਕਸ 2025 ਸੰਮੇਲਨ ਵਿੱਚ ਭਾਰਤ ਲਈ ਮਹੱਤਵਪੂਰਨ ਕੂਟਨੀਤਕ ਜਿੱਤਾਂ ਦੇਖਣ ਨੂੰ ਮਿਲੀਆਂ, ਖਾਸ ਕਰਕੇ ਪਹਿਲਗਾਮ ਅੱਤਵਾਦੀ ਹਮਲੇ ਅਤੇ ਸਰਹੱਦ ਪਾਰ ਅੱਤਵਾਦ ਦੀ ਸਪੱਸ਼ਟ ਨਿੰਦਾ, ਅਤੇ ਚੀਨ ਅਤੇ ਰੂਸ ਸਮੇਤ ਸੰਯੁਕਤ ਰਾਸ਼ਟਰ ਸੁਰੱਖਿਆ ਪ੍ਰੀਸ਼ਦ ਵਿੱਚ ਭਾਰਤ ਦੀ ਸਥਾਈ ਸੀਟ ਲਈ ਜ਼ੋਰਦਾਰ ਸਮਰਥਨ। ਬ੍ਰਿਕਸ ਐਗਰੀ ਕੌਂਸਲ ਦੇ ਚੇਅਰਮੈਨ ਹੋਣ ਦੇ ਨਾਤੇ, ਡਾ. ਸਾਹਨੀ ਨੇ ਅੱਗੇ ਕਿਹਾ, "ਬ੍ਰਿਕਸ ਅਨਾਜ ਐਕਸਚੇਂਜ ਦੇ ਅਨੁਕੂਲਨ ਦੇ ਨਾਲ ਸਿਖਰ ਸੰਮੇਲਨ ਦੇ ਨਤੀਜਿਆਂ ਵਿੱਚ ਭੋਜਨ, ਬਾਲਣ ਅਤੇ ਖਾਦ ਸਪਲਾਈ ਚੇਨਾਂ ਬਾਰੇ ਭਾਰਤ ਦੀਆਂ ਚਿੰਤਾਵਾਂ ਨੂੰ ਪ੍ਰਤੀਬਿੰਬਤ ਹੁੰਦੇ ਦੇਖਣਾ ਬਹੁਤ ਉਤਸ਼ਾਹਜਨਕ ਹੈ। ਡਾ. ਸਾਹਨੀ ਨੇ ਕਿਹਾ ਕਿ ਏਆਈ ਗਵਰਨੈਂਸ, ਡਿਜੀਟਲਾਈਜ਼ੇਸ਼ਨ, ਯੂਪੀਆਈ, ਫਿਨਟੈਕ ਇਨੋਵੇਸ਼ਨ ਆਦਿ ਵਿੱਚ ਭਾਰਤ ਦੀ ਲੀਡਰਸ਼ਿਪ ਦੀ ਵੀ ਸ਼ਲਾਘਾ ਕੀਤੀ ਗਈ ਅਤੇ ਬ੍ਰਿਕਸ ਸਟਾਰਟਅੱਪ ਫੋਰਮ ਅਤੇ ਬ੍ਰਿਕਸ ਸਟਾਰਟਅੱਪ ਗਿਆਨ ਹੱਬ ਦੀ ਸ਼ੁਰੂਆਤ ਵਿੱਚ ਭਾਰਤ ਦੀ ਲੀਡਰਸ਼ਿਪ ਦੀ ਵੀ ਸ਼ਲਾਘਾ ਕੀਤੀ ਗਈ। ਡਾ. ਸਾਹਨੀ ਨੇ ਇਹ ਵੀ ਦੱਸਿਆ ਕਿ ਇਹ ਭਾਰਤ ਲਈ ਇੱਕ ਵੱਡੀ ਕੂਟਨੀਤਕ ਪ੍ਰਾਪਤੀ ਹੈ ਕਿ ਸਾਰੇ ਬ੍ਰਿਕਸ ਦੇਸ਼ਾਂ ਨੇ 2028 ਵਿੱਚ ਜਲਵਾਯੂ ਪਰਿਵਰਤਨ 'ਤੇ ਸੰਯੁਕਤ ਰਾਸ਼ਟਰ ਫਰੇਮਵਰਕ ਕਨਵੈਨਸ਼ਨ ਸੀਓਪੀ 33 ਦੀ ਮੇਜ਼ਬਾਨੀ ਲਈ ਭਾਰਤ ਦੀ ਉਮੀਦਵਾਰੀ ਦਾ ਸਮਰਥਨ ਕੀਤਾ।

## ★ ਬੇਕਦਰੇ ਲੋਕ ★



ਕਦੇ ਕਦੇ ਦਿਲ 'ਚ ਕਈ ਸਵਾਲ ਉਠਦੇ ਨੇ ਕਿ ਜਿਸ ਮੁਕਾਮ 'ਤੇ ਅੱਜ ਮੈਂ ਖੜ੍ਹਾਂ। ਮੈਂ ਓਸ ਦਾ ਹੱਕਦਾਰ ਹਾਂ ਜਾਂ ਨਹੀਂ। ਮੈਂ ਆਪਣੇ-ਆਪ ਨਾਲ ਹੀ ਗੱਲਾਂ ਕਰਦਾਂ ਬਹੁਤੇ ਲੋਕਾਂ ਨਾਲ ਮੈਂ ਗੱਲਬਾਤ ਕਰਕੇ ਬਹੁਤਾ ਖੁਸ਼ ਨਹੀਂ ਹੁੰਦਾ। ਬਸ ਦਿਲ ਦੀਆਂ ਗੱਲਾਂ ਤੋੜ ਭੰਨ ਕਰਕੇ ਕਾਗਜ਼ 'ਤੇ ਲਾਹ ਸਕੂਨ ਜਿਹਾ ਮਿਲ ਜਾਂਦੈ। ਸਵੇਰ ਤੋਂ ਮੈਂ ਕਦਰ ਕਰਨ ਵਾਲੇ ਤੇ ਬੇਕਦਰੇ ਲੋਕਾਂ ਬਾਰੇ ਆਪਣੇ ਦਿਲ 'ਚ ਚੱਲਦੇ ਵਿਚਾਰਾਂ ਨਾਲ ਲੜਾਈ ਲੜ ਰਿਹਾ ਸੀ। ਬਸ ਕਾਗਜ਼ 'ਤੇ ਲੀਕਾਂ ਮਾਰ ਕਾਗਜ਼ ਕਾਲਾ ਕਰ ਓਹੀ ਲਿਖਤੀ ਐ। ਜੋ ਮੇਰੀ ਕਦਰ ਕਰਦੇ ਨੇ, ਉਹਨਾਂ ਨੇ ਮੈਨੂੰ ਕਦੇ ਪੈਰ ਭੁੰਜੇ ਨਹੀਂ ਧਰਨ ਦਿੱਤਾ। ਉਹਨਾਂ ਦੀਆਂ ਨਜ਼ਰਾਂ ਚੌਵੀ ਘੰਟੇ ਬੂਹੇ ਵੱਲ ਤੱਕਦੀਆਂ। ਮੇਰਾ ਇੰਤਜਾਰ ਕਰਦੀਆਂ ਰਹਿੰਦੀਆਂ ਨੇ। ਬਾਕੀ ਬੇਕਦਰੇ ਤਾਂ ਬੇਕਦਰੇ ਹੁੰਦੇ ਐ। ਉਹ ਕੀ ਜਾਨਣ ਕਦਰ ਕੀ ਹੁੰਦੀ ਐ ? ਖੈਰ, ਬੇਕਦਰਿਆਂ ਤੋਂ ਕਦੇ ਕਦਰ ਦੀ ਆਸ ਵੀ ਨਹੀ ਰੱਖੀ। ਆਪਣਾ ਫਰਜ ਨਿਭਾਉਦਿਆਂ ਕਦੇ ਦਿਲ 'ਚ ਕਦੇ ਬੇਈਮਾਨੀ ਨਹੀਂ ਰੱਖੀ। ਆਪਣੇ ਤੋਂ ਵੱਡਿਆਂ ਤੋਂ ਜਿੰਦਗੀ ਦਾ ਤਜਰਬਾ ਸਿੱਖਣ ਲਈ ਕਦੇ ਉਹਨਾਂ ਦੇ ਪੈਰ ਨਈ ਛੱਡੇ ਅਤੇ ਆਪਣੇ ਤੋਂ ਛੋਟਿਆਂ ਦਾ ਸਹਾਰਾ ਬਨਣ ਲਈ ਉਹਨਾਂ ਦੇ ਹੱਥ, ਕਦੇ ਅੱਧ ਵਾਟੇ ਨਈ ਛੱਡੇ। ਉਹਨਾਂ ਨੂੰ ਉਹਨਾਂ ਦੀਆਂ ਮੰਜਿਲਾਂ 'ਤੇ ਪੁਚਾ ਕੇ ਹੀ ਸਾਹ ਲਿਆ ਐ। ਉਹਨਾਂ ਦੋਸਤਾਂ ਮਿਤਰਾਂ ਦੀਆਂ ਦੁਆਵਾਂ ਸਦਕਾ ਰੱਬ ਨੇ ਮੈਥੋਂ ਕੁਝ ਵੀ ਲੁਕੋ ਕੇ ਨਹੀਂ ਰੱਖਿਆ। ਸ਼ਾਇਦ ਕਈ ਲੋਕ ਆਪਣੇ ਫਰਜੋਂ ਅਲਗਰਜ ਹੋ ਸਾਡੀ ਬੇਕਦਰੀ ਵੀ ਕਰਦੇ ਨੇ। ਉਨ੍ਹਾਂ ਆਪਣਾ ਕਰਮ ਕਰਨਾ ਤੇ ਮੈਂ ਆਪਣਾ। ਅਜਿਹੇ ਲੋਕਾਂ ਦੀ ਪ੍ਰਵਾਹ ਕੀਤੇ ਬਿਨਾਂ ਬੜੀ ਦੂਰ ਤੱਕ ਜਾਣਾ ਏ..!

ਬੇਕਦਰਿਆਂ ਦੀ ਕਦੇ ਬਦਲੇ ਦੀ ਭਾਵਨਾ ਨਾਲ ਬੇਕਦਰੀ ਨਈ ਕੀਤੀ। ਸ਼ਾਇਦ ਸਮੇਂ ਨਾਲ ਉਹਨਾਂ ਨੂੰ ਉਨ੍ਹਾਂ ਦੇ ਕੀਤੇ ਮਾੜੇ ਵਤੀਰੇ 'ਤੇ ਅਫਸੋਸ ਜਰੂਰ ਹੋਊ। ਮਹਿਫ਼ਿਲਾਂ 'ਚ ਇੱਜਤ ਮਾਨ ਬਣਾਉਣ ਲਈ, ਪਿੰਡ 'ਚ ਨਾਮ ਬਣਾਉਣ ਲਈ। ਕਿਸੇ ਨੂੰ ਮਿੱਠੇ ਪੋਚੇ ਨਈ ਮਾਰੇ। ਮਤਲਬ ਲਈ ਕਦੇ ਕਿਸੇ ਦੀ ਜੀ ਹਜੂਰੀ ਨਈ ਕੀਤੀ। ਜਿਥੇ ਵਿਗੜਗੀ ਸੋ ਵਿਗੜਗੀ। ਬੱਸ ਆਪਣੇ ਫਰਜਾਂ ਨਾਲ ਕਦੇ ਕਿਸੇ ਨਾਲ ਸਮਝੌਤਾ ਨਹੀਂ ਕੀਤਾ, ਬਸ ਕਦਰ, ਨਾਂ ਮਾਨ ਸਨਮਾਨ ਪੈਸਾ ਸ਼ੋਹਰਤ ਆਪਣੇ ਆਪ ਝੋਲੀ ਪੈ ਰਹੀ ਏ। ਜਿਹੜਾ ਸੂਰਜ ਕੇਰਾਂ ਚੜਿਆ ਓਸ ਨੇ ਇੱਕ ਦਿਨ ਅਸਤ ਜ਼ਰੂਰ ਹੋਣੈ, ਇੱਕ ਦਿਨ ਮੈਂ ਵੀ ਨੀ ਰਹਿਣਾ ਮੇਰਾ ਨਾਂ, ਮੇਰੀ ਦੌਲਤ, ਸ਼ੋਹਰਤ ਨੇ ਮੁੱਕ ਜਾਣੈ ਪਰ ਮੈਥੋਂ ਬਾਅਦ ਵੀ ਮੈਂ ਆਪਣੇ ਦੋਸਤਾਂ ਮਿੱਤਰਾਂ ਦੇ ਦਿਲਾਂ 'ਚ ਜਿਉਂਦਾ ਰਹੂੰ, ਐਨਾ ਕੁ ਤਾਂ ਮੈਨੂੰ ਯਕੀਨ ਐ ਮੇਰੇ 'ਤੇ।

ਬੇਕਦਰਿਆਂ ਨੂੰ ਤੇ ਕਦਰ ਕਰਨ ਵਾਲਿਆਂ ਨੂੰ ਦਿਲੋਂ ਸਲਾਮ
ਬਾਕੀ ਦਿਲ ਦੀਆਂ ਗੱਲਾਂ ਫੇਰ ਕਦੇ ਕਰਾਂਗੇ
ਸ਼ੱਬਾ ਖੈਰ

**-ਲੋਕੇਸ਼ ਮਾਨਸਾ, ਸੰਪਰਕ: 94631-77177**
**ਪੇਸ਼ਕਸ਼ : ਗੁਰਜੰਟ ਸਿੰਘ ਨਥੇਹਾ**
**+918968727272, +918968407272**

## ਕਰੋਨਾ ਦੌਰਾਨ ਮਾਪਿਆਂ ਨੂੰ ਗਵਾਉਣ ਵਾਲੇ ਬੱਚਿਆਂ ਨੂੰ ਦਿੱਤਾ ਜਾ ਰਿਹੈ ਪੀ.ਐਮ. ਕੇਅਰ ਫਾਰ ਚਿਲਡਰਨ ਸਕੀਮ ਦਾ ਲਾਭ: ਡਿਪਟੀ ਕਮਿਸ਼ਨਰ ਸੰਦੀਪ ਰਿਸ਼ੀ

### ਬੱਚੇ ਦੀ ਉਮਰ 23 ਸਾਲ ਹੋਣ 'ਤੇ ਦਿੱਤੀ ਜਾਵੇਗੀ 10 ਲੱਖ ਦੀ ਵਿਤੀ ਸਹਾਇਤਾ



**ਸੰਗਰੂਰ ( ਰਣਜੀਤ ਸਿੰਘ ਪੇਧਨੀ )**-ਡਿਪਟੀ ਕਮਿਸ਼ਨਰ, ਸ਼੍ਰੀ ਸੰਦੀਪ ਰਿਸ਼ੀ ਨੇ ਆਪਣੇ ਦਫਤਰ ਵਿਖੇ ਪੀ.ਐਮ. ਕੇਅਰ ਫਾਰ ਚਿਲਡਰਨ ਅਧੀਨ ਕਰੋਨਾ ਦੌਰਾਨ ਮਾਪਿਆਂ ਨੂੰ ਗਵਾਉਣ ਵਾਲੇ 4 ਬੱਚਿਆਂ ਨਾਲ ਮੁਲਾਕਾਤ ਕੀਤੀ। ਡਿਪਟੀ ਕਮਿਸ਼ਨਰ ਵੱਲੋਂ ਹਰ ਸਾਲ ਇਹਨਾਂ ਬੱਚਿਆਂ ਨਾਲ ਮੁਲਾਕਾਤ ਕੀਤੀ ਜਾਂਦੀ ਹੈ। ਇਸ ਦੌਰਾਨ ਡਿਪਟੀ ਕਮਿਸ਼ਨਰ ਵੱਲੋਂ ਬੱਚਿਆਂ ਦੀ ਪੜ੍ਹਾਈ, ਸਿਹਤ ਤੇ ਹੋਰ ਵੱਖ-ਵੱਖ ਪੱਖਾਂ ਸਬੰਧੀ ਵਿਚਾਰ ਚਰਚਾ ਕਰਦਿਆਂ ਸੁਨਿਸ਼ਚਿਤ ਕੀਤਾ ਗਿਆ ਕਿ ਇਹਨਾਂ ਬੱਚਿਆਂ ਨੂੰ ਸਪਾਂਸਰਸ਼ਿਪ ਸਕੀਮ ਅਧੀਨ 4000 ਪ੍ਰਤੀ ਮਹੀਨਾ ਦਿੱਤੇ ਜਾ ਰਹੇ ਹਨ ਅਤੇ ਬੱਚਿਆਂ ਦੀ ਉਮਰ 23 ਸਾਲ ਹੋਣ 'ਤੇ 10 ਲੱਖ ਰੁਪਏ ਦੀ ਵਿੱਤੀ ਸਹਾਇਤਾ ਦਿੱਤੀ ਜਾਵੇ। ਸ਼੍ਰੀ ਰਿਸ਼ੀ ਨੇ ਕਿਹਾ ਕਿ ਜੇਕਰ ਕਿਸੇ ਵੀ ਬੱਚੇ ਨੂੰ ਕੋਈ ਮੁਸ਼ਕਿਲ ਆਉਂਦੀ ਹੈ ਤਾਂ ਬੱਚੇ ਉਹਨਾਂ ਨਾਲ ਸਿੱਧੇ ਤੌਰ 'ਤੇ ਸੰਪਰਕ ਕਰ ਸਕਦੇ ਹਨ ਤਾਂ ਜੋ ਉਹਨਾਂ ਦੀਆਂ ਮੁਸ਼ਕਿਲਾਂ ਦਾ ਜਲਦ ਤੋਂ ਜਲਦ ਹੱਲ ਕੀਤਾ ਜਾ ਸਕੇ। ਇਸ ਮੌਕੇ ਉਹਨਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸਰਕਾਰ ਦੀਆਂ ਸਾਰੀਆਂ ਸਕੀਮਾਂ ਦਾ ਲਾਭ ਵੱਧ ਤੋਂ ਵੱਧ ਯੋਗ ਲਾਭਪਾਤਰੀਆਂ ਤਕ ਪੁਜਦਾ ਕਰਨ ਵਿੱਚ ਕੋਈ ਕਸਰ ਨਹੀਂ ਛੱਡੀ ਜਾ ਰਹੀ। ਇਸ ਦੇ ਨਾਲ ਹੀ ਉਹਨਾਂ ਦੁਆਰਾ ਬੱਚਿਆਂ ਦੇ ਉੱਜਲ ਭਵਿੱਖ ਦੀ ਕਾਮਨਾ ਕੀਤੀ ਗਈ। ਇਸ ਮੌਕੇ ਜ਼ਿਲ੍ਹਾ ਬਾਲ ਸੁਰੱਖਿਆ ਅਫਸਰ ਸ਼੍ਰੀਮਤੀ ਨਵਨੀਤ ਕੌਰ ਅਤੇ ਜ਼ਿਲ੍ਹਾ ਬਾਲ ਸੁਰੱਖਿਆ ਯੂਨਿਟ ਸੰਗਰੂਰ ਦਾ ਸਟਾਫ ਤੇ ਬੱਚਿਆਂ ਦੇ ਗਾਰਡੀਅਨ ਹਾਜ਼ਰ ਸਨ।

## ਡੈਂਗੂ ਦੇ ਖਾਤਮੇ ਲਈ ਜਾਗਰੂਕਤਾ ਦੀ ਲੋੜ -ਐਸ ਆਈ ਅਸ਼ੋਕ ਕੁਮਾਰ



**ਧੂਰੀ ( ਰਣਜੀਤ ਸਿੰਘ ਪੇਧਨੀ )**-ਸਿਵਲ ਸਰਜਨ ਸੰਗਰੂਰ ਡਾਕਟਰ ਸੰਜੇ ਕਾਮਰਾ ਜੀ ਦੇ ਦਿਸ਼ਾ ਨਿਰਦੇਸ਼ਾ ਅਨੁਸਾਰ ਅਤੇ ਜਿਲਾਂ ਐਪੀਡੀਮੋਲੋਜਿਸਟ ਡਾਕਟਰ ਉਪਾਸਨਾ ਬਿੰਦਰਾਂ ਜੀ ਅਤੇ ਐਸ ਐਮ ਓ ਸੁਦੀਪ ਸਿੱਧੂ ਜੀ ਦੀ ਯੋਗ ਅਗਵਾਈ ਅਤੇ ਅਸ਼ੋਕ ਕੁਮਾਰ ਐਸ ਆਈ ਅਤੇ ਗੁਰਜੰਟ ਸਿੰਘ ਐਸ ਆਈ ਦੀ ਸੁਪਰਵੀਜਨ ਵਿੱਚ ਸੈਕਟਰ ਕਾਂਝਲਾ ਆਧੀਨ ਬਾਲੀਆਂ, ਕੁੰਭੜਵਾਲ, ਕਾਂਝਲਾ, ਪੁੰਨਾਵਾਲ, ਬੇਨੜਾ ਵਿਖੇ ਵੈਕਟਰ ਬੌਰਨ ਡਜ਼ੀਜ ਐਕਟੀਵਿਟੀ ਕੀਤੀ ਗਈ। ਜਿਸ ਦੌਰਾਨ ਅਸ਼ੋਕ ਕੁਮਾਰ ਐਸ ਆਈ ਅਤੇ ਗੁਰਜੰਟ ਸਿੰਘ ਐਸ ਆਈ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਡੈਂਗੂ ਇੱਕ ਵਾਇਰਲ ਬੁਖਾਰ ਹੈ ਜੋ ਏਡੀਜ ਅਜਿਪਟੀ ਨਾਮ ਦੇ ਮੱਛਰ ਦੇ ਕੱਟਣ ਨਾਲ ਹੁੰਦਾ ਹੈ ਇਹ ਮੱਛਰ ਹਮੇਸ਼ਾ ਸਾਫ਼ ਅਤੇ ਖੜੇ ਪਾਣੀ ਵਿੱਚ ਪੈਦਾ ਹੁੰਦਾ ਹੈ ।ਇਹ ਮੱਛਰ ਕੂਲਰ ਦੇ ਪਾਣੀ ਵਿੱਚ ਅਤੇ ਫਰਿੱਜਾਂ ਪਿੱਛੇ ਲੱਗੀਆਂ ਟਰੇਆਂ, ਗਮਲਿਆਂ, ਕੰਨਟੇਨਰਾ, ਖੈਲਾ ਛੱਤ ਤੇ ਪਏ ਕਬਾੜ ਟਾਇਰਾਂ ਆਦਿ ਖੜੇ ਪਾਣੀ ਵਿੱਚ ਪੈਦਾ ਹੁੰਦਾ ਹੈ ਇਸ ਲਈ ਸਾਨੂੰ ਇੱਕ ਹਫਤੇ ਤੋਂ ਵੱਧ ਕਿਤੇ ਵੀ ਸਾਫ਼ ਪਾਣੀ ਨੀ ਖੜਾ ਹੋਣ ਦੇਣਾ ।ਹਫਤੇ ਬਰਤਨਾਂ ਵਿਚਲਾ ਖੜਾ ਪਾਣੀ ਬਦਲ ਦੇਣਾ ਚਾਹੀਦਾ ਹੈ ਅਤੇ ਬਰਤਨਾ ਨੂੰ ਪੂਰੀ ਤਰ੍ਹਾਂ ਸੁੱਕਾ ਕੇ ਫਿਰ ਤੋਂ ਵਰਤੋਂ ਵਿੱਚ ਲਿਆਂਦਾ ਜਾਵੇ। ਇਹ ਮੱਛਰ ਸਵੇਰੇ ਸ਼ਾਮ ਕੱਟਦਾ ਹੈ ਇਸ ਲਈ ਸਵੇਰੇ ਸ਼ਾਮ ਪੂਰੇ ਕੱਪੜੇ ਪਹਿਨਣੇ ਚਾਹੀਦੇ ਹਨ ਜੇ ਕਰ ਕਿਸੇ ਵਿਆਕਤੀ ਨੂੰ ਤੇਜ਼ ਸਿਰ ਦਰਦ ਅਤੇ ਤੇਜ਼ ਬੁਖਾਰ, ਅੱਖਾਂ ਦੇ ਪਿਛਲੇ ਹਿੱਸੇ ਵਿੱਚ ਦਰਦ, ਮਾਸ ਪੇਸ਼ੀਆਂ ਅਤੇ ਜੋੜਾਂ ਵਿੱਚ ਦਰਦ, ਜੀ ਕੱਚਾ ਹੋਣਾ ਅਤੇ ਉਲਟੀਆਂ, ਹਾਲਤ ਖ਼ਰਾਬ ਹੋਣ ਤੇ ਨੱਕ, ਮੂੰਹ ਅਤੇ ਮਸੂੜਿਆਂ ਵਿੱਚੋਂ ਖ਼ੂਨ ਵੱਗਣਾ ਆਦਿ ਤਾਂ ਸਾਨੂੰ ਡੈਂਗੂ ਹੋਣ ਦੀਆਂ ਸੰਭਾਨਾਵਾਂ ਹੋ ਸਕਦੀਆਂ ਹਨ ਇਹਨਾਂ ਹਾਲਤਾਂ ਵਿੱਚ ਮਰੀਜ਼ ਨੂੰ ਵੱਧ ਤੋਂ ਵੱਧ ਤਰਲ ਪਦਾਰਥ ਦੇਣੇ ਚਾਹੀਦੇ ਹਨ ਅਤੇ ਮਰੀਜ਼ ਨੂੰ ਵੱਧ ਤੋਂ ਵੱਧ ਆਰਾਮ ਕਰਨਾ ਚਾਹੀਦਾ ਹੈ ਅਤੇ ਮਰੀਜ ਦੇ ਖਾਣਾ ਹਲਕਾ ਦੇਣਾ ਚਾਹੀਦਾ ਹੈ ਜੇ ਕਰ ਮਰੀਜ਼ ਦੀ ਹਾਲਤ ਖ਼ਰਾਬ ਲੱਗੇ ਤਾਂ ਮਰੀਜ਼ ਨੂੰ ਨੇੜੇ ਦੇ ਸਿਹਤ ਕੇਂਦਰ ਨਾਲ ਸੰਪਰਕ ਕਰਨਾ ਚਾਹੁੰਦਾ ਹੈ ।ਸਾਰੇ ਸਰਕਾਰੀ ਹਸਪਤਾਲਾਂ ਵਿੱਚ ਡੈਂਗੂ ਦਾ ਟੈਸਟ ਅਤੇ ਇਲਾਜ ਬਿਲਕੁਲ ਮੁਫ਼ਤ ਕੀਤਾ ਜਾਂਦਾ ਹੈ । ਸਾਧੂ ਸਿੰਘ ਪੇਧਨੀ, ਹਰਜੀਤ ਸਿੰਘ, ਅਮਰੀਕ ਸਿੰਘ ਸਿੱਧੂ , ਗੁਰਵਿੰਦਰ ਸਿੰਘ, ਜਸਵਿੰਦਰ ਸਿੰਘ ਸੰਧੂ, ਗੁਰਪ੍ਰੀਤ ਸਿੰਘ ਮ,ਪ,ਹ,ਵ (ਮ) ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਪਿੰਡ ਚੰਨਣਕੇ ਵਿੱਚ

# ਕਿਸਾਨ-ਮਜਦੂਰ ਯੂਨੀਅਨ ਸੰਘਰਸ਼ ਕਮੇਟੀ ਦੀ ਮੀਟਿੰਗ ਹੋਈ



**ਚੌਕ ਮਹਿਤਾ, 7 ਜੁਲਾਈ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਪਿੰਡ ਚੰਨਣਕੇ ਵਿੱਚ ਕਿਸਾਨ ਮਜਦੂਰ ਸੰਘਰਸ ਕਮੇਟੀ ਪੰਜਾਬ ਜਿਲਾ ਪ੍ਰਧਾਨ ਰਣਜੀਤ ਸਿੰਘ ਕਲੇਰ ਬਾਲਾ ਦੀ ਅਗਵਾਈ ਵਿੱਚ ਪਿੰਡ ਵੱਡੇ ਚੰਨਣਕੇ ਵਿੱਚ ਹੋਈ। ਜਿਸ ਵਿੱਚ ਕਿਸਾਨ ਮਜਦੂਰ ਦੀ ਵਿਸਾਲ ਮੀਟਿੰਗ ਕਰਵਾਈ ਗਈ। ਜਿਸ ਵਿੱਚ ਵੱਡੀ ਗਿਣਤੀ ਵਿੱਚ ਕਿਸਾਨ ਮਜਦੂਰਾਂ ਅਤੇ ਬੀਬੀਆ ਨੇ ਹਿਸਾ ਲਿਆ। ਜਿਸ ਵਿੱਚ ਰਣਜੀਤ ਸਿੰਘ ਕਲੇਰ ਬਾਲਾ ਨੇ ਸਰਕਾਰ ਦੀ ਲੈਂਡ ਪੋਲਸੀ ਨੀਤੀ ਬਾਰੇ ਵਿਸਥਾਰ ਨਾਲ ਲੋਕਾਂ ਨੂੰ ਸਮਝਿਆ ਕਿ ਕਿਸ ਤਰ੍ਹਾਂ ਸਰਕਾਰ ਲੋਕਾਂ ਨਾਲ ਬੇਇਨਸਾਫ਼ੀ ਕਰ ਰਹੀ ਹੈ। ਅਤੇ ਬਿਜਲੀ ਵਿਭਾਗ ਨੂੰ ਸਰਕਾਰ ਪ੍ਰਾਈਵੇਟ ਕੰਪਨੀਆਂ ਦੇ ਹੱਥਾਂ ਵਿੱਚ ਦੇ ਰਹੀ ਹੈ। ਜੋ ਕਿ ਸਰਕਾਰ ਦੀ ਨੀਤੀ ਲੋਕਾਂ ਪਰਤੀ ਗਲਤ ਸਾਬਤ ਹੋ ਰਹੀ ਹੈ ਸਰਕਾਰ ਦੇ ਹੁਕਮਾਂ ਤਹਿਤ ਬਿਜਲੀ ਬੋਰਡ ਪਿਡਾਂ ਵਿੱਚ ਚਿੱਪ ਵਾਲੇ ਮੀਟਰ ਲਾ ਰਹੀ ਹੈ। ਜਿੰਨਾ ਦਾ ਬੋਜ ਪਿੰਡ ਵਾਲੇ ਲੋਕ ਨਹੀਂ ਸਾਹ ਸਕਦੀ। ਇੰਨਾ ਨੀਤੀਆਂ ਦੇ ਖਿਲਾਫ਼ ਸੰਘਰਸ਼ ਕਮੇਟੀ ਵੱਲੋਂ 14 ਜੁਲਾਈ ਨੂੰ ਚੀਫ਼ ਇੰਨਜੀਨਅਰ ਅੰਮ੍ਰਿਸਰ ਦੇ ਦਫਤਰ ਅੱਗੇ ਬਹੁਤ ਵੱਡਾ ਧਰਨਾ ਲਗਾਇਆ ਜਾ ਰਿਹਾ ਹੈ। ਇਸ ਧਰਨੇ ਵਿੱਚ ਪਾਹੁੰਚਣ ਵਿੱਚ ਲੋਕਾਂ ਨੇ ਸਹਿਮਤੀ ਪ੍ਰਗਟ ਕੀਤੀ ਅਤੇ ਸਰਕਾਰ ਦੀਆਂ ਇੰਨਾ ਨੀਤੀਆਂ ਦਾ ਵਿਰੋਧ ਕਰਨ ਵਾਸਤੇ ਡਟਨ ਲਈ ਸਰਕਾਰ ਦੇ ਵਿਰੁੱਧ ਫੈਸਲਾ ਲਿਆ। ਇਸ ਮੌਕੇ ਤੇ ਮਹਿਤਾ ਜੋਨ ਸਕੱਤਰ ਸ਼ਿਵਚਰਨ ਸਿੰਘ, ਗੁਰਭੇਜ ਸਿੰਘ ਸੂੱਰੋ ਪੱਡਾ, ਪ੍ਰਧਾਨ ਗੁਰਪ੍ਰੀਤ ਸਿੰਘ, ਸਰਪੰਚ ਕੁਲਵਿੰਦਰ ਸਿੰਘ ਮਿੱਠਾ, ਪ੍ਰਧਾਨ ਲਖਵਿੰਦਰ ਸਿੰਘ, ਪ੍ਰਧਾਨ ਗੁਰਬਿੰਦਰ ਸਿੰਘ, ਜਥੇਦਾਰ ਜਗਤਾਰ ਸਿੰਘ, ਨਰਾਇਣ ਸਿੰਘ, ਨਵਦੀਪ ਸਿੰਘ ਬਾਠ, ਅਮਨਦੀਪ ਸਿੰਘ ਜੰਡੂ, ਡਾ, ਸਤਨਾਮ ਸਿੰਘ, ਇੰਦਰਜੀਤ ਸਿੰਘ ਲਾਡਾ,ਸਾਬਕਾ ਸਰਪੰਚ ਮੇਜਰ ਸਿੰਘ ਸਹੋਤਾ, ਮੰਗਲ ਸਿੰਘ ਮੈਬਰ, ਕਾਲਾ ਸਿੰਘ, ਉਅੰਕਾਰ ਸਿੰਘ, ਹਰਦੇਵ ਸਿੰਘ, ਬਰਜਿੰਦਰ ਸਿੰਘ, ਮੈਬਰ ਲਖਵਿੰਦਰ ਸਿੰਘ, ਬਾਬਾ ਬਲਵਿੰਦਰ ਸਿੰਘ, ਬਾਬਾ ਮਨਜੀਤ ਸਿੰਘ ਆਦਿ ਬਹੁਤ ਗਿਣਤੀ ਵਿੱਚ ਆਗੂ ਅਤੇ ਬੀਬੀਆ ਹਾਜਰ ਸਨ।

### ਹਰਿਦੁਆਰ ਤੇ ਨਾਂਦੇੜ ਨੂੰ

# ਸ਼ੁਰੂ ਹੋਈ ਰੇਲ ਤੇ ਧੰਨਵਾਦ—ਸੀਨੀਅਰ ਸਿਟੀਜਨ ਫੋਰਮ



ਫ਼ਿਰੋਜ਼ਪੁਰ, 7 ਜੁਲਾਈ (ਮਨੋਹਰ ਲਾਲ):— ਸੀਨੀਅਰ ਸਿਟੀਜਨ ਫੋਰਮ ਫਿਰੋਜ਼ਪੁਰ ਦੀ ਮਹੀਨਾਵਾਰ ਮੀਟਿੰਗ ਬਾਗਬਾਨ ਦਫਤਰ ਬਾਹਰਵਾਰ ਮੱਖੂ ਗੇਟ ਫਿਰੋਜ਼ਪੁਰ ਸ਼ਹਿਰ ਵਿਖ਼ੇ ਸ੍ਰੀ ਪਰਦੀਪ ਧਵਨ ਦੀ ਅਗਵਾਈ ਹੇਠ ਹੋਈ ਮੰਤਰੀ ਜਿਸ ਵੱਡੀ ਗਿਣਤੀ ਵਿਚ ਫੋਰਮ ਦੇ ਆਹੁਦੇਦਾਰ ਅਤੇ ਮੈਂਬਰ ਸਾਹਿਬਾਨ ਹਾਜਰ ਹੋਏ। ਇਸ ਸਮੇਂ ਅਹਿਮਦਾਬਾਦ ਵਿਖੇ ਹਵਾਈ ਜਹਾਜ਼ ਹਾਦਸੇ ਵਿੱਚ ਮਾਰੇ ਗਏ ਮ੍ਰਿਤਕਾਂ ਨੂੰ ਅਤੇ ਸੀਨੀਅਰ ਸਿਟੀਜਨ ਫੋਰਮ ਫਿਰੋਜ਼ਪੁਰ ਦੇ ਮਿਰਤਕ ਸਾਥੀਆਂ ਨੂੰ ਸ਼ਰਧਾਂਜਲੀ ਭੇਂਟ ਕੀਤੀ ਗਈ। ਇਸ ਮੌਕੇ ਹਾਜ਼ਰ ਸਾਥੀਆਂ ਨੇ ਸੰਬੋਧਨ ਕਰਦਿਆਂ ਕਿਹਾ ਕਿ ਫਿਰੋਜਪੁਰ ਤੋਂ ਹਰਦੁਆਰ ਅਤੇ ਨੰਦੇੜ ਹਜ਼ੂਰ ਸਾਹਿਬ ਲਈ ਪਹਿਲੀ ਵਾਰ ਸ਼ੁਰੂ ਕੀਤੀਆਂ ਗਈਆਂ ਰੇਲ ਗੱਡੀਆਂ ਲਈ ਰੇਲਵੇ ਅਧਿਕਾਰੀਆਂ ਅਤੇ ਰੇਲਵੇ ਮੰਤਰੀ ਦਾ ਫੋਰਮ ਵੱਲੋਂ ਧੰਨਵਾਦ ਕੀਤਾ ਗਿਆ ਅਤੇ ਇਹ ਮੰਗ ਕੀਤੀ ਕਿ ਫ਼ਿਰੋਜ਼ਪੁਰ ਤੋਂ ਹਰਦੁਆਰ ਅਤੇ ਸ੍ਰੀ ਹਜੂਰ ਸਾਹਿਬ ਲਈ ਹਫਤੇ ਵਿੱਚ ਦੋ ਵਾਰ ਰੇਲ ਗੱਡੀਆਂ ਚਲਾਈਆਂ ਜਾਣ। ਇਹ ਵੀ ਮੰਗ ਕੀਤੀ ਕਿ ਇੰਟਰ ਸਿਟੀ ਟ੍ਰੇਨ ਜੋ ਨਵੀਂ ਦਿੱਲੀ ਤੋਂ ਮੋਗਾ ਤੱਕ ਚੱਲ ਰਹੀ ਹੈ ਨੂੰ ਫ਼ਿਰੋਜ਼ਪੁਰ ਛਾਉਣੀ ਤੱਕ ਚਲਾਇਆ ਜਾਵੇ ਅਤੇ ਇਸੇ ਤਰ੍ਹਾਂ ਨਵੀਂ ਦਿੱਲੀ ਤੋਂ ਬਠਿੰਡਾ ਤੱਕ ਚੱਲ ਰਹੀ ਰੇਲ ਗੱਡੀ ਨੂੰ ਵੀ ਫ਼ਿਰੋਜ਼ਪੁਰ ਛਾਉਣੀ ਤੱਕ ਚਲਾਇਆ ਜਾਵੇ ਤਾਂ ਕਿ ਆਮ ਲੋਕਾਂ ਨੂੰ ਸਹੂਲਤ ਮਿਲ ਸਕੇ। ਇਸ ਦੇ ਇਲਾਵਾ ਬੇਸਹਾਰਾ ਪਸ਼ੂਆਂ ਅਤੇ ਕੁੱਤਿਆਂ ਦੀ ਸੰਭਾਲ ਕਰਨ ਦੇ ਉਪਰਾਲੇ ਕੀਤੇ ਜਾਣ ਤਾਂ ਕਿ ਹਾਦਸਿਆਂ ਕਾਰਨ ਬੱਚਿਆਂ ਅਤੇ ਬਜ਼ੁਰਗਾਂ ਦੀ ਜਾਨ ਮਾਲ ਦੀ ਰਾਖੀ ਹੋ ਸਕੇ, ਅੱਜ ਦੀ ਮੀਟਿੰਗ ਵਿੱਚ ਇਹ ਵੀ ਮੰਗ ਕੀਤੀ ਗਈ ਕਿ ਲੋਕਾਂ ਨੂੰ ਆਵਾਜਾਈ ਦੇ ਵੱਧ ਰਹੇ ਸਾਧਨਾ ਕਾਰਨ ਵਾਪਰਦੀਆਂ ਦੁਰਘਟਨਾਵਾਂ ਤੋਂ ਬਚਣ ਲਈ ਬਾਈ ਪਾਸ ਦਾ ਪਰਬੰਧ ਕੀਤਾ ਜਾਵੇ, ਲੋਕਾਂ ਦੀ ਜਾਨ ਮਾਲ ਦੀ ਰਾਖੀ ਲਈ ਲੁੱਟ ਖੋਅ ਦੀਆਂ ਵਾਰਦਾਤਾਂ ਨੂੰ ਨੱਥ ਪਾਈ ਜਾਵੇ। ਇਸ ਸਮੇਂ ਫੋਰਮ ਦੇ ਨਵੇਂ ਆਏ ਮੈਬਰ ਸਾਹਿਬਾਨ ਨੂੰ ਪਰਧਾਨ ਜੀ ਵੱਲੋਂ ਜੀ ਆਇਆ ਕਿਹਾ ਗਿਆ ਅਤੇ ਹਾਜਰ ਸਾਥੀਆਂ ਨੂੰ ਦਸਿਆ ਕਿ ਜਲਦੀ ਹੀ ਫੋਰਮ ਵੱਲੋਂ ਰੇਲਵੇ ਅਧਿਕਾਰੀਆਂ ਅਤੇ ਸਿਵਲ ਪ੍ਰਸ਼ਾਸ਼ਨ ਨਾਲ ਜਨਤਕ ਮਸਲਿਆਂ ਬਾਰੇ ਮੀਟਿੰਗ ਕੀਤੀ ਜਾਵੇਗੀ। ਇਸ ਸਮੇਂ ਹਾਜਰ ਸਾਥੀਆਂ ਨੇ ਫੋਰਮ ਦੇ ਚੇਅਰਮੈਨ ਸ੍ਰੀ ਐਸ.ਪੀ ਖੇੜਾ ਦੀ ਤੰਦਰੁਸਤੀ ਲਈ ਅਰਦਾਸ ਕੀਤੀ ਗਈ, ਇਸ ਮੌਕੇ ਪਰਦੀਪ ਧਵਨ ਪ੍ਰਧਾਨ, ਸਤੀਸ਼ ਪੁਰੀ ਸੀਨੀਅਰ ਮੀਤ ਪ੍ਰਧਾਨ, ਰਾਕੇਸ਼ ਸ਼ਰਮਾ ਕੋਆਰਡੀਨੇਟਰ, ਮੁਹਿੰਦਰ ਸਿੰਘ ਧਾਲੀਵਾਲ ਜਨਰਲ ਸਕੱਤਰ, ਦੇਸ਼ ਬੰਧੂ ਤੁਲੀ ਪੈਟਰਨ, ਤਿਲਕ ਰਾਜ ਏਰੀ, ਅਸ਼ੋਕ ਕੁਮਾਰ ਕਾਕੜ, ਦਾਸ ਕੁਮਾਰ ਗੁਲਾਟੀ, ਪ੍ਰੇਮ ਨਾਥ ਰਸੀਆ, ਅਸ਼ੋਕ ਚੁੱਘ, ਪਰਵੇਸ਼ ਕੁਮਾਰ, ਅਸ਼ੋਕ ਚੁੱਘ, ਹਰੀਸ਼ ਮੋਂਗਾ, ਬਲਦੇਵ ਸਚਦੇਵਾ, ਸੁਭਾਸ਼ ਦਰਦ ਆਦਿ ਨੇ ਸੰਬੋਧਨ ਕੀਤਾ। ਇਸ ਮੌਕੇ ਸ਼ਾਮ ਲਾਲ ਗੱਖੜ, ਗਤਿੰਦਰ ਕਮਲ, ਅਸ਼ੋਕ ਕੁਮਾਰ ਗਰਗ, ਚਰਨਜੀਤ ਮਹਾਜਨ ਪ੍ਰੇਮ ਚੰਦ ਆਦਿ ਹਾਜ਼ਰ ਸਨ।

# ਸਾਬਕਾ ਵਿਧਾਇਕ ਜੁਗਿੰਦਰ ਸਿੰਘ ਜਿੰਦੂ ਵੱਲੋਂ ਬਖ਼ਸ਼ੀਸ਼ ਸਿੰਘ ਦੇ ਅਚਾਨਕ ਵਿਛੋੜੇ 'ਤੇ ਗਹਿਰੇ ਦੁੱਖ ਦਾ ਇਜ਼ਹਾਰ



ਫ਼ਿਰੋਜ਼ਪੁਰ, 7 ਜੁਲਾਈ (ਮਨੋਹਰ ਲਾਲ):— ਪਿੰਡ ਨੂਰਪੁਰ ਸੇਠਾਂ ਦੇ ਵਸਨੀਕ ਬਖਸ਼ੀਸ਼ ਸਿੰਘ (ਰਿਟਾਇਰਡ ਇੰਸਪੈਕਟਰ, ਪੰਜਾਬ ਰੋਡਵੇਜ਼) ਦੇ ਅਚਾਨਕ ਵਿਛੋੜੇ ਕਾਰਨ ਇਲਾਕੇ ਵਿੱਚ ਸੋਗ ਦੀ ਲਹਿਰ ਛਾ ਗਈ ਹੈ। ਉਨ੍ਹਾਂ ਦੇ ਨਿਧਨ ਦੀ ਖ਼ਬਰ ਸੁਣ ਕੇ ਇਲਾਕੇ ਦੇ ਸਮਾਜਿਕ, ਧਾਰਮਿਕ ਅਤੇ ਰਾਜਨੀਤਿਕ ਵਰਗਾਂ 'ਚ ਵੀ ਡੂੰਘਾ ਦੁੱਖ ਪ੍ਰਗਟਾਇਆ ਜਾ ਰਿਹਾ ਹੈ। ਇਸ ਸਬੰਧੀ ਸਾਬਕਾ ਵਿਧਾਇਕ ਜੁਗਿੰਦਰ ਸਿੰਘ ਜਿੰਦੂ ਨੇ ਬਖਸ਼ੀਸ਼ ਸਿੰਘ ਦੇ ਪੁੱਤਰ ਰਵਿੰਦਰਪਾਲ ਸਿੰਘ ਉਨ੍ਹਾਂ ਦੇ ਭਰਾ ਦਰਸ਼ਨ ਸਿੰਘ ਫੋਰਮੈਨ ਅਤੇ ਸਮੂਹ ਪਰਿਵਾਰ ਨਾਲ ਮਿਲ ਕੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਅਤੇ ਆਖਿਆ ਕਿ ਬਖ਼ਸ਼ੀਸ਼ ਸਿੰਘ ਇਕ ਨਿੱਖਰੇ ਚਰਿੱਤਰ ਵਾਲੇ ਇਨਸਾਨ ਸਨ ਜੋ ਸਾਰੀ ਜ਼ਿੰਦਗੀ ਇਮਾਨਦਾਰੀ ਨਾਲ ਆਪਣਾ ਫਰਜ਼ ਨਿਭਾਉਂਦੇ ਰਹੇ। ਪਰਿਵਾਰ ਨਾਲ ਦੁੱਖ ਸਾਂਝਾ ਕਰਦਿਆਂ ਜਿੰਦੂ ਨੇ ਆਖਿਆ ਕਿ ਮਰਹੂਮ ਨੇ ਹਮੇਸ਼ਾ ਸੱਚਾਈ ਅਤੇ ਲੋਕ ਸੇਵਾ ਨੂੰ ਆਪਣਾ ਮੂਲ ਮੰਤਰ ਬਣਾਇਆ। ਉਨ੍ਹਾਂ ਦੀ ਸਾਦਗੀ, ਨੇਕਦਿਲੀ ਅਤੇ ਲੋਕ ਭਲਾਈ ਦੇ ਕਾਰਜਾਂ ਨੂੰ ਹਮੇਸ਼ਾ ਯਾਦ ਰੱਖਿਆ ਜਾਵੇ ਗਾ। ਵਿਧਾਇਕ ਨੇ ਪਰਿਵਾਰ ਦੇ ਦੁੱਖ ਨੂੰ ਆਪਣਾ ਦੁੱਖ ਦੱਸਦਿਆਂ ਕਿਹਾ ਕਿ ਇਸ ਦੁੱਖ ਦੀ ਘੜੀ 'ਚ ਉਹ ਪਰਿਵਾਰ ਦੇ ਨਾਲ ਖੜੇ ਹਨ ਅਤੇ ਅਕਾਲਪੁਰਖ ਤੋਂ ਪ੍ਰਾਰਥਨਾ ਕਰਦੇ ਹਨ ਕਿ ਉਹ ਪਰਿਵਾਰ ਨੂੰ ਇਹ ਅਸਹਿ ਦੁੱਖ ਸਹਿਣ ਦੀ ਤਾਕਤ ਬਖ਼ਸ਼ੇ। ਇਸ ਮੌਕੇ ਉਨ੍ਹਾਂ ਨਾਲ ਜੁਗਿੰਦਰ ਸਿੰਘ ਸਾਮਾ, ਰਘਬੀਰ ਸਿੰਘ ਮੁਲਾਜ਼ਮ ਆਗੂ, ਹਰਗੁਰਮੀਤ ਸਿੰਘ ਧਾਲੀਵਾਲ, ਬਲਵੀਰ ਸਿੰਘ ਜੰਡੂ, ਸੁਖਚੈਨ ਸਿੰਘ, ਸਵਰਨ ਸਿੰਘ ਬਿੱਟੂ, ਸਾਹਿਬ ਧਾਲੀਵਾਲ, ਰਾਣ ਧਾਲੀਵਾਲ, ਜਤਿੰਦਰ ਸਿੰਘ ਡਿੰਪਾ, ਹਰਬੰਸ ਸਿੰਘ ਬੱਟੀ, ਗੁਰਪ੍ਰੀਤ ਧਾਲੀਵਾਲ, ਹਰਜਿੰਦਰ ਸਿੰਘ ਸਾਮਾ ਪੰਚ ਆਦਿ ਵੀ ਹਾਜ਼ਰ ਸਨ।

# ਮੁੱਖ ਮੰਤਰੀ ਮਾਨ ਪੰਜਾਬ ਨੂੰ ਦੁਬਾਰਾ ਸੋਨੇ ਦੀ ਚਿੜੀ ਬਣਾਉਣ ਲਈ ਵਿਸ਼ੇਸ਼ ਉਪਰਾਲੇ ਕਰ ਰਹੇ ਹਨ: ਬਸੰਤ ਕੁਮਾਰ ਕਾਂਝਲਾ



**ਧੂਰੀ ( ਰਣਜੀਤ ਸਿੰਘ ਪੇਧਨੀ )**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਪੰਜਾਬ ਨੂੰ ਮੁੜ ਤੋਂ ਸੋਨੇ ਦੀ ਚਿੜੀ ਬਣਾਉਣ ਲਈ ਵੇਖੇ ਗਏ ਸੁਪਨੇ ਤਹਿਤ ਪੰਜਾਬ ਸਰਕਾਰ ਵੱਲੋਂ ਸੂਬੇ ਨੂੰ ਉਦਯੋਗਿਕ ਵਿਕਾਸ ਦੀਆਂ ਬੁਲੰਦੀਆਂ 'ਤੇ ਪਹੁੰਚਾਉਣ ਲਈ ਪੰਜਾਬ ਉਦਯੋਗ ਕ੍ਰਾਂਤੀ ਮੁਹਿੰਮ ਸ਼ੁਰੂ ਕੀਤੀ ਗਈ ਹੈ, ਜਿਸ ਨਾਲ ਸੂਬੇ ਵਿੱਚ ਉਦਯੋਗਿਕ ਵਿਕਾਸ ਨੂੰ ਵੱਡਾ ਹੁਲਾਰਾ ਮਿਲੇਗਾ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਆਪ ਆਗੂ, ਉੱਘੇ ਸਮਾਜ ਸੇਵੀ ਬਸੰਤ ਕੁਮਾਰ ਕਾਂਝਲਾ ਨੇ ਕੀਤਾ। ਉਨਾਂ ਕਿਹਾ ਕਿ ਜਿਸ ਤਰ੍ਹਾਂ ਸੂਬਾ ਸਰਕਾਰ ਵੱਲੋਂ ਪੰਜਾਬ ਸਿੱਖਿਆ ਕ੍ਰਾਂਤੀ ਅਧੀਨ ਸੂਬੇ ਦੇ ਸਰਕਾਰੀ ਸਕੂਲਾਂ ਦੀ ਨੁਹਾਰ ਬਦਲੀ ਗਈ ਹੈ, ਉਸੇ ਤਰ੍ਹਾਂ ਪੰਜਾਬ ਉਦਯੋਗ ਕ੍ਰਾਂਤੀ ਅਧੀਨ ਕੀਤੇ ਜਾਣ ਵਾਲੇ ਉਪਰਾਲਿਆਂ ਸਦਕਾ ਸੂਬੇ ਵਿੱਚ ਨਿਵੇਸ਼ ਲਈ ਵੀ ਰਾਹ ਸੌਖਾ ਹੋਵੇਗਾ। ਉਨ੍ਹਾਂ ਕਿਹਾ ਕਿ ਪੰਜਾਬ ਉਦਯੋਗ ਕ੍ਰਾਂਤੀ ਅਧੀਨ ਕਾਰੋਬਾਰ ਸ਼ੁਰੂ ਕਰਨ ਜਾਂ ਅੱਗੇ ਵਧਾਉਣ ਲਈ 45 ਦਿਨਾਂ ਦੇ ਅੰਦਰ ਸਾਰੀਆਂ ਮਨਜ਼ੂਰੀਆਂ ਪ੍ਰਾਪਤ ਹੋਣਗੀਆਂ। ਪੰਜਾਬ ਉਦਯੋਗ ਕ੍ਰਾਂਤੀ ਅਧੀਨ ਪਲਾਂਟ ਅਤੇ ਮਸ਼ੀਨਰੀ ਵਿੱਚ 125 ਕਰੋੜ ਤੱਕ ਦੇ ਨਿਵੇਸ਼ਾਂ ਕਾਰੋਬਾਰ ਅਧਿਕਾਰ ਕਾਨੂੰਨ ਅਧੀਨ 3 ਕੰਮਕਾਜੀ ਦਿਨਾਂ ਵਿੱਚ ਸਿਧਾਤਕ ਪ੍ਰਵਾਨਗੀਆਂ ਮਿਲ ਜਾਣਗੀਆਂ, ਜਿਸ ਦੀ ਮਿਆਦ 3.5 ਸਾਲ ਦੀ ਹੋਵੇਗੀ।

# ਇਨਸਾਨ ਬਣੋ - ਹਵਾਨ ਨਹੀਂ—ਪੀ.ਸੀ ਕੁਮਾਰ

ਫ਼ਿਰੋਜ਼ਪੁਰ, 7 ਜੁਲਾਈ (ਮਨੋਹਰ ਲਾਲ) :— ਸਾਡੇ ਸਮਾਜ ਨੇ ਇੱਕ ਵਕਤ ਉਹ ਵੇਖਿਆ, ਜਦੋਂ ਗਊ ਹਿੰਦੂ ਲਈ ਪਵਿੱਤਰ ਸੀ, ਸੂਰ ਮੁਸਲਮਾਨ ਲਈ ਨਾਜਾਇਜ਼। ਰੱਬ ਹਰੇਕ ਨੂੰ ਆਪਣੇ—ਆਪਣੇ ਰੂਪ ਵਿਚ ਪਿਆਰਾ ਸ, ਪਰ ਅੱਜ ਸਾਰੀ ਦੁਨੀਆ ਤੋਂ ਰੱਬ ਦੀ ਰਾਬਤਾ ਜਿਵੇਂ ਗੁਆਚ ਗਈ ਹੈ। ਅਸੀਂ ਇਕ ਐਸੇ ਯੁੱਗ ਵਿਚ ਜੀ ਰਹੇ ਹਾਂ, ਜਿਥੇ ਨੈਤਿਕਤਾ, ਇਨਸਾਨੀਅਤ ਅਤੇ ਸੰਵੇਦਨਸ਼ੀਲਤਾ ਦੀਆਂ ਕਦਰਾਂ ਪਿਛੇ ਛੁੱਟ ਰਹੀਆਂ ਹਨ। ਇਹ ਵਿਚਾਰ ਸਾਂਝੇ ਕਰਦਿਆਂ ਪੀ.ਸੀ ਕੁਮਾਰ ਨੇ ਕਿਹਾ ਕਿ ਇਨਸਾਨੀਅਤ ਦੀ ਥਾਂ ਹਵਾਨੀਅਤ ਨੇ ਲੈ ਲਈ ਹੈ। ਨਾਰੀ ਹੁਣ ਨਾਰੀ ਨਹੀਂ, ਪੁਰਸ਼ ਪੁਰਸ਼ ਨਹੀਂ ਤੇ ਹਿਜੜਾ ਤਾਂ ਸਮਾਜ ਤੋਂ ਨਿਕਾਲਿਆ ਗਿਆ ਅਸਲੀ ਆਦਮੀ ਬਚਾ ਹੀ ਨਹੀਂ। ਲੋਕ ਬਚਿਆਂ ਦੇ ਭਰਣ ਪਾਲਣ ਦੀ ਆੜ ਵਿੱਚ ਦੋ ਨੰਬਰ ਧੰਧੇ ਨੂੰ ਵੀ ਜਾਇਜ਼ ਕਰਾਰ ਦੇ ਰਹੇ ਹਨ। ਮੰਨੋ ਜਾਂ ਨਾ ਮੰਨੋ, ਪਰ ਅਸੀਂ ਆਪਣੇ ਹੀ ਹੱਥੀਂ ਆਪਣੀ ਨਵੀਂ ਪੀੜ੍ਹੀ ਨੂੰ ਅਜਿਹਾ ਜ਼ਿਹਰ ਦੇ ਰਹੇ ਹਾਂ, ਜੋ ਭਵਿੱਖ ਨੂੰ ਖਾ ਜਾਏਗਾ।ਕਦੇ ਲੋਕ ਬੱਚਿਆਂ ਨੂੰ ਗਊ ਸੂਰ ਦੀ ਰੱਤ ਵਰਗਾ ਸੱਚ ਸਿਖਾਉਂਦੇ ਸਨ। ਅੱਜ ਝਾਤੀ ਮਾਰੋ ਤਾਂ ਹਰ ਪਾਸੇ ਨਿਕਰਮੀ, ਵਿਸ਼ਿਆਸਕਤੀ ਦੀ ਪੈਦਾਵਾਰ ਹੋ ਰਹੀ ਹੈ। ਗੁਰੂ ਨਾਨਕ ਦੇਵ ਜੀ ਤੋਂ ਲੈ ਕੇ ਗੁਰੂ ਗੋਬਿੰਦ ਸਿੰਘ ਜੀ ਤੱਕ ਨੇ ਜੋ ਇਨਸਾਨੀਅਤ ਦੀ ਰਾਖੀ ਲਈ ਕੁਰਬਾਨੀਆਂ ਦਿੱਤੀਆਂ, ਅਸੀਂ ਉਹ ਰਾਹ ਭੁੱਲ ਗਏ ਹਾਂ। ਸਾਡੀ ਬਚਾਈ, ਸਾਡੀ ਸਚਾਈ ਤੇ ਸਾਡੀ ਇਨਸਾਨੀਅਤ ਤਾਂ ਉੱਥੋਂ ਦੁਬਾਰਾ ਸ਼ੁਰੂ ਹੋ ਸਕਦੀ ਹੈ ਜਿੱਥੋਂ ਅਸੀਂ ਕਹਿਣੀ, ਕਰਨੀ ਅਤੇ ਕਥਨੀ ਨੂੰ ਇਕ ਕਰੀਏ। ਨਾ ਕਿਸੇ ਨਸ਼ੇ ਦੀ, ਨਾ ਧੋਖੇ ਦੀ, ਨਾ ਹੀ ਵਿਅਭਿਚਾਰ ਦੀ ਥਾਂ ਰਹਿ ਜਾਵੇ, ਤਾਂ ਧਰਤੀ ਤੇ ਸਵਰਗ ਉਤਰੇਗਾ। ਅਸੀਂ ਆਪਣੇ ਅੰਦਰ ਝਾਤੀ ਮਾਰਕੇ ਇਹ ਸੋਚੀਏ ਕਿ ਅਸੀਂ ਸਚਮੁੱਚ ਇਨਸਾਨ ਹਾਂ ਜਾਂ ਰੂਪ ਵਿੱਚ ਇਨਸਾਨ ਤੇ ਕਰਤੂਤਾਂ ਵਿੱਚ ਹਵਾਨ। ਇੱਕ ਪਿੰਡ ਸੀ ਛੋਟਾ ਜਿਹਾ ਪਰ ਇਮਾਨਦਾਰੀ ਅਤੇ ਇਨਸਾਨੀਅਤ ਵਿੱਚ ਵੱਡਾ। ਉਥੇ ਦੇ ਲੋਕ ਦੂਜੇ ਦੀ ਨਜਰ ਵਿਚ ਬੜੇ ਹੀ ਭਰੋਸੇਯੋਗ ਹੁੰਦੇ ਸਨ, ਪਰ ਇੱਕ ਦਿਨ ਪਿੰਡ ਦੇ ਘਿਉ ਵੇਚਣ ਵਾਲੇ ਨੇ ਝੂਠ ਬੋਲ ਦਿੱਤਾ। ਸਾਰਾ ਪਿੰਡ ਉਸ ਤੇ ਭਰੋਸਾ ਤੋੜ ਗਿਆ। ਮੰਨੋ, ਬੱਚਿਆਂ ਨੂੰ ਵੀ ਅਜਿਹੀ ਨਸੀਹਤ ਮਿਲੀ ਕਿ ਕਦੇ ਭੀ ਐਸੇ ਬੰਦੇ ਨੂੰ ਮੂੰਹ ਨਾ ਲਾਉਣਾ ਜਿਸ ਦੀ ਜੁਬਾਨ ਨਹੀਂ। ਸਾਲਾਂ ਬਾਅਦ, ਉਹੀ ਪਿੰਡ ਨਸ਼ਿਆਂ ਦਾ ਅੱਡਾ ਬਣ ਗਿਆ। ਲੋਕ ਕਹਿੰਦੇ, ਭਰਾ, ਬੱਚਿਆਂ ਦੀ ਪਾਲਣਾ ਕਰਣੀ ਹੈ, ਦੋ ਨੰਬਰ ਦਾ ਕੰਮ ਕਰਨਾ ਪੈਣਾ ਹੀ ਪੈਣਾ ਹੈ।ਲੋਕ ਇਤਬਾਰ ਨਾ ਕਮਾਈ ਨੂੰ ਕਦਰ ਦਿੰਦੇ ਨਾ ਪਵਿਤ੍ਰਤਾ ਨੂੰ। ਇਹ ਅਣਚਾਹੀ ਸੰਤਾਨ ਪੈਦ ਹੋ ਰਹੀ ਸੀ, ਜੋ ਨਾ ਇਨਸਾਨੀਅਤ ਨੂੰ ਸਮਝੇ, ਨਾ ਧਰਮ ਨੂੰ, ਨਾ ਧਰਤੀ ਨੂੰ। ਗੁਰੂ ਨਾਨਕ ਦੇਵ ਜੀ ਦਾ ਨੂਰੀ ਪੈਗਾਮ ਮਿੱਟ ਰਿਹਾ ਸੀ। ਸਾਰੀ ਧਰਤੀ ਉਥਲ—ਪੁਥਲ ਹੋ ਗਈ ਸੀ। ਇਸ ਪਿੰਡ ਵਿੱਚ ਇੱਕ ਬਜ਼ੁਰਗ ਸੀ, ਹਰੇਕ ਨੂੰ ਮਿਲਦਾ ਤੇ ਇੱਕ ਗੱਲ ਕਹਿੰਦਾ, ਇਨਸਾਨ ਬਣੋ, ਹਵਾਨ ਨਾ ਬਣੋ। ਸਦਾ ਯਾਦ ਰੱਖੋ, ਸੁਚੇ ਇਰਾਦੇ, ਪਵਿਤ੍ਰ ਜੀਵਨ ਅਤੇ ਸੱਚੀ ਜੁਬਾਨ ਹੀ ਇਨਸਾਨੀਅਤ ਦੀ ਸੰਜੀਵਨੀ ਹੈ।

**ਇਨਸਾਨੀਅਤ ਦੇ ਹਾਸੇ ਤੇ ਸੁਧਾਰ ਦੀ ਲੋੜ :** ਅੱਜ ਦਾ ਇਨਸਾਨ ਤਕਨਾਲੋਜੀ ਵਿੱਚ ਤਰੱਕੀ ਕਰ ਰਿਹਾ ਹੈ, ਪਰ ਨੈਤਿਕਤਾ ਵਿਚ ਪਿਛੇ ਜਾ ਰਿਹਾ ਹੈ। ਉਹ ਧਰਮ ਦੇ ਨਾਮ ਤੇ ਜਾਤ ਪਾਤ ਤੇ ਹਿੰਸਾ ਕਰਦਾ ਹੈ, ਪਰ ਆਪਣੇ ਅੰਦਰ ਦੇ ਰੱਬ ਨੂੰ ਭੁੱਲ ਚੁੱਕਾ ਹੈ। ਅਸੀਂ ਗਊ, ਸੂਰ, ਜਾਤ, ਮਸਜਿਦ, ਮੰਦਰ ਤੇ ਤਕਰਾਰ ਕਰਦੇ ਹਾਂ, ਪਰ ਇਨਸਾਨ ਨੂੰ ਭੁੱਲ ਗਏ ਹਾਂ। ਜਿਸ ਸਮਾਜ ਵਿੱਚ ਲੁੱਚੇ, ਗੁੰਡੇ, ਜਰ ਜੋਰੂ ਨੂੰ ਸਨਮਾਨ ਮਿਲੇ ਤੇ ਨੈਤਿਕ ਜੀਵਨ ਵਾਲਾ ਨਕਾਰੀਏ ਜਾਵੇ, ਉਹ ਸਮਾਜ ਆਪਣੀ ਤਬਾਹੀ ਦੀ ਤਿਆਰੀ ਕਰ ਰਿਹਾ ਹੈ, ਅਸੀਂ ਰੋਜ਼—ਰੋਜ਼ ਆਪਣੇ ਹੀ ਪੈਰਾਂ ਚ ਕੁਹਾੜੀ ਮਾਰ ਰਹੇ ਹਾਂ।

# ਬਿਜਨਸ ਬਲਾਸਟਰ ਐਕਸਪਰੋ ਪ੍ਰੋਗਰਾਮ ਵਿੱਚ ਸਰਕਾਰੀ ਸਕੂਲ (ਲੜਕੇ) ਦੇ ਵਿਦਿਆਰਥੀਆਂ ਨੇ ਕੀਤਾ ਸ਼ਾਨਦਾਰ ਪ੍ਰਦਰਸ਼ਨ

ਫ਼ਿਰੋਜ਼ਪੁਰ, 7 ਜੁਲਾਈ (ਮਨੋਹਰ ਲਾਲ) :— ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਦੀ ਰਹਿਨੁਮਾਈ ਹੇਠ ਸਕੂਲ ਸਿੱਖਿਆ ਵਿਭਾਗ ਵੱਲੋਂ ਪੰਜਾਬ ਵਿਚ ਪਹਿਲੀ ਵਾਰ ਆਯੋਜਿਤ ਬਿਜਨਸ ਬਲਾਸਟਰ ਐਕਸਪਰੋ 2025 ਆਈ.ਆਈ.ਟੀ ਰੋਪੜ ਵਿਖੇ ਹੋਇਆ। ਇਸ ਐਕਸਪਰੋ ਵਿੱਚ ਪੰਜਾਬ ਰਾਜ ਦੀਆਂ ਕੁਲ 50 ਟੀਮਾਂ ਨੇ ਭਾਗ ਲਿਆ। ਜਿਸ ਵਿੱਚ ਜ਼ਿਲਾ ਫਿਰੋਜ਼ਪੁਰ ਦੇ ਪੀ.ਐਮ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਲੜਕੇ) ਦੇ ਵਿਦਿਆਰਥੀਆਂ ਨੇ ਆਪਣੀ ਨਵੀਨਤਮ ਸੋਚ ਅਤੇ ਉਦਮੀ ਹੁਨਰ ਰਾਹੀਂ ਪੂਰੇ ਰਾਜ ਵਿੱਚ




ਬਿਹਤਰੀਨ ਪ੍ਰਦਰਸ਼ਨ ਕਰਦਿਆਂ ਜ਼ਿਲਾ ਫਿਰੋਜ਼ਪੁਰ ਦਾ ਨਾਂ ਰੋਸ਼ਨ ਕੀਤਾ। ਇਹ ਸਫਲਤਾ ਜ਼ਿਲਾ ਸਿੱਖਿਆ ਅਫਸਰ ਸੀਨੀਅਰ ਸੈਕੈਂਡਰੀ ਸ਼੍ਰੀਮਤੀ ਮੁਨਿਲਾ ਅਰੋੜਾ, ਉਪ ਜ਼ਿਲ੍ਹਾ ਸਿੱਖਿਆ ਅਫਸਰ ਡਾਕਟਰ ਸਤਿੰਦਰ ਸਿੰਘ, ਸਕੂਲ ਇੰਚਾਰਜ ਸ੍ਰੀਮਤੀ ਨੀਤੀਮਾ ਸ਼ਰਮਾ, ਸ਼੍ਰੀਮਤੀ ਕਮਲਜੀਤ ਕੌਰ ਦੀ ਅਗਵਾਈ ਹੇਠ ਸੰਭਵ ਹੋਇਆ। ਵਿਦਿਆਰਥੀਆਂ ਨੇ ਐਕਸਪਰੋ ਦੌਰਾਨ ਆਪਣੇ ਬਿਜ਼ਨਸ ਮਾਡਲ ਅਤੇ ਉਤਪਾਦਨ ਨਿਵੇਸ਼ਕਾਂ ਦੇ ਸਾਹਮਣੇ ਵਿਸਤਾਰ ਪੂਰਵਕ ਢੰਗ ਨਾਲ ਪੇਸ਼ ਕੀਤਾ। ਸਕੂਲ ਦੀ ਟੀਮ ਸੇਫਟੀ ਸਟਿਕ ਨੇ ਆਪਣੇ ਆਈਡੀਏ ਅਤੇ ਪ੍ਰੋਜੈਕਟ ਰਾਹੀਂ ਐਕਸਪਰੋ ਟੀਮਾਂ ਵਿੱਚੋਂ ਟੋਪ ਦਸ ਟੀਮਾਂ ਵਿੱਚ ਆਪਣੀ ਥਾਂ ਬਣਾਈ। ਇਥੇ ਇਹ ਵਰਣਨਯੋਗ ਹੈ ਕਿ ਪ੍ਰਦਰਸ਼ਨ ਤੋਂ ਪ੍ਰਭਾਵਿਤ ਹੋ ਕੇ ਐਕਸਪਰੋਚ ਸ਼ਾਮਿਲ ਨਿਵੇਸ਼ਕਾਂ ਨੇ ਟੋਪ 10 ਟੀਮਾਂ ਲਈ ਕੁਲ 10 ਲੱਖ ਰੁਪਏ ਦਾ ਨਿਵੇਸ਼ ਦਾ ਐਲਾਨ ਕੀਤਾ ਜਿਸ ਵਿੱਚ ਸੇਫਟੀ ਸਟਿਕ ਵੀ ਸ਼ਾਮਿਲ ਹੈ। ਇਨਾ ਹੀ ਨਹੀਂ ਸਗੋਂ ਸਕੂਲ ਦੀ ਟੀਮ ਨੂੰ ਮਾਨਯੋਗ ਸਿੱਖਿਆ ਮੰਤਰੀ ਦੇ ਪੰਜਾਬ ਭਵਨ ਵਿੱਚ ਆਉਣ ਦਾ ਸੱਦਾ ਦਿੱਤਾ ਅਤੇ ਉਹਨਾਂ ਨੂੰ ਆਪਣਾ ਪ੍ਰੋਡਕਟ ਦਿਖਾਉਣ ਦਾ ਮੌਕਾ ਮਿਲਿਆ ਜਿਸ ਨੂੰ ਉਥੇ ਮੌਜੂਦ ਸਾਰੀਆਂ ਸ਼ਖਸ਼ੀਅਤਾਂ ਨੇ ਸਲਾਹਿਆ। ਇਸ ਸੇਫਟੀ ਸਟਿਕ ਨੂੰ ਬਣਾਉਣ ਦਾ ਆਈਡੀਆ ਜਮਾਤ ਦੇ ਵਿਦਿਆਰਥੀ ਮੰਥਨ ਦਾ ਸੀ ਜਿਸ ਨੇ ਆਪਣੇ ਹੋਰ ਸੱਤ ਸਹਿਪਾਠੀਆਂ (ਸੁਖਮਨ ਸਿੰਘ, ਅਮਨਦੀਪ ਸਿੰਘ, ਗੁਰਕੀਰਤ ਸਿੰਘ, ਗੁਰਮੀਤ ਸਿੰਘ, ਅਰਸ਼ਦੀਪ ਸਿੰਘ, ਕਮਲਦੀਪ ਸਿੰਘ, ਦੀਪਾਸ਼ੂ) ਨਾਲ ਮਿਲ ਕੇ ਗਾਈਡ ਅਧਿਆਪਕ ਅਤੇ ਜਮਾਤ ਦੇ ਇੰਚਾਰਜ ਸ੍ਰੀਮਤੀ ਪੂਨਮ ਜਯੋਤੀ ਦੇ ਦਿਸ਼ਾ ਨਿਰਦੇਸ਼ਾ ਦੀ ਪਾਲਣਾ ਕਰਕੇ ਇਸ ਨੂੰ ਤਿਆਰ ਕਰ ਇਸ ਪ੍ਰਦਰਸ਼ਨੀ ਵਿੱਚ ਸ਼ਾਮਿਲ ਕੀਤਾ। ਇਸ ਦੇ ਤਿੰਨ ਮੁੱਖ ਮਾਡਲ ਬਣਾਏ ਗਏ ਇੱਕ ਬਜ਼ੁਰਗਾਂ ਦੀ ਖੂੰਡੀ ਵਾਂਗ, ਦੂਸਰਾ ਸਕੂਲ ਵਿਦਿਆਰਥੀਆਂ ਦੇ ਕਿੱਟ ਲਈ ਤੀਸਰਾ ਸਮਾਜ ਵਿੱਚ ਕੰਮ ਕਾਜੀ ਔਰਤਾਂ ਜਾਂ ਘਰੇਲੂ ਔਰਤਾਂ ਦੇ ਬੈਗ ਵਿੱਚ ਆ ਸਕਣ ਵਾਲੀ। ਪ੍ਰੋਗਰਾਮ ਦੇ ਵਿੱਚ ਆਈਆਈਟੀ ਰੋਪੜ ਟੈਕਨੋਲੋਜੀ ਹੈਡ ਸ੍ਰੀ ਸ਼ਰੇ ਪਾਠਕ ਨੇ ਵਿਦਿਆਰਥੀਆਂ ਨੂੰ ਆਈਆਈਟੀ ਰੋਪੜ ਆਉਣ ਦਾ ਸੱਦਾ ਵੀ ਦਿੱਤਾ ਹੈ ਜਿੱਥੇ ਇਸ ਟੀਮ ਦਾ ਟੈਕਨੀਕਲ ਅਤੇ ਆਰਥਿਕ ਸਹਿਯੋਗ ਕੀਤਾ ਜਾਵੇਗਾ। ਇਸ ਮੌਕੇ ਤੇ ਮਾਨਯੋਗ ਡੀ.ਪੀ.ਆਈ ਪੰਜਾਬ ਸਕੂਲ ਸਿੱਖਿਆ ਵਿਭਾਗ ਨੇ ਵਿਸ਼ੇਸ਼ ਤੌਰ ਤੇ ਵਧਾਈ ਦਿੰਦਿਆਂ ਟੀਮ ਦੀ ਪ੍ਰਸ਼ੰਸ਼ਾ ਕੀਤੀ।

### ਸੰਤ ਕਰਤਾਰ ਸਿੰਘ ਮੈਮੋਰੀਅਲ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਵਿੱਚ

# ਮੀਰੀ ਪੀਰੀ ਦਿਵਸ ਮਨਾਇਆ ਗਿਆ



**ਫ਼ਿਰੋਜ਼ਪੁਰ, 7 ਜੁਲਾਈ (ਮਨੋਹਰ ਲਾਲ) :—** ਸ਼੍ਰੀਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ ਮੁਖੀ ਦਮਦਮੀ ਟਕਸਾਲ ਮਹਿਤਾ ਜੀ ਦੀ ਗਤੀਸ਼ੀਲ ਰਹਿਣਮਾਈ ਹੇਠ ਚੱਲ ਰਹੀ ਫਿਰੋਜ਼ਪੁਰ ਜਿਲੇ ਦੀ ਨਾਮਵਰ ਸਿੱਖਿਆ ਸੰਸਥਾ ਵਿੱਚ ਮੀਰੀ ਪੀਰੀ ਦਿਵਸ ਮਨਾਇਆ ਗਿਆ ਇਸ ਮੌਕੇ ਵਿਦਿਆਰਥੀਆਂ ਵੱਲੋਂ ਕਵਿਤਾ ਅਤੇ ਸ਼ਬਦ ਗਾਇਨ ਕੀਤੇ ਗਏ ਇਸ ਮੌਕੇ ਸਕੂਲ ਪ੍ਰਿੰਸੀਪਲ ਮੈਡਮ ਜਸਪ੍ਰੀਤ ਕੌਰ ਅਤੇ ਭਾਈ ਵੀਰਪਾਲ ਸਿੰਘ ਨੇ ਬੱਚਿਆਂ ਨੂੰ ਸਾਹਿਬ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਵੱਲੋਂ ਚਲਾਏ ਮੀਰੀ ਪੀਰੀ ਦੇ ਸਿਧਾਂਤ ਬਾਰੇ ਜਾਣੂ ਕਰਵਾਉਂਦੇ ਹੋਏ ਦੱਸਿਆ ਗਿਆ ਕਿ ਸਾਹਿਬ ਸ਼੍ਰੀ ਗੁਰੂ ਹਰਗੋਬਿੰਦ ਸਾਹਿਬ ਤੋਂ ਪਹਿਲਾਂ ਦੇ ਗੁਰੂ ਸਹਿਬਾਨਾਂ ਨੇ ਅਮਨ ਸ਼ਾਂਤੀ ਅਤੇ ਭਾਈਚਾਰੇ ਦਾ ਸੁਨੇਹਾ ਦਿੱਤਾ। ਪਰ ਪੰਜਵੇਂ ਪਾਤਸ਼ਾਹ ਦੀ ਸ਼ਹਾਦਤ ਤੋਂ ਬਾਅਦ ਸਿੱਖਾਂ ਨੂੰ ਇਹ ਅਹਿਸਾਸ ਹੋਇਆ ਕਿ ਸਿੱਖਾਂ ਨੂੰ ਜੇਕਰ ਹਕੂਮਤਾਂ ਨਾਲ ਟੱਕਰ ਲੈਣੀ ਹੈ ਤਾਂ ਸੈਨਿਕ ਸ਼ਕਤੀ ਵਜੋਂ ਤਾਕਤਵਰ ਹੋਣਾ ਪਵੇਗਾ। ਇਸ ਲਈ ਜਦੋਂ ਛੇਵੇਂ ਪਾਤਸ਼ਾਹ ਗੁਰਗੱਦੀ ਤੇ ਬੈਠੇ ਤਾਂ ਦੋ ਤਲਵਾਰਾਂ ਪਹਿਨੀਆਂ। ਇੱਕ ਨੂੰ ਮੀਰੀ ਆਖਿਆ ਇੱਕ ਨੂੰ ਪੀਰੀ ਆਖਿਆ ।ਮੀਰੀ ਅਤੇ ਪੀਰੀ ਸ਼ਬਦ ਦਾ ਪਿਛੋਕੜ ਅਰਬੀ ਫਾਰਸੀ ਭਾਸ਼ਾ ਨਾਲ ਜਾ ਜੁੜਦਾ ਹੈ। ਮੀਰੀ ਦਾ ਸੰਬੰਧ ਮੀਰ ਨਾਲ ਹੈ ਜੋ ਅਰਬੀ ਦੇ 'ਅਮੀਰ' ਸ਼ਬਦ ਦਾ ਛੋਟਾ ਰੂਪ ਹੈ। ਇਸ ਦਾ ਅਰਥ ਹੁੰਦਾ ਹੈ ਬਾਦਸ਼ਾਹ ਜਾਂ ਸਰਦਾਰ। ਭਾਵ ਮੀਰੀ ਸ਼ਬਦ ਦਾ ਅਰਥ ਬਾਦਸ਼ਾਹਤ ਅਤੇ ਸਰਦਾਰੀ ਨਾਲ ਹੈ। ਇਸ ਤਰ੍ਹਾਂ 'ਪੀਰੀ' ਸ਼ਬਦ ਦਾ ਸਬੰਧ ਪੀਰ ਸ਼ਬਦ ਨਾਲ ਜੁੜਦਾ ਹੈ। ਜਿਸ ਦਾ ਅਰਥ ਹੁੰਦਾ ਹੈ ਧਰਮ ਆਗੂ। ਪੀਰੀ ਤੋਂ ਭਾਵ ਹੈ ਧਾਰਮਿਕ ਅਧਿਕਾਰ ਜਾਂ ਗੁਰਤਾ ਹੈ। ਸਤਿਗੁਰੂ ਜੀ ਨੇ 2 ਤਲਵਾਰਾਂ ਪਹਿਨਕੇ ਸਿੱਖਾਂ ਨੂੰ ਇੱਕ ਨਵਾਂ ਮੀਰੀ ਅਤੇ ਪੀਰੀ ਦਾ ਸੰਕਲਪ ਦਿੱਤਾ। ਸਾਹਿਬ ਸ਼੍ਰੀ ਗੁਰੂ ਹਰਿਗੋਬਿੰਦ ਸਾਹਿਬ ਨੂੰ ਸੰਗਤਾਂ ਪਿਆਰ ਨਾਲ ਮੀਰੀ ਪੀਰੀ ਦੇ ਮਾਲਕ ਕਹਿਕੇ ਪੁਕਾਰਦੀਆਂ ਹਨ। ਛੇਵੇਂ ਪਾਤਸ਼ਾਹ ਨੇ ਆਪਣੇ ਜੀਵਨ ਵਿੱਚ ਕਈ ਜੰਗਾਂ ਲੜੀਆਂ। ਸਾਲ 1609 ਈਸਵੀ ਵਿੱਚ ਛੇਵੇਂ ਪਾਤਸ਼ਾਹ ਨੇ ਸੱਚਖੰਡ ਸ਼੍ਰੀ ਹਰਿਮੰਦਰ ਸਾਹਿਬ ਦੇ ਸਾਹਮਣੇ ਸ਼੍ਰੀ ਅਕਾਲ ਤਖ਼ਤ ਸਾਹਿਬ ਦੀ ਸਥਾਪਨਾ ਕੀਤੀ। ਜਿੱਥੇ ਬੈਠਕੇ ਸਤਿਗੁਰੂ ਸੰਗਤਾਂ ਨੂੰ ਉਪਦੇਸ਼ ਦਿੰਦੇ ਸਨ। ਸ਼੍ਰੀ ਅਕਾਲ ਤਖ਼ਤ ਸਾਹਿਬ ਅੱਜ ਵੀ ਸੁਮੱਚੇ ਖਾਲਸਾ ਪੰਥ ਦੀ ਅਗਵਾਈ ਕਰਦਾ ਹੈ। ਇਸ ਮੌਕੇ ਵਿਦਿਆਰਥੀ ਅਤੇ ਸਕੂਲ ਦਾ ਸਮੁੱਚਾ ਸਟਾਫ ਹਾਜ਼ਰ ਸੀ।

### ਤੀਬਰ ਦਸਤ ਰੋਕੂ ਜਾਗਰੂਕਤਾ ਮਹੀਨੇ ਦੌਰਾਨ

# ਜੀਵਨ ਸਿੰਘ ਵਾਲਾ ਵਿਖੇ ਕੀਤਾ ਜਾਗਰੂਕ



**ਤਲਵੰਡੀ ਸਾਬੋ, 07 ਜੁਲਾਈ (ਗੁਰਜੰਟ ਸਿੰਘ ਨਥੇਹਾ)**- ਪੰਜਾਬ ਸਰਕਾਰ ਅਤੇ ਸਿਵਲ ਸਰਜਨ ਡਾ. ਰਮਨਦੀਪ ਸਿੰਗਲਾ ਦੇ ਦਿਸ਼ਾ-ਨਿਰਦੇਸ਼ਾਂ ਅਤੇ ਸੀਨੀਅਰ ਮੈਡੀਕਲ ਅਫ਼ਸਰ ਡਾ. ਰਵੀ ਕਾਂਤ ਦੀ ਅਗਵਾਈ ਹੇਠ ਸਿਹਤ ਵਿਭਾਗ ਪੰਜਾਬ ਵੱਲੋਂ ਮਨਾਏ ਜਾ ਰਹੇ ਤੀਬਰ ਦਸਤ ਰੋਕੂ ਜਾਗਰੂਕਤਾ ਮਹੀਨੇ (ਆਈ.ਡੀ.ਸੀ.ਐਫ਼) ਪਿੰਡ ਜੀਵਨ ਸਿੰਘ ਵਾਲਾ ਵਿਖੇ ਜਾਗਰੂਕ ਕੀਤਾ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਐਸਐਮਓ ਤਲਵੰਡੀ ਸਾਬੋ ਰਵੀ ਕਾਂਤ ਨੇ ਦੱਸਿਆ ਕਿ ਇਹ ਜਾਗਰੂਕਤਾ ਮਹੀਨਾ 01 ਜੁਲਾਈ ਤੋ 31 ਜੁਲਾਈ 2025 ਤੱਕ ਮਨਾਇਆ ਜਾ ਰਿਹਾ ਹੈ ਜਿਸ ਤਹਿਤ ਪੰਜ ਸਾਲ ਤੋਂ ਘੱਟ ਉਮਰ ਦੇ ਬੱਚਿਆਂ ਨੂੰ ਓ.ਆਰ.ਐਸ ਦੇ ਪੈਕੇਟ ਦੇ ਕੇ ਕਵਰ ਕੀਤਾ ਜਾਵੇਗਾ। ਇਸ ਜਾਗਰੂਕਤਾ ਮਹੀਨੇ ਦਾ ਮੁੱਖ ਮਕਸਦ 5 ਸਾਲ ਤੋਂ ਘੱਟ ਉਮਰ ਦੇ ਬੱਚਿਆਂ ਦੀਆਂ ਦਸਤ ਕਾਰਨ ਹੋਣ ਵਾਲੀਆਂ ਮੌਤਾਂ ਨੂੰ ਘਟਾਉਣਾ ਹੈ। ਇਹ ਵੀ ਵੇਖਿਆ ਗਿਆ ਹੈ ਕਿ 5 ਸਾਲ ਤੋਂ ਘੱਟ ਉਮਰ ਦਾ ਹਰ ਬੱਚਾ ਸਾਲ ਵਿਚ ਘੱਟੋ ਘੱਟ 2-3 ਵਾਰ ਦਸਤ ਤੋਂ ਪੀੜਤ ਹੁੰਦਾ ਹੈ। ਇਸ ਜਾਗਰੂਕਤਾ ਮਹੀਨੇ ਦਾ ਉਦੇਸ਼ ਦਸਤ ਦੀ ਰੋਕਥਾਮ ਲਈ ਹਰ ਪੱਧਰ 'ਤੇ ਜਾਗਰੂਕਤਾ ਪੈਦਾ ਕਰਨਾ, ਦਸਤ ਤੋਂ ਪੀੜਤ ਬੱਚਿਆਂ ਨੂੰ ਓ.ਆਰ.ਐਸ. ਅਤੇ ਜ਼ਿੰਕ ਦੀਆਂ ਗੋਲੀਆਂ ਦੇਣਾ, ਹੱਥ ਧੋਣ ਦੀਆਂ ਸਹੀ ਤਕਨੀਕਾਂ ਦਾ ਪ੍ਰਦਰਸ਼ਨ ਅਤੇ ਪ੍ਰਚਾਰ ਕਰਨਾ ਸ਼ਾਮਿਲ ਹੈ। ਉਨ੍ਹਾਂ ਕਿਹਾ ਕਿ ਪੰਜ ਸਾਲ ਤੋਂ ਘੱਟ ਉਮਰ ਦੇ ਬੱਚਿਆਂ ਅੰਦਰ ਦਸਤ ਦੀ ਬਿਮਾਰੀ ਉਨ੍ਹਾਂ ਦੀ ਮੌਤ ਦਾ ਵੱਡਾ ਕਾਰਨ ਹੈ। ਓ.ਆਰ.ਐਸ ਦਾ ਘੋਲ ਅਤੇ ਜ਼ਿੰਕ ਦੀਆਂ ਗੋਲੀਆਂ ਦਸਤ ਰੋਗ ਦਾ ਸਹੀ ਇਲਾਜ ਹਨ। ਇਸ ਜਾਗਰੂਕਤਾ ਮਹੀਨੇ ਦੌਰਾਨ ਆਸ਼ਾ ਵਰਕਰ ਪੰਜ ਸਾਲ ਤੋਂ ਘੱਟ ਉਮਰ ਦੇ ਬੱਚਿਆਂ ਦੇ ਘਰ-ਘਰ ਵਿਚ ਜਾ ਕੇ ਓ.ਆਰ.ਐਸ ਦਾ ਪੈਕਟ ਮੁਹੱਈਆ ਕਰਵਾਉਣਗੀਆਂ ਅਤੇ ਓ.ਆਰ.ਐਸ ਦਾ ਘੋਲ ਬਣਾਉਣ ਦੀ ਵਿਧੀ ਵੀ ਦੱਸਣਗੀਆਂ। ਇਸ ਤੋਂ ਇਲਾਵਾ ਦਸਤ ਦੀ ਬੀਮਾਰੀ ਦੇ ਲੱਛਣਾਂ, ਕਾਰਨਾਂ ਅਤੇ ਇਲਾਜ ਬਾਰੇ ਜਾਣੂ ਕਰਵਾਉਣ ਤੋਂ ਇਲਾਵਾ ਆਸ਼ਾ ਵਰਕਰ ਹਰ ਘਰ ਦੇ ਬਾਹਰ ਨਿਸ਼ਾਨੀ ਲਗਾਏਗੀ। ਉਨ੍ਹਾਂ ਦਸਿਆ ਕਿ ਸਾਰੀਆਂ ਸਿਹਤ ਸੰਸਥਾਵਾਂ ਵਿਚ ਟੱਟੀਆਂ-ਉਲਟੀਆਂ ਦੇ ਰੋਗ ਦੀ ਰੋਕਥਾਮ ਲਈ ਯੋਗ ਪ੍ਰਬੰਧ ਕੀਤੇ ਗਏ ਹਨ ਅਤੇ ਹਰੇਕ ਸਿਹਤ ਕੇਂਦਰ ਵਿਖੇ ਓ.ਆਰ.ਐਸ ਅਤੇ ਜਿੰਕ ਕਾਰਨਰ ਬਣਾਏ ਗਏ ਹਨ । ਇਸ ਮੌਕੇ ਪੰਚਾਇਤ ਮੈਂਬਰ ਪਿੰਡ ਜੀਵਨ ਸਿੰਘ ਵਾਲਾ, ਮੈਡੀਕਲ ਅਫ਼ਸਰ ਡਾ. ਅਨਕੁਰ, ਮਲਟੀਪਰਪਜ਼ ਹੈਲਥ ਵਰਕਰ ਫੀਮੇਲ ਸਿਮਰਜੀਤ ਕੌਰ, ਕਿਰਨ ਕੌਰ, ਸੀਐਚਓ ਡਾ. ਸ਼ਿਵੰਦਰ ਸਿੰਘ ਅਤੇ ਆਸ਼ਾ ਵਰਕਰ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਏਕਨੂਰ ਖਾਲਸਾ ਫੌਜ ਦੇ ਸੀਨੀਅਰ ਮੀਤ ਪ੍ਰਧਾਨ ਭਾਈ ਲਖਬੀਰ ਸਿੰਘ ਮਹਾਲਮ ਦੀ ਚਾਚੀ ਸਤਿਕਾਰਯੋਗ ਮਾਤਾ ਜਸਬੀਰ ਸਿੰਘ ਦੀ ਅੰਤਿਮ ਅਰਦਾਸ ਤੇ ਪਾਠ ਦੇ ਭੋਗ ਵਿਚ ਹਜ਼ਾਰਾਂ ਸੰਗਤਾਂ ਨੇ ਭਰੀ ਹਾਜ਼ਰੀ







**ਫ਼ਿਰੋਜ਼ਪੁਰ, 7 ਜੁਲਾਈ (ਮਨੋਹਰ ਲਾਲ) :—** ਏਕਨੂਰ ਖਾਲਸਾ ਫੌਜ਼ ਦੇ ਸੀਨੀਅਰ ਮੀਤ ਪ੍ਰਧਾਨ ਜ਼ਿਲ੍ਹਾ ਫ਼ਿਰੋਜ਼ਪੁਰ ਦੇ ਭਾਈ ਲਖਬੀਰ ਸਿੰਘ ਮਹਾਲਮ ਦੀ ਚਾਚੀ ਸਤਿਕਾਰਯੋਗ ਮਾਤਾ ਜ਼ਸਬੀਰ ਕੌਰ ਦੀ ਅੰਤਿਮ ਅਰਦਾਸ ਅਤੇ ਪਾਠ ਦੇ ਭੋਗ ਵਿਚ ਹਜ਼ਾਰਾਂ ਸੰਗਤਾਂ ਨੇ ਉਨ੍ਹਾਂ ਨੂੰ ਸ਼ਰਧਾਂਜਲੀ ਭੇਂਟ ਕੀਤੀ। ਇਹ ਅੰਤਿਮ ਅਰਦਾਸ ਸ਼ਿਵਾਲੇ ਮੰਦਰ ਜ਼ੀਰਾ ਗੇਟ ਪਰਮਾਰਥ ਭਵਨ ਫ਼ਿਰੋਜ਼ਪੁਰ ਸ਼ਹਿਰ ਵਿਖੇ ਹੋਈ। ਇਥੇ ਇਹ ਦਸਣਯੋਗ ਹੈ ਕਿ ਮਾਤਾ ਜ਼ਸਬੀਰ ਕੌਰ ਜ਼ੋ ਕਿ 29.6.25 ਨੂੰ ਅਕਾਲ ਚਲਾਣਾ ਕਰ ਗਏ ਸੀ, ਜਿਨ੍ਹਾਂ ਦਾ ਸਹਿਜ ਪਾਠ ਉਨ੍ਹਾਂ ਦੇ ਗ੍ਰਹਿ ਪਿੰਡ ਮਹਾਲਮ ਵਿਖੇ ਰੱਖਿਆ ਗਿਆ। ਇਸ ਮੌਕੇ ਤੇ ਰਾਗੀ ਜਥਿਆਂ ਨੇ ਵੈਰਾਗਮਈ ਕੀਰਤਨ ਕੀਤਾ। ਇਸ ਤੋਂ ਇਲਾਵਾ ਭਾਈ ਹਰਪਾਲ ਸਿੰਘ ਮਖੂ ਨੇ ਕਥਾ ਕਰਦਿਆਂ ਆਖਿਆ ਕਿ ਅੱਜ ਇਕ ਵੱਡਾ ਇਕੱਠ ਵੇਖ ਰਹੇ ਹਾਂ, ਇਹ ਚੰਗੇ ਬੰਦਿਆਂ ਦੀਆਂ ਨਿਸ਼ਾਨੀਆਂ ਹਨ। ਮਾਤਾ ਜ਼ਸਬੀਰ ਕੌਰ ਜ਼ੋ ਕਿ 77 ਸਾਲ ਦੇ ਸਨ ਅਤੇ ਉਨ੍ਹਾਂ ਨੇ ਅੰਮ੍ਰਿਤ ਛਕਿਆ ਹੋਇਆ ਸੀ ਅਤੇ ਉਨ੍ਹਾਂ ਦੇ ਦੋ ਸਪੁੱਤਰ ਬਲਵਿੰਦਰ ਸਿੰਘ ਮਹਾਲਮ ਅਤੇ ਅਵਤਾਰ ਸਿੰਘ ਅਤੇ ਚਾਰ ਧੀਆਂ ਹਨ। ਭਾਈ ਹਰਪਾਲ ਸਿੰਘ ਮਖੂ ਨੇ ਕਿਹਾ ਕਿਮ ਾਂ ਦਾ ਕਰਜਾ ਬੜਾ ਹੀ ਮਹਾਨ ਹੈ, ਮਾਂ ਆਪਣੀ ਜਵਾਨੀ ਦਾ ਖ਼ੂਨ ਯਾਨੀ ਦੁੱਧ ਪਿਆ ਕੇ ਬੱਚਿਆਂ ਦੀ ਪਰਵਰਿਸ਼ ਕਰਦੀਆਂ ਹਨ, ਜਿਨ੍ਹਾਂ ਦਾ ਦੇਣਾ ਅਸੀਂ ਨਹੀਂ ਦੇ ਸਕਦੇ, ਸਾਰੀ ਉਮਰ ਵਿਚ। ਇਸ ਲਈ ਸਾਨੂੰ ਚਾਹੀਦਾ ਹੈ ਕਿ ਅਸੀਂ ਆਪਣੇ ਮਾਂ—ਬਾਪ ਦਾ ਸਤਿਕਾਰ ਕਰੀਏ ਅਤੇ ਹਮੇਸ਼ਾ ਉਨ੍ਹਾਂ ਦੀ ਆਗਿਆ ਵਿਚ ਰਹੀਏ। ਸਾਨੂੰ ਚਾਹੀਦਾ ਹੈ ਕਿ ਅਸੀਂ ਕਦੇ ਵੀ ਆਪਣੇ ਮਾਂ—ਬਾਪ ਦਾ ਮਨ ਨਾ ਦੁਖਾਈਏ। ਅਸੀਂ ਵਾਹਿਗੁਰੂ ਸੱਚੇ ਪਾਤਸ਼ਾਹ ਅੱਗੇ ਅਰਦਾਸ ਬੇਨਤੀ ਕਰਦੇ ਹਾਂ ਕਿ ਹੇ ਵਾਹਿਗੁਰੂ ਸੱਚੇ ਪਾਤਸ਼ਾਹ ਮਾਤਾ ਜ਼ਸਬੀਰ ਕੌਰ ਨੂੰ ਆਪਣੇ ਚਰਨਾਂ ਵਿਚ ਨਿਵਾਸ ਬਖਸ਼ਣ, ਪਿਛੇ ਪਰਿਵਾਰ, ਰਿਸ਼ਤੇਦਾਰ, ਸਾਕ—ਸਬੰਧੀਆਂ ਨੂੰ ਭਾਣਾ ਮੰਨਣ ਦਾ ਬਲ ਬਖਸ਼ਣ। ਇਸ ਮੌਕੇ ਤੇ ਭਾਈ ਲਖਬੀਰ ਸਿੰਘ ਮਹਾਲਮ ਸੀਨੀਅਰ ਮੀਤ ਪ੍ਰਧਾਨ ਏਕ ਨੂਰ ਖਾਲਸਾ ਫੌਜ਼, ਬਾਬਾ ਸਤਨਾਮ ਸਿੰਘ ਵਲੀਆ ਪੰਜਾਬ ਪ੍ਰਧਾਨ ਧਾਰਮਿਕ ਵਿੰਗ ਇੰਟਰਨੈਸ਼ਨਲ ਪੰਥਕ ਦਲ, ਭਾਈ ਹਿੰਮਤ ਸਿੰਘ ਜ਼ਿਲ੍ਹਾ ਪ੍ਰਧਾਨ ਏਕ ਨੂਰ ਖਾਲਸਾ ਫੌਜ਼ ਫ਼ਿਰੋਜ਼ਪੁਰ, ਪਰਗਟ ਸਿੰਘ ਲਹਿਰਾ, ਜਗਤਾਰ ਸਿੰਘ ਭਾਵੜਾ, ਭਾਈ ਲਖਬੀਰ ਸਿੰਘ ਮਹਾਲਮ ਪ੍ਰਧਾਨ ਗੁਰੂ ਗ੍ਰੰਥ ਸਾਹਿਬ ਸਤਿਕਾਰ ਕਮੇਟੀ ਪੰਜਾਬ, ਜ਼ਸਬੀਰ ਸਿੰਘ ਨੰਬਰਦਾਰ ਮਹਾਲਮ, ਬੇਅੰਤ ਸਿੰਘ ਹਕੂਮਤ ਸਿੰਘ ਵਾਲਾ ਚੇਅਰਮੈਨ ਮਾਰਕੀਟ ਕਮੇਟੀ, ਜਗਮੀਤ ਸਿੰਘ ਸਹਿਜਾਦੀ, ਸਵਰਨ ਸਿੰਘ ਸ਼ਹਿਰੀ ਪ੍ਰਧਾਨ ਫ਼ਿਰੋਜ਼ਪੁਰ ਏਕਨੂਰ ਖਾਲਸਾ ਫੌਜ਼, ਗੁਰਨਾਮ ਸਿੰਘ ਜਨਰਲ ਸਕੱਤਰ ਫ਼ਿਰੋਜ਼ਪੁਰ ਇੰਟਰਨੈਸ਼ਨਲ ਪੰਥਕ ਦਲ, ਦਿਲਬਾਗ ਸਿੰਘ ਵਿਰਕ, ਬਲਕਾਰ ਸਿੰਘ ਡਿਪਟੀ ਡਾਇਰੈਕਟਰ ਬਾਗਬਾਨੀ ਵਿਭਾਗ, ਭੁਪਿੰਦਰ ਸਿੰਘ ਭਾਵੜਾ, ਭਗਵਾਨ ਸਿੰਘ ਮੈਂਬਰ, ਬਲਕਾਰ ਸਿੰਘ ਥਾਣੇਦਾਰ, ਚਮਕੌਰ ਸਿੰਘ ਮੈਂਬਰ, ਹਰਜੀਤ ਸਿੰਘ ਮੈਂਬਰ ਅਟਾਰੀ, ਭੁਪਿੰਦਰ ਸਿੰਘ ਭਾਵੜਾ ਨੇ ਮਾਤਾ ਜ਼ਸਬੀਰ ਕੌਰ ਨੂੰ ਸ਼ਰਧਾਂਜਲੀ ਭੇਂਟ ਕੀਤੀ।

## ਟਰੱਸਟ ਸਦਾ ਵਰਤ ਪੰਚਾਇਤੀ ਵੱਲੋਂ 101 ਗਰੀਬ ਤੇ ਲੋੜਵੰਦ ਪਰਿਵਾਰਾਂ ਨੂੰ ਵੰਡਿਆ ਰਾਸ਼ਨ



ਫ਼ਿਰੋਜ਼ਪੁਰ, 7 ਜੁਲਾਈ (ਮਨੋਹਰ ਲਾਲ) :— ਟਰੱਸਟ ਸਦਾ ਵਰਤ ਪੰਚਾਇਤੀ ਵੱਲੋਂ 101 ਗਰੀਬ ਅਤੇ ਲੋੜਵੰਦ ਪਰਿਵਾਰਾਂ ਨੂੰ ਰਾਸ਼ਨ ਵੰਡਿਆ। ਇਸ ਮੌਕੇ ਤੇ ਸ੍ਰੀ ਅਸ਼ਵਨੀ ਮੌਂਗਾ ਪ੍ਰਧਾਨ, ਡੀ.ਕੇ ਬਜਾਜ, ਓਮ ਪ੍ਰਕਾਸ਼, ਰਜਨੀਸ਼ ਕਪੂਰ, ਮਦਨ ਲਾਲ ਆਦਿ ਅਹੁਦੇਦਾਰ ਹਾਜ਼ਰ ਸਨ। ਇਸ ਮੌਕੇ ਤੇ ਸਭ ਤੋਂ ਪਹਿਲਾਂ ਪ੍ਰਮਾਤਮਾ ਵਾਹਿਗੁਰੂ ਜੀ ਦੇ ਚਰਨਾਂ ਵਿਚ ਅਰਦਾਸ ਬੇਨਤੀ ਕੀਤੀ ਕਿ ਹੇ ਪ੍ਰਮਾਤਮਾ ਜਿਨ੍ਹਾਂ ਨੇ ਆਪਣੀਆਂ ਜਾਇਦਾਦਾਂ ਵੇਖ ਕੇ ਇਹ ਟਰੱਸਟ ਬਣਾਇਆ ਹੈ, ਉਨ੍ਹਾਂ ਦਾ ਸਵਰਗ ਵਿਚ ਵਾਸਾ ਹੋਵੇ, ਇਹ ਟੱਰਸਟ ਸਦਾ ਵਰਤ 1914 ਵਿਚ ਬਣਿਆ ਅਤੇ ਉਦੋਂ ਦੇਸ਼ ਵਿਚ ਭੁਖਮਰੀ ਦਾ ਸ਼ਿਕਾਰ ਹੋ ਗਏ ਸੀ, ਲੋਕ ਅਤੇ ਗਰੀਬ ਪਰਿਵਾਰ ਭੁੱਖੇ ਮਰਨ ਲੱਗੇ ਤਾਂ ਕੁਝ ਦਾਨੀ ਸੱਜਣ ਆਪਣੇ ਵਿਚ ਸਲਾਹ ਮਸ਼ਵਰਾ ਕਰਕੇ ਇਕ ਟਰੱਸਟ ਸਦਾਵਰਤ ਪੰਚਾਇਤੀ ਬਣਾਇਆ ਅਤੇ ਆਪਣੀਆਂ ਜਾਇਦਾਦਾਂ ਟਰੱਸਟ ਦੇ ਨਾਮ ਤੇ ਕਰ ਦਿੱਤੀਆਂ ਅਤੇ ਉਦੋਂ ਤੋਂ ਲੈ ਕੇ ਹੁਣ ਤੱਕ ਇਹ ਟਰੱਸਟ ਲੋਕ ਭਲਾਈ ਦੇ ਕੰਮ ਕਰਦਾ ਆ ਰਿਹਾ ਹੈ ਅਤੇ ਲੋੜਵੰਦਾਂ, ਗਰੀਬਾਂ, ਵਿਧਵਾਵਾਂ ਬੱਚਿਆਂ ਨੂੰ ਰਾਸ਼ਨ, ਸਕੂਲ ਦੀ ਫੀਸ, ਕਿਤਾਬਾਂ, ਕਪੜੇ ਅਤੇ ਮਰੀਜਾਂ ਦੀਆਂ ਦਵਾਈਆਂ ਤੋਂ ਇਲਾਵਾ ਜ਼ਿਲ੍ਹਾ ਪ੍ਰਸ਼ਾਸਨ ਦੇ ਨਾਲ ਮਿਲ ਕੇ ਇਹ ਸੇਵਾ ਕਰਦਾ ਆ ਰਿਹਾ ਹੈ। ਇਸ ਮੌਕੇ ਤੇ ਅਸ਼ਵਨੀ ਮੌਂਗਾ ਪ੍ਰਧਾਨ ਨੇ ਬੋਲਦਿਆਂ ਕਿਹਾ ਕਿ ਸਾਨੂੰ ਇਨ੍ਹਾਂ ਗਰੀਬ ਲੋੜਵੰਦ ਪਰਿਵਾਰਾਂ ਦੀ ਮੱਦਦ ਕਰਨੀ ਚਾਹੀਦੀ ਹੈ। ਇਸ ਮੌਕੇ ਤੇ ਡੀ.ਕੇ ਬਜਾਜ ਨੇ ਕਿਹਾ ਕਿ ਸਾਨੂੰ ਆਪਣੀ ਨੇਕ ਕਮਾਈ ਵਿਚੋਂ ਦਸਵੰਧ ਕੱਢ ਕੇ ਇਨ੍ਹਾਂ ਲੋੜਵੰਦ ਪਰਿਵਾਰਾਂ ਦੀ ਮੱਦਦ ਕਰਨੀ ਚਾਹੀਦੀ ਹੈ। ਇਸ ਮੌਕੇ ਤੇ ਸ੍ਰੀ ਓਮ ਪ੍ਰਕਾਸ਼ ਨੇ ਬੋਲਦਿਆਂ ਕਿਹਾ ਕਿ ਅੱਜ ਸਾਡੇ ਸਮਾਜ ਵਿਚ ਜਦੋਂ ਔਰਤ ਵਿਧਵਾ ਹੋ ਜਾਂਦੀਆਂ ਹਨ ਅਤੇ ਉਹ ਤੰਗ ਤੁਰਸ਼ੀ ਵਿਚ ਦਿਨ ਕਟਦੀਆਂ ਹਨ, ਇਸ ਲਈ ਸਾਨੂੰ ਘਰ—ਘਰ ਜਾ ਕੇ ਇਨ੍ਹਾਂ ਪਰਿਵਾਰਾਂ ਦਾ ਪਤਾ ਲੈ ਕੇ ਇਨ੍ਹਾਂ ਦੀ ਮੱਦਦ ਕਰਨੀ ਚਾਹੀਦੀ ਹੈ। ਇਸ ਮੌਕੇ ਤੇ ਰਜਨੀਸ਼ ਕਪੂਰ ਸਾਬਕਾ ਮੈਨੇਜਰ ਪੰਜਾਬ ਨੈਸ਼ਨਲ ਬੈਂਕ ਨੇ ਬੋਲਦਿਆਂ ਕਿਹਾ ਕਿ ਮਨੁੱਖਤਾ ਦੀ ਸੇਵਾ ਹੀ ਇਕ ਸੱਚੀ ਸੁੱਚੀ ਸੇਵਾ ਹੈ, ਸਾਨੂੰ ਵੱਧ ਤੋਂ ਵੱਧ ਲੋੜਵੰਦ ਪਰਿਵਾਰਾਂ ਦੀ ਮੱਦਦ ਕਰਨੀ ਚਾਹੀਦੀ ਹੈ। ਇਸ ਤੋਂ ਇਲਾਵਾ ਗਰੀਬ ਬੱਚਿਆਂ ਦੀਆਂ ਫੀਸਾਂ, ਕਿਤਾਬਾਂ ਦੇ ਕੇ ਉਨ੍ਹਾਂ ਬੱਚਿਆਂ ਨੂੰ ਪੈਰਾਂ—ਸਿਰ ਖੜ੍ਹਾ ਕਰਨਾ ਚਾਹੀਦਾ ਹੈ ਤਾਂ ਜ਼ੋ ਉਹ ਪੜ ਲਿਖ ਕੇ ਆਪਣੇ ਪੈਰਾਂ ਸਿਰ ਖੜਾ ਹੋ ਸਕੇ।

**ਡੀਸੀ ਤੇ ਐਸਐਸਪੀ ਨੇ ਜ਼ਿਲ੍ਹੇ ਦੀ ਟਾਪਰ ਵਿਦਿਆਰਥਣ ਸਿਮਰਨਜੋਤ ਕੌਰ ਦਾ ਕੀਤਾ ਸਨਮਾਨ**

# ਵਿਦਿਆਰਥਣ ਨੂੰ ਹੋਰ ਸਖ਼ਤ ਮਿਹਨਤ ਕਰਨ ਲਈ ਕੀਤਾ ਪ੍ਰੇਰਿਤ






**ਬਠਿੰਡਾ, 7 ਜੁਲਾਈ (ਗੁਰਜੰਟ ਸਿੰਘ ਨਥੇਹਾ)**-ਡਿਪਟੀ ਕਮਿਸ਼ਨਰ ਸ੍ਰੀ ਸ਼ੌਕਤ ਅਹਿਮਦ ਪਰੇ ਅਤੇ ਐਸਐਸਪੀ ਮੈਡਮ ਅਮਨੀਤ ਕੌਂਡਲ ਵੱਲੋਂ 'ਇਕ ਦਿਨ ਡੀ.ਸੀ/ਐਸ.ਐਸ.ਪੀ. ਦੇ ਨਾਲ' ਪ੍ਰੋਗਰਾਮ ਤਹਿਤ ਜ਼ਿਲ੍ਹੇ ਦੇ ਪਿੰਡ ਮੌੜ ਖੁਰਦ ਦੀ 10ਵੀਂ ਜਮਾਤ ਵਿੱਚੋਂ 97ਫ਼ੀਸਦੀ ਨੰਬਰ ਪ੍ਰਾਪਤ ਕਰਨ ਵਾਲੀ ਵਿਦਿਆਰਥਣ ਸਿਮਰਨਜੋਤ ਕੌਰ ਦਾ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ ਅਤੇ ਉਸਦੀ ਹੌਂਸਲਾ ਅਫ਼ਜਾਈ ਕਰਦਿਆਂ ਉਸ ਨੂੰ ਜਿੰਦਗੀ ਵਿੱਚ ਹੋਰ ਅੱਗੇ ਵਧਣ ਲਈ ਪ੍ਰੇਰਿਤ ਵੀ ਕੀਤਾ ਗਿਆ। ਡਿਪਟੀ ਕਮਿਸ਼ਨਰ ਸ਼੍ਰੀ ਸ਼ੌਕਤ ਅਹਿਮਦ ਪਰੇ ਵੱਲੋਂ ਆਪਣੇ ਦਫ਼ਤਰ ਵਿਖੇ ਪਹੁੰਚਣ 'ਤੇ ਵਿਦਿਆਰਥਣ ਸਿਮਰਨਜੋਤ ਕੌਰ ਨਾਲ ਵਿਸ਼ੇਸ਼ ਗੱਲਬਾਤ ਕਰਦਿਆਂ ਉਸ ਨੂੰ ਮੁਕਾਬਲੇ ਦੀਆਂ ਪ੍ਰੀਖਿਆਵਾਂ ਦੀ ਤਿਆਰੀ ਕਰਨ ਤੇ ਜਿੰਦਗੀ ਵਿੱਚ ਸਖ਼ਤ ਮੇਹਨਤ ਕਰਕੇ ਹੋਰ ਅੱਗੇ ਵਧਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਡਿਪਟੀ ਕਮਿਸ਼ਨਰ ਵੱਲੋਂ ਵਿਦਿਆਰਥਣ ਨੂੰ 1 ਟੈਬ ਅਤੇ ਸਰਟੀਫ਼ਿਕੇਟ ਦੇ ਕੇ ਵਿਸ਼ੇਸ਼ ਤੌਰ 'ਤੇ ਸਨਮਾਨਿਤ ਵੀ ਕੀਤਾ ਗਿਆ। ਇਸ ਤੋਂ ਪਹਿਲਾਂ ਵਿਦਿਆਰਥਣ ਵੱਲੋਂ ਐਸ.ਐਸ.ਪੀ. ਦਫ਼ਤਰ ਵਿਖੇ ਜ਼ਿਲ੍ਹਾ ਪੁਲਿਸ ਮੁਖੀ ਮੈਡਮ ਅਮਨੀਤ ਕੌਂਡਲ ਨਾਲ ਵੀ ਕਾਫ਼ੀ ਸਮਾਂ ਗੁਜ਼ਾਰਿਆ। ਇਸ ਦੌਰਾਨ ਐਸ.ਐਸ.ਪੀ. ਮੈਡਮ ਵੱਲੋਂ ਵਿਦਿਆਰਥਣ ਸਿਮਰਨਜੋਤ ਕੌਰ ਨੂੰ ਪੁਲਿਸ ਪ੍ਰਸਾਸ਼ਨ ਨਾਲ ਸਬੰਧਤ ਕੰਮਾਂ ਬਾਰੇ ਜਾਣੂੰ ਕਰਵਾਉਣ ਦੇ ਨਾਲ-ਨਾਲ ਉਸ ਨੂੰ ਜਿੰਦਗੀ ਵਿੱਚ ਹੋਰ ਅੱਗੇ ਵਧਣ ਲਈ ਪ੍ਰੇਰਿਆ। ਇਸ ਉਪਰੰਤ ਵਿਦਿਆਰਥਣ ਵੱਲੋਂ ਵਧੀਕ ਡਿਪਟੀ ਕਮਿਸ਼ਨਰ ਜਨਰਲ ਮੈਡਮ ਪੂਨਮ ਸਿੰਘ ਨਾਲ ਵੀ ਉਨ੍ਹਾਂ ਦੇ ਦਫ਼ਤਰ ਵਿਖੇ ਕੁੱਝ ਸਮਾਂ ਗੁਜ਼ਾਰਿਆ। ਇਸ ਦੌਰਾਨ ਵਧੀਕ ਡਿਪਟੀ ਕਮਿਸ਼ਨਰ ਵੱਲੋਂ ਉਨ੍ਹਾਂ ਨਾਲ ਆਪਣੇ ਤਜ਼ਰਬੇ ਸਾਂਝੇ ਕਰਦਿਆਂ ਵਿਦਿਆਰਥਣ ਸਿਮਰਨਜੋਤ ਕੌਰ ਨੂੰ ਮੁਕਾਬਲੇ ਦੇ ਇਮਤਿਹਾਨਾਂ ਬਾਰੇ ਜਾਣੂੰ ਕਰਵਾਇਆ। ਇਸ ਮੌਕੇ ਵਿਦਿਆਰਥਣ ਨੇ ਪੰਜਾਬ ਸਰਕਾਰ ਦੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ ਅਤੇ ਕਿਹਾ ਕਿ ਇਹ ਉਨ੍ਹਾਂ ਦੇ ਜੀਵਨ ਦਾ ਇਕ ਵਿਲੱਖਣ ਮੌਕਾ ਸੀ, ਜਿਸ ਨੇ ਉਨ੍ਹਾਂ ਨੂੰ ਪੰਜਾਬ ਦੇ ਸਿਵਲ ਤੇ ਪੁਲਿਸ ਪ੍ਰਸ਼ਾਸਨ ਦੀ ਪ੍ਰਕਿਰਿਆ, ਲੀਡਰਸ਼ਿਪ ਤੇ ਜਨਤਕ ਸੇਵਾਵਾਂ ਦੀਆਂ ਬਾਰੀਕੀਆਂ ਨੂੰ ਸਮਝਣ ਦਾ ਮੌਕਾ ਦਿੱਤਾ। ਉਨ੍ਹਾਂ ਨੇ ਇਸ ਅਨੁਭਵ ਨੂੰ ਅਭੁੱਲ ਅਤੇ ਪ੍ਰੇਰਨਾਦਾਇਕ ਦੱਸਿਆ ਅਤੇ ਕਿਹਾ ਕਿ ਇਹ ਉਨ੍ਹਾਂ ਨੂੰ ਆਪਣੇ ਭਵਿੱਖ ਦੇ ਟੀਚੇ ਨਿਰਧਾਰਤ ਕਰਨ ਵਿਚ ਮਦਦ ਕਰੇਗਾ। ਉਨ੍ਹਾਂ ਅੱਜ ਦੇ ਦਿਨ ਨੂੰ ਆਪਣੀ ਜਿੰਦਗੀ ਦੇ ਯਾਦਗਾਰੀ ਤੇ ਸੁਨਹਿਰੀ ਪਲ ਦੱਸਦਿਆਂ ਕਿਹਾ ਕਿ ਅੱਜ ਉਨ੍ਹਾਂ ਨੂੰ ਜਿੱਥੇ ਸਿਵਲ ਤੇ ਪੁਲਿਸ ਪ੍ਰਸ਼ਾਸ਼ਨ ਬਾਰੇ ਬਹੁਤ ਕੁੱਝ ਸਿੱਖਣ ਨੂੰ ਮਿਲਿਆ ਹੈ, ਉਥੇ ਹੀ ਉਨ੍ਹਾਂ ਨੂੰ ਜਿੰਦਗੀ ਵਿੱਚ ਹੋਰ ਅੱਗੇ ਵਧਣ ਲਈ ਹੱਲਾਸ਼ੇਰੀ ਵੀ ਮਿਲੀ ਹੈ, ਜਿਸ ਨੂੰ ਉਸ ਵੱਲੋਂ ਕਦੇ ਵੀ ਨਹੀਂ ਭੁਲਾਇਆ ਜਾਵੇਗਾ। ਇਸ ਮੌਕੇ ਡੀ.ਐਸ.ਪੀ. ਸਪੈਸ਼ਲ ਕ੍ਰਾਈਮ ਕਰਮਜੀਤ ਸਿੰਘ ਸੰਧਾਂਵਾਲੀਆ, ਵਿਦਿਆਰਥਣ ਸਿਮਰਨਜੋਤ ਕੌਰ ਦੇ ਪਿਤਾ ਸ. ਧੀਰ ਸਿੰਘ ਆਦਿ ਹਾਜ਼ਰ ਸਨ।

**ਬੰਦੀ ਸਿੰਘਾ ਦੀ ਰਿਹਾਈ ਲਈ 4 ਅਗਸਤ ਨੂੰ ਮੁੱਖ ਮੰਤਰੀ ਪੰਜਾਬ ਅਤੇ ਪ੍ਰਧਾਨ ਮੰਤਰੀ ਦੇ ਪੁਤਲੇ ਫੂਕਣ ਅਤੇ**

# 15 ਅਗਸਤ ਨੂੰ ਮੌਹਾਲੀ ਮੋਰਚੇ 'ਤੇ ਵੱਡਾ ਇਕੱਠ ਕਰਨ ਦਾ ਫੈਸਲਾ : ਕੌਮੀ ਇਨਸਾਫ਼ ਮੋਰਚਾ



**ਸ੍ਰੀ ਫ਼ਤਹਿਗੜ੍ਹ ਸਾਹਿਬ, 7 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਅੱਜ ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ ਵਿਖੇ ਕੌਮੀ ਇਨਸਾਫ਼ ਮੋਰਚੇ ਦੀ ਤਾਲਮੇਲ ਕਮੇਟੀ ਦੀ ਇੱਕ ਵਿਸ਼ੇਸ਼ ਇਕੱਤਰਤਾ ਬਾਪੂ ਗੁਰਚਰਨ ਸਿੰਘ ਦੀ ਪ੍ਰਧਾਨਗੀ ਹੇਠ ਹੋਈ । ਇਸ ਮੀਟਿੰਗ ਵਿੱਚ ਫੈਸਲਾ ਕੀਤਾ ਗਿਆ ਕਿ ਬੰਦੀ ਸਿੰਘਾ ਦੀ ਰਿਹਾਈ ਵਾਲੇ ਮੋਰਚੇ ਨੂੰ ਹੋਰ ਹੁੰਗਾਰਾ ਦੇਣ ਲਈ ਮਿਤੀ 4 ਅਗਸਤ ਨੂੰ ਜ਼ਿਲਾ ਪੱਧਰ ਉੱਤੇ ਮੁੱਖ ਮੰਤਰੀ ਅਤੇ ਪ੍ਰਧਾਨ ਮੰਤਰੀ ਦੇ ਪੁਤਲੇ ਫੂੱਕੇ ਜਾਣਗੇ ਅਤੇ 15 ਅਗਸਤ ਨੂੰ ਮੌਹਾਲੀ ਮੋਰਚੇ ਉੱਤੇ ਇੱਕ ਵੱਡਾ ਇਕੱਠ ਕੀਤਾ ਜਾਵੇਗਾ । ਇਹਨਾ ਦੋਵੇ ਪ੍ਰੋਗਰਾਮਾਂ ਨੂੰ ਸਫਲ ਬਨਾਉਣ ਲਈ 22 ਅਗਸਤ ਨੂੰ ਇੱਕ ਵਿਸ਼ੇਸ਼ ਇਕੱਤਰਤਾ ਕਿਸਾਨ ਭਵਨ ਚੰਡੀਗੜ ਵਿਖੇ ਸਵੇਰੇ 11 ਵਜੇ ਰੱਖੀ ਗਈ ਹੈ । ਇਸ ਇਕੱਤਰਤਾ ਵਿੱਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ , ਦਿੱਲੀ ਸਿੱਖ ਗੁਰਦੁਆਰਾ ਮਨੇਜਮੈਂਟ ਕਮੇਟੀ , ਹਰਿਆਰਾ ਗੁਰਦੁਆਰਾ ਪ੍ਰਬੰਧਕ ਕਮੇਟੀ , ਸਮੂਹ ਸੰਤ ਸੰਪਰਦਾਵਾਂ, ਸਮੂਹ ਕਿਸਾਨ ਜਥੇਬੰਦੀਆ , ਸਮੂਹ ਅਕਾਲੀ ਧੜੇ , ਸਮੂਹ ਪੰਥਕ ਜਥੇਬੰਦੀਆ , ਸਮੂਹ ਮਜ਼ਦੂਰ ਜਥੇਬੰਦੀਆ ਅਤੇ ਸਮੂਹ ਮਨੁੱਖੀ ਅਧਿਕਾਰ ਜਥੇਬੰਦੀਆਂ ਦੇ ਆਗੂਆਂ ਨੂੰ ਪ੍ਰੈੱਸ ਰਾਹੀਂ ਵੀ ਬੇਨਤੀ ਕੀਤੀ ਜਾਂਦੀ ਹੈ , ਟੈਲੀਫ਼ੋਨ ਅਤੇ ਮਿਲਕੇ ਵੀ ਸੱਦਾ ਪੱਤਰ ਦਿੱਤਾ ਜਾਏਗਾ । ਅੱਜ ਦੀ ਇਸ ਇਕੱਤਰਤਾ ਵਿੱਚ ਮਹਿਸੂਸ ਕੀਤਾ ਗਿਆ ਕਿ ਮੋਰਚੇ ਨੂੰ ਚਲਾਉਣ ਲਈ ਮਾਇਆ ਦੀ ਸਖ਼ਤ ਜ਼ਰੂਰਤ ਹੈ ਇਸ ਲਈ ਸਮੂਹ ਦਾਨੀ ਸੱਜਣਾਂ ਖਾਸ ਕਰਕੇ ਵਿਦੇਸ਼ਾਂ ਵਿੱਚ ਬੈਠੇ ਪੰਜਾਬੀਆਂ ਖਾਸ ਕਰਕੇ ਸਿੱਖ ਪੰਥ ਨੂੰ ਅਪੀਲ ਹੈ ਕਿ ਮੋਰਚੇ ਦੀ ਸਫਲਤਾ ਲਈ ਵੱਧ ਤੋਂ ਵੱਧ ਮਾਇਆ ਭੇਜਣ ਦੀ ਕਿਰਪਾਲਤਾ ਕਰਨ ਜੀ । ਇਸ ਇਕੱਤਰਤਾ ਵਿੱਚ ਇੱਕ ਫੰਡ ਇਕੱਠਾ ਕਰਨ ਅਤੇ ਖਰਚ ਕਰਨ ਲਈ ਬਾਪੂ ਗੁਰਚਨ ਸਿੰਘ , ਸਰਦਾਰ ਗੁਰਦੀਪ ਸਿੰਘ ਬਠਿੰਡਾ , ਸਰਦਾਰ ਕਰਨੈਲ ਸਿੰਘ ਪੰਜੋਲੀ , ਸਰਦਾਰ ਬਲਵਿੰਦਰ ਸਿੰਘ ਫ਼ਿਰੋਜ਼ਪੁਰ , ਸਰਦਾਰ ਬਲਵਿੰਦਰ ਸਿੰਘ ਕਾਲਾ ਅਤੇ ਬਲਵੀਰ ਸਿੰਘ ਬੈਰੋਪੁਰ ਦੇ ਅਧਾਰਤ 6 ਮੈਂਬਰੀ ਕਮੇਟੀ ਬਣਾਈ ਗਈ । ਇਸ ਇਕੱਤਰਤਾ ਵਿੱਚ ਹੋਰਨਾਂ ਤੋਂ ਇਲਾਵਾ ,ਬਾਪੂ ਗੁਰਚਰਨ ਸਿੰਘ , ਡਾਕਟਰ ਧਰਮਪਾਲ ਜੀ , ਗੁਰਦੀਪ ਸਿੰਘ ਬਠਿੰਡਾ ,ਬਲਵਿੰਦਰ ਸਿੰਘ ਫ਼ਿਰੋਜ਼ਪੁਰ , ਜਤਿੰਦਰ ਸਿੰਘ ਇਸੜੂ , ਅਮਰਜੀਤ ਸਿੰਘ ਬਡਗੁਜਰਾ , ਅਵਤਾਰ ਸਿੰਘ ਕੌਰਜੀਵਾਲਾ , ਰਣਜੀਤ ਸਿੰਘ ਚਰਨਾਥਲ , ਹਰਨੇਕ ਸਿੰਘ ਭੱਲਮਾਜਰ ਅਦਿ ਆਗੂ ਸ਼ਾਮਲ ਹੋਏ ।-- ਜਾਰੀ ਕਰਤਾ ਕਰਨੈਲ ਸਿੰਘ ਪੰਜੋਲੀ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ।

## ਸੁਖਪਾਲ ਸਿੰਘ ਖਹਿਰਾ, ਵਿਧਾਇਕ, ਨੇ ਬੀਜੇਪੀ ਸਰਕਾਰ ਦੀ ਵੋਟਰ ਸੂਚੀ ਦੀ ਵਿਸ਼ੇਸ਼ ਤੀਬਰ ਸਮੀਖਿਆ ਨੂੰ ਅਲਪਸੰਖੀਆਂ ਨੂੰ ਨਿਸ਼ਾਨਾ ਬਣਾਉਣ ਅਤੇ ਲੋਕਤੰਤਰ ਨੂੰ ਕਮਜ਼ੋਰ ਕਰਨ ਦੀ ਸਾਜ਼ਿਸ਼ ਕਰਾਰ ਦਿੱਤਾ



**ਚੰਡੀਗੜ੍ਹ, 7 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਸੁਖਪਾਲ ਸਿੰਘ ਖਹਿਰਾ, ਵਿਧਾਨ ਸਭਾ ਮੈਂਬਰ (ਵਿਧਾਇਕ) ਅਤੇ ਨਿਆਂ ਅਤੇ ਸਮਾਨਤਾ ਲਈ ਇੱਕ ਪ੍ਰਮੁੱਖ ਅਵਾਜ਼, ਨੇ ਅੱਜ ਭਾਰਤੀ ਜਨਤਾ ਪਾਰਟੀ (ਬੀਜੇਪੀ) ਦੀ ਅਗਵਾਈ ਵਾਲੀ ਸਰਕਾਰ ਦੀ ਬਿਹਾਰ ਵਿੱਚ ਵੋਟਰ ਸੂਚੀ ਦੀ ਵਿਸ਼ੇਸ਼ ਤੀਬਰ ਸਮੀਖਿਆ (ਐਸਆਈਆਰ) ਦੀ ਸਖ਼ਤ ਨਿਖੇਧੀ ਕੀਤੀ, ਇਸ ਨੂੰ ਲੱਖਾਂ ਵੋਟਰਾਂ, ਖਾਸ ਤੌਰ 'ਤੇ ਅਲਪਸੰਖੀਆਂ, ਗਰੀਬਾਂ ਅਤੇ ਹਾਸ਼ੀਏ 'ਤੇ ਪਏ ਸਮੂਹਾਂ ਨੂੰ ਵੋਟ ਦੇ ਅਧਿਕਾਰ ਤੋਂ ਵਾਂਝਾ ਕਰਨ ਦੀ ਇੱਕ ਜਾਣਬੁੱਝ ਕੇ ਅਤੇ ਖਤਰਨਾਕ ਕੋਸ਼ਿਸ਼ ਦੱਸਿਆ। ਖਹਿਰਾ ਨੇ ਚੇਤਾਵਨੀ ਦਿੱਤੀ ਕਿ ਵੋਟਰ ਸੂਚੀ ਨੂੰ ਸ਼ੁੱਧ ਕਰਨ ਦੇ ਬਹਾਨੇ ਕੀਤੀ ਜਾ ਰਹੀ ਇਹ ਕਾਰਵਾਈ, ਬਿਹਾਰ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਲੋਕਤੰਤਰੀ ਪ੍ਰਕਿਰਿਆ ਨੂੰ ਪ੍ਰਭਾਵਿਤ ਕਰਨ ਦੀ ਇੱਕ ਸੋਚੀ-ਸਮਝੀ ਚਾਲ ਹੈ। ਭਾਰਤੀ ਚੋਣ ਕਮਿਸ਼ਨ (ਈਸੀਆਈ) ਵੱਲੋਂ 24 ਜੂਨ, 2025 ਨੂੰ ਸ਼ੁਰੂ ਕੀਤੀ ਗਈ ਵਿਸ਼ੇਸ਼ ਤੀਬਰ ਸਮੀਖਿਆ ਆਪਣੇ ਤੇਜ਼ ਸਮਾਂ-ਸੀਮਾ ਅਤੇ ਸਖ਼ਤ ਦਸਤਾਵੇਜ਼ੀ ਜ਼ਰੂਰਤਾਂ ਕਾਰਨ ਵਿਵਾਦਾਂ ਵਿੱਚ ਘਿਰੀ ਹੋਈ ਹੈ। ਖਹਿਰਾ ਨੇ ਦੋਸ਼ ਲਗਾਇਆ ਕਿ ਬੀਜੇਪੀ ਇਸ ਕਾਰਵਾਈ ਨੂੰ ਖਾਸ ਸਮੁਦਾਇਆਂ ਦੇ ਵੋਟਿੰਗ ਅਧਿਕਾਰਾਂ ਨੂੰ ਦਬਾਉਣ ਲਈ ਵਰਤ ਰਹੀ ਹੈ, ਜਿਸ ਦਾ ਸਪੱਸ਼ਟ ਲੁਕਵਾਂ ਏਜੰਡਾ ਅਲਪਸੰਖੀਆਂ, ਦਲਿਤਾਂ, ਪਛੜੀਆਂ ਸ਼੍ਰੇਣੀਆਂ ਅਤੇ ਪ੍ਰਵਾਸੀ ਮਜ਼ਦੂਰਾਂ ਨੂੰ ਨਿਸ਼ਾਨਾ ਬਣਾਉਣਾ ਹੈ, ਜੋ ਵਿਰੋਧੀ ਧਿਰ ਦੇ ਵੋਟਰ ਅਧਾਰ ਦਾ ਮਹੱਤਵਪੂਰਨ ਹਿੱਸਾ ਹਨ। "ਇਹ ਵਿਸ਼ੇਸ਼ ਤੀਬਰ ਸਮੀਖਿਆ' ਕੁਝ ਹੋਰ ਨਹੀਂ, ਸਗੋਂ ਇੱਕ ਤੁਗਲਕੀ ਫਰਮਾਨ ਹੈ, ਜੋ ਲੱਖਾਂ ਲੋਕਾਂ ਨੂੰ ਉਨ੍ਹਾਂ ਦੇ ਸੰਵਿਧਾਨਕ ਵੋਟ ਦੇ ਅਧਿਕਾਰ ਤੋਂ ਵਾਂਝਾ ਕਰਨ ਲਈ ਤਿਆਰ ਕੀਤਾ ਗਿਆ ਹੈ," ਖਹਿਰਾ ਨੇ ਕਿਹਾ। "ਬੀਜੇਪੀ, ਚੋਣ ਕਮਿਸ਼ਨ ਨਾਲ ਮਿਲੀਭੁਗਤ ਕਰਕੇ, ਅਲਪਸੰਖੀਆਂ ਅਤੇ ਹਾਸ਼ੀਏ 'ਤੇ ਪਏ ਸਮੂਹਾਂ ਨੂੰ ਨਿਸ਼ਾਨਾ ਬਣਾ ਰਹੀ ਹੈ, ਤਾਂ ਜੋ ਚੋਣ ਮੈਦਾਨ ਨੂੰ ਆਪਣੇ ਹੱਕ ਵਿੱਚ ਕੀਤਾ ਜਾ ਸਕੇ। ਇਹ ਸਾਡੇ ਦੇਸ਼ ਦੇ ਲੋਕਤੰਤਰੀ ਢਾਂਚੇ 'ਤੇ ਸਿੱਧਾ ਹਮਲਾ ਹੈ ਅਤੇ ਡਾ. ਬੀ.ਆਰ. ਅੰਬੇਦਕਰ ਦੇ ਸਮਾਵੇਸ਼ੀ ਵਿਜ਼ਨ ਦਾ ਅਪਮਾਨ ਹੈ।"

**ਖਹਿਰਾ ਨੇ ਐਸਆਈਆਰ ਪ੍ਰਕਿਰਿਆ ਸੰਬੰਧੀ ਕਈ ਚਿੰਤਾਵਾਂ ਨੂੰ ਉਜਾਗਰ ਕੀਤਾ:**

1. ਅਲਪਸੰਖੀਆਂ ਅਤੇ ਹਾਸ਼ੀਏ 'ਤੇ ਪਏ ਸਮੂਹਾਂ ਨੂੰ ਨਿਸ਼ਾਨਾ ਬਣਾਉਣਾ: ਸਖ਼ਤ ਦਸਤਾਵੇਜ਼ੀ ਜ਼ਰੂਰਤਾਂ ਅਲਪਸੰਖੀਆਂ, ਦਲਿਤਾਂ ਅਤੇ ਆਰਥਿਕ ਤੌਰ 'ਤੇ ਕਮਜ਼ੋਰ ਵੋਟਰਾਂ ਨੂੰ ਅਸਮਾਨ ਜਿਹਾ ਪ੍ਰਭਾਵਿਤ ਕਰਦੀਆਂ ਹਨ, ਜਿਨ੍ਹਾਂ ਕੋਲ ਖਾਸ ਪਛਾਣ ਦਸਤਾਵੇਜ਼ਾਂ ਦੀ ਕਮੀ ਹੋ ਸਕਦੀ ਹੈ, ਜਿਸ ਨਾਲ ਉਹ ਚੋਣ ਪ੍ਰਕਿਰਿਆ ਤੋਂ ਬਾਹਰ ਹੋ ਜਾਂਦੇ ਹਨ।
2. ਅਵਿਵਹਾਰਕ ਸਮਾਂ-ਸੀਮਾ: ਇਸ ਵਿਸ਼ਾਲ ਤਸਦੀਕ ਕਾਰਜ ਲਈ 25 ਦਿਨਾਂ ਦੀ ਮਿਆਦ ਬਿਲਕੁਲ ਨਾਕਾਫ਼ੀ ਹੈ, ਜਿਸ ਨਾਲ ਸ਼ੱਕ ਪੈਦਾ ਹੁੰਦਾ ਹੈ ਕਿ ਇਹ ਜਾਣਬੁੱਝ ਕੇ ਵੋਟਰਾਂ ਨੂੰ ਸੂਚੀ ਵਿੱਚੋਂ ਹਟਾਉਣ ਦੀ ਯੋਜਨਾ ਹੈ।
3. ਲੋਕਤੰਤਰ ਨੂੰ ਕਮਜ਼ੋਰ ਕਰਨਾ: ਬਿਹਾਰ ਵਿਧਾਨ ਸਭਾ ਚੋਣਾਂ ਤੋਂ ਕੁਝ ਮਹੀਨੇ ਪਹਿਲਾਂ ਐਸਆਈਆਰ ਦਾ ਸਮਾਂ ਸੁਝਾਉਂਦਾ ਹੈ ਕਿ ਇਹ ਵੋਟਰ ਅਧਾਰ ਨੂੰ ਪ੍ਰਭਾਵਿਤ ਕਰਨ ਅਤੇ ਵਿਰੋਧੀ ਧਿਰ ਦੇ ਮਜ਼ਬੂਤ ਖੇਤਰਾਂ ਨੂੰ ਕਮਜ਼ੋਰ ਕਰਨ ਦੀ ਜਾਣਬੁੱਝ ਕੇ ਕੋਸ਼ਿਸ਼ ਹੈ।
4. ਪਾਰਦਰਸ਼ਤਾ ਦੀ ਕਮੀ: ਈਸੀਆਈ ਵੱਲੋਂ ਸਰਕਾਰੀ ਪਛਾਣ ਪੱਤਰਾਂ ਜਿਵੇਂ ਕਿ ਆਧਾਰ ਜਾਂ ਰਾਸ਼ਨ ਕਾਰਡ ਨੂੰ ਤਸਦੀਕ ਲਈ ਨਾ ਮੰਨਣਾ, ਪ੍ਰਕਿਰਿਆ ਦੀ ਨਿਰਪੱਖਤਾ ਅਤੇ ਇਰਾਦਿਆਂ 'ਤੇ ਸਵਾਲ ਉਠਾਉਂਦਾ ਹੈ।

ਖਹਿਰਾ ਨੇ ਵਿਰੋਧੀ ਧਿਰ ਦੇ ਨੇਤਾਵਾਂ, ਜਿਵੇਂ ਕਿ ਕਾਂਗਰਸ ਪ੍ਰਧਾਨ ਮਲਿਕਾਰਜੁਨ ਖੜਗੇ ਅਤੇ ਤ੍ਰਿਣਮੂਲ ਕਾਂਗਰਸ ਦੀ ਸੰਸਦ ਮੈਂਬਰ ਮਹੁਆ ਮੋਇਤਰਾ ਦੇ ਬਿਆਨਾਂ ਦਾ ਵੀ ਜ਼ਿਕਰ ਕੀਤਾ, ਜਿਨ੍ਹਾਂ ਨੇ ਵੀ ਬੀਜੇਪੀ 'ਤੇ ਬਿਹਾਰ ਵਿੱਚ ਦੋ ਕਰੋੜ ਵੋਟਰਾਂ, ਖਾਸ ਤੌਰ 'ਤੇ ਕਮਜ਼ੋਰ ਸਮੁਦਾਇਆਂ, ਨੂੰ ਵੋਟ ਦੇ ਅਧਿਕਾਰ ਤੋਂ ਵਾਂਝਾ ਕਰਨ ਦੀ ਸਾਜ਼ਿਸ਼ ਦਾ ਦੋਸ਼ ਲਗਾਇਆ ਹੈ। ਉਨ੍ਹਾਂ ਨੇ ਉਨ੍ਹਾਂ ਦੀਆਂ ਚਿੰਤਾਵਾਂ ਦੀ ਹਮਾਇਤ ਕੀਤੀ ਕਿ ਇਹ ਕਾਰਵਾਈ ਰਾਸ਼ਟਰੀ ਨਾਗਰਿਕ ਰਜਿਸਟਰ (ਐਨਆਰਸੀ) ਵਰਗੀਆਂ ਨੀਤੀਆਂ ਨੂੰ ਲਾਗੂ ਕਰਨ ਦੀ ਇੱਕ ਪਿੱਠਵਰਤੀ ਕੋਸ਼ਿਸ਼ ਵਰਗੀ ਹੈ, ਜੋ ਅਲਪਸੰਖੀ ਸਮੂਹਾਂ ਨੂੰ ਹੋਰ ਅਲੱਗ-ਥਲੱਗ ਅਤੇ ਹਾਸ਼ੀਏ 'ਤੇ ਧੱਕ ਸਕਦੀ ਹੈ।

"ਬੀਜੇਪੀ ਦੀ ਸੱਤਾ 'ਤੇ ਕਾਬਜ਼ ਰਹਿਣ ਦੀ ਬੇਸ਼ਰਮੀ ਇਸ ਵੋਟਰ ਸੂਚੀ ਨਾਲ ਛੇੜਛਾੜ ਦੀ ਸ਼ਰਮਨਾਕ ਕੋਸ਼ਿਸ਼ ਵਿੱਚ ਸਪੱਸ਼ਟ ਹੈ," ਖਹਿਰਾ ਨੇ ਕਿਹਾ। "ਬਿਹਾਰ ਦੇ ਲੋਕ, ਜੋ ਭਾਰਤੀ ਲੋਕਤੰਤਰ ਦਾ ਜਨਮ ਸਥਾਨ ਹਨ, ਆਪਣੇ ਅਧਿਕਾਰਾਂ 'ਤੇ ਇਸ ਹਮਲੇ ਨੂੰ ਮੁਆਫ਼ ਨਹੀਂ ਕਰਨਗੇ। ਮੈਂ ਚੋਣ ਕਮਿਸ਼ਨ ਨੂੰ ਅਪੀਲ ਕਰਦਾ ਹਾਂ ਕਿ ਇਸ ਗਲਤ ਅਤੇ ਪੱਖਪਾਤੀ ਕਾਰਵਾਈ ਨੂੰ ਤੁਰੰਤ ਰੋਕਿਆ ਜਾਵੇ ਅਤੇ ਹਰ ਯੋਗ ਵੋਟਰ ਦੀ ਸੁਰੱਖਿਆ ਨੂੰ ਯਕੀਨੀ ਬਣਾਇਆ ਜਾਵੇ।"

ਖਹਿਰਾ ਨੇ ਸਿਵਲ ਸੁਸਾਇਟੀ, ਸਿਆਸੀ ਪਾਰਟੀਆਂ ਅਤੇ ਨਾਗਰਿਕਾਂ ਨੂੰ ਇਸ "ਲੋਕਤੰਤਰ ਵਿਰੋਧੀ ਸਾਜ਼ਿਸ਼" ਵਿਰੁੱਧ ਇਕਜੁੱਟ ਹੋਣ ਦੀ ਅਪੀਲ ਕੀਤੀ ਅਤੇ ਭਾਰਤ ਦੀ ਚੋਣ ਪ੍ਰਕਿਰਿਆ ਦੀ ਪਵਿੱਤਰਤਾ ਨੂੰ ਬਚਾਉਣ ਲਈ ਪੰਜਾਬ ਅਤੇ ਇਸ ਤੋਂ ਬਾਹਰ ਇਸ ਮੁੱਦੇ ਨੂੰ ਉਠਾਉਣ ਦਾ ਸੰਕਲਪ ਲਿਆ। ਉਨ੍ਹਾਂ ਨੇ ਈਸੀਆਈ ਦੀ ਭੂਮਿਕਾ ਅਤੇ ਬੀਜੇਪੀ ਦੇ ਸਿਆਸੀ ਏਜੰਡੇ ਨਾਲ ਉਸ ਦੀ ਕਥਿਤ ਸਾਂਝ ਦੀ ਪੂਰੀ ਜਾਂਚ ਦੀ ਵੀ ਮੰਗ ਕੀਤੀ।

## ਅਸ਼ਵਨੀ ਸ਼ਰਮਾ ਦੇ ਪ੍ਰਧਾਨ ਬਣਨ ਨਾਲ ਬੀਜੇਪੀ ਪੰਜਾਬ ਵਿੱਚ ਹੋਰ ਮਜ਼ਬੂਤ ਹੋਵੇਗੀ: ਦਿਓਲ



**ਧੂਰੀ ( ਰਣਜੀਤ ਸਿੰਘ ਪੇਧਨੀ )**-ਭਾਰਤੀ ਜਨਤਾ ਪਾਰਟੀਦੇ ਕੌਮੀ ਪ੍ਰਧਾਨ ਸ੍ਰੀ ਜੇਪੀ ਨੱਡਾ ਵੱਲੋਂ ਪੰਜਾਬ ਵਿੱਚ ਭਾਰਤੀ ਜਨਤਾ ਪਾਰਟੀ ਦੇ ਐਮਐਲਏ ਸ੍ਰੀ ਅਸ਼ਵਨੀ ਸ਼ਰਮਾ ਨੂੰ ਦੁਬਾਰਾ ਤੋਂ ਪਾਰਟੀ ਦੀ ਵਾਂਗ ਡੋਰ ਸੰਭਾਲੀ ਗਈ ਹੈ ਜੋ ਕਿ ਬਹੁਤ ਹੀ ਸਤਿਕਾਰਯੋਗ ਫੈਸਲਾ ਹੈ । ਇਸ ਮੌਕੇ ਸ਼੍ਰੀ ਅਸ਼ਵਨੀ ਸ਼ਰਮਾ ਦੇ ਪ੍ਰਧਾਨ ਬਣਨ ਦੀ ਖੁਸ਼ੀ ਵਿੱਚ ਭਾਰਤੀ ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਆਗੂ, ਰਣਦੀਪ ਸਿੰਘ ਦਿਓਲ ਹਲਕਾ ਇੰਚਾਰਜ ਧੂਰੀ ਨੇ ਕਿਹਾ ਹੈ ਕਿ ਉਹ ਜਿੱਥੇ ਅਸਵਨੀ ਸ਼ਰਮਾ ਨੂੰ ਪੰਜਾਬ ਪ੍ਰਧਾਨ ਬਣਨ ਤੇ ਮੁਬਾਰਕਬਾਦ ਦਿੰਦੇ ਹਨ, ਉੱਥੇ ਹੀ ਉਹ ਬੀਜੇਪੀ ਦੇ ਕੌਮੀ ਪ੍ਰਧਾਨ ਸ੍ਰੀ ਜੇਪੀ ਨੱਡਾ, ਦੇਸ਼ ਦੇ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ , ਦੇਸ਼ ਦੇ ਗ੍ਰਹਿ ਮੰਤਰੀ ਸ੍ਰੀ ਅਮਿਤ ਸ਼ਾਹ ਅਤੇ ਬੀਜੇਪੀ ਦੇ ਕੌਮੀ ਜਨਰਲ ਸੈਕਟਰੀ ਤਰੁੱਣ ਚੁੱਘ ਦਾ ਦਿਲ ਦੀਆਂ ਗਹਿਰਾਈਆਂ ਚੋਂ ਧੰਨਵਾਦ ਕਰਦੇ ਹਨ। ਜਿਨਾਂ ਨੇ ਪਾਰਟੀ ਦੇ ਲਈ ਲੰਮੇ ਸਮੇਂ ਤੋਂ ਸੰਘਰਸ਼ ਕਰਦੇ ਆ ਰਹੇ ਟਕਸਾਲੀ ਆਗੂ ਨੂੰ ਪੰਜਾਬ ਦੀ ਜਿੰਮੇਵਾਰੀ ਦੇ ਕੇ ਨਿਵਾਜਿਆ ਗਿਆ ਹੈ । ਉਹਨਾਂ ਕਿਹਾ ਕਿ ਅਸ਼ਵਨੀ ਸ਼ਰਮਾ ਦੀ ਅਗਵਾਈ ਹੇਠ 2027 ਦੇ ਵਿੱਚ ਭਾਰਤੀ ਜਨਤਾ ਪਾਰਟੀ ਦੀ ਸਰਕਾਰ ਬਣਨ ਤੋਂ ਕੋਈ ਨਹੀਂ ਰੋਕ ਸਕਦਾ। ਇਸ ਮੌਕੇ ਉਹਨਾਂ ਦੇ ਨਾਲ ਜਗਦੀਪ ਸਿੰਘ ਗੱਗੂ ਤੂਰ, ਕ੍ਰਿਸ਼ਨ ਗੋਪਾਲ ਨੀਲੂ ਮਿੱਤਲ, ਭਪੇਸ਼ ਜਿੰਦਲ, ਜਗਦੇਵ ਜਿੰਦਲ ਜੱਗਾ , ਰਣਜੀਤ ਸਿੰਘ ਰਾਜੋਮਾਜਰਾ, ਅਮਨਦੀਪ ਸਿੰਘ ਪੇਧਨੀ ਹਾਜਰ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਭਾਈ ਘਨੱਈਆ ਆਸ਼ਰਮ ਸਿਰਸਾ ਵਿਖੇ

# ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਧਰਮ ਪ੍ਰਚਾਰ ਦੇ ਚੇਅਰਮੈਨ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਆਜ਼ਾਦ ਨੇ ਦੌਰਾ ਕੀਤਾ























**ਸਿਰਸਾ, 7 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਭਾਈ ਘਨੱਈਆ ਆਸ਼ਰਮ ਸਿਰਸਾ ਵਿਖੇ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਧਰਮ ਪ੍ਰਚਾਰ ਦੇ ਚੇਅਰਮੈਨ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਆਜ਼ਾਦ ਨੇ ਦੌਰਾ ਕੀਤਾ ਜਿਸ ਆਸ਼ਰਮ ਨੂੰ ਭਾਈ ਘਨੱਈਆ ਮਾਨਵ ਸੇਵਾ ਟਰਸੱਟ,ਪਦਮ ਸ੍ਰੀ ਭਾਈ ਗੁਰਵਿੰਦਰ ਸਿੰਘ ਅਤੇ ਸਾਥੀਆਂ ਵੱਲੋਂ ਚਲਾਇਆ ਜਾ ਰਿਹਾ ਜਿਸ ਵਿੱਚ 400 ਦੇ ਕਰੀਬ ਲਾਵਾਰਿਸ ਅਤੇ ਮੰਦ ਬੁੱਧੀ ਬੱਚੇ ਬਜ਼ੁਰਗ ਨੌਜਵਾਨ ਮਾਈ ਭਾਈ,ਭਾਈ ਘਨਈਆ ਸਿੱਖਿਆ ਸੰਸਥਾਨ ਵਿੱਚ 375 ਬੱਚੇ ਬੱਚੀਆਂ ਮੁਫਤ ਵਿਦਿਆ ਪ੍ਰਾਪਤ ਕਰ ਰਹੇ ਹਨ 100 ਤੋਂ ਵੱਧ ਸੇਵਾਦਾਰ ਸਟਾਫ਼ ਉਨਾਂ ਦੀ ਸੰਭਾਲ ਅਤੇ ਟੀਚਿੰਗ ਕਰ ਰਿਹਾ ਹੈ ਸਿਰਸਾ,ਰਾਣੀਆਂ ਐਲਨਾਬਾਦ ਵਿਖੇ ਐਂਬੂਲੈਂਸ ਦੀ ਸੇਵਾ ਵੀ ਸੰਸਥਾ ਵੱਲੋਂ ਕੀਤੀ ਜਾ ਰਹੀ ਹੈ ਆਸ਼ਰਮ ਵਿੱਚ ਬਹੁਤ ਵਧੀਆ ਖਾਣਾ,ਸਾਫ਼ ਸਫਾਈ ਅਤੇ ਮੰਜੇ ਬਿਸਤਰਿਆਂ ਦਾ ਇਨਾਂ ਰੱਬ ਦੇ ਜੀਵਾਂ ਵਾਸਤੇ ਪ੍ਰਬੰਧ ਕੀਤਾ ਗਿਆ ਦੇਸ਼ ਵਿਦੇਸ਼ ਦੀਆਂ ਸੰਗਤਾਂ ਨੂੰ ਭਾਈ ਘਨੱਈਆ ਆਸ਼ਰਮ ਸਿਰਸਾ ਦੀ ਮੱਦਦ ਕਰਨੀ ਚਾਹੀਦੀ ਹੈ ਜਥੇਦਾਰ ਦਾਦੂਵਾਲ ਜੀ ਵੱਲੋਂ ਵੀ ਆਪਣੇ ਸੁੱਖ ਸੇਵਾ ਸਿਮਰਨ ਟਰਸੱਟ ਤਰਫੋਂ ਇੱਕ ਲੱਖ(100000) ਰੁਪਇਆ ਆਸ਼ਰਮ ਨੂੰ ਭੇਂਟ ਕੀਤਾ ਗਿਆ ਭਾਈ ਗੁਰਵਿੰਦਰ ਸਿੰਘ ਵੱਲੋਂ ਜਥੇਦਾਰ ਦਾਦੂਵਾਲ ਜੀ ਅਤੇ ਸਾਥੀਆਂ ਦਾ ਦਿਲੋਂ ਧੰਨਵਾਦ ਕੀਤਾ ਭਾਈ ਘਨੱਈਆ ਆਸ਼ਰਮ ਸਿਰਸਾ ਵੱਲੋਂ ਕੀਤੀ ਜਾ ਰਹੀ ਸੇਵਾ ਨੂੰ ਵੇਖਦਿਆਂ ਭਾਰਤ ਸਰਕਾਰ ਵੱਲੋਂ ਵੀ ਸੰਚਾਲਕ ਭਾਈ ਗੁਰਵਿੰਦਰ ਸਿੰਘ ਨੂੰ ਸੰਨ 2024 ਵਿੱਚ ਪਦਮ ਸ਼੍ਰੀ ਐਵਾਰਡ ਦੇ ਕੇ ਨਿਵਾਜਿਆ ਗਿਆ ਹੈ। ••

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

# ਧੰਨ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ

**ਪੰਜਿ ਪਿਆਲੇ ਪੰਜਿ ਪੀਰ ਛਠਮੁ ਪੀਰੁ ਬੈਠਾ ਗੁਰੁ ਭਾਰੀ।**
**ਅਰਜਨੁ ਕਾਇਆ ਪਲਟਿ ਕੈ ਮੂਰਤਿ ਹਰਿਗੋਬਿੰਦ ਸਵਾਰੀ।**
**ਚਲੀ ਪੀੜੀ ਸੋਢੀਆ ਰੂਪੁ ਦਿਖਾਵਣਿ ਵਾਰੋ ਵਾਰੀ।**
**ਦਲਿਭੰਜਨ ਗੁਰੁ ਸੂਰਮਾ ਵਡ ਜੋਧਾ ਬਹੁ ਪਰਉਪਕਾਰੀ।**

ਸਿੱਖਾਂ ਦੇ ਛੇਵੇਂ ਗੁਰੂ ਗੁਰੂ ਹਰਿਗੋਬਿੰਦ ਸਾਹਿਬ ਜੀ ਦਾ ਪ੍ਰਕਾਸ਼ ਹਾੜ ਵਦੀ 7, 21 ਹਾੜ ਸੰਮਤ 1652 ਬਿਕ੍ਰਮੀ ਮੁਤਾਬਿਕ 19 ਜੂਨ 1595 ਈ ਨੂੰ ਪਿਤਾ ਗੁਰੂ ਅਰਜਨ ਦੇਵ ਜੀ ਅਤੇ ਮਾਤਾ ਗੰਗਾ ਜੀ ਦੀ ਪਵਿੱਤਰ ਕੁੱਖੋਂ ਪਿੰਡ ਵਡਾਲੀ ਜ਼ਿਲ੍ਹਾ ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਹੋਇਆ। ਇਸੇ ਕਰਕੇ ਵਡਾਲੀ ਨਗਰ ਨੂੰ ਗੁਰੂ ਕੀ ਵਡਾਲੀ ਕਿਹਾ ਜਾਂਦਾ ਹੈ।

ਜਦੋਂ ਉਨ੍ਹਾਂ ਦੇ ਪਿਤਾ ਧੰਨ ਗੁਰੂ ਅਰਜਨ ਦੇਵ ਜੀ ਨੇ ਬਾਲਕ ਹਰ ਗੋਬਿੰਦ ਸਾਹਿਬ ਦੇ ਦਰਸ਼ਨ ਕੀਤੇ ਤਾਂ ਉਨ੍ਹਾਂ ਫਰਮਾਇਆ, "ਇਹ ਬਾਲਕ ਬਹੁਤ ਪ੍ਰਤਾਪੀ ਪੁਰਖ ਹੋਵੇਗਾ।" ਉਨ੍ਹਾਂ ਦੇ ਪ੍ਰਕਾਸ਼ ਦੀ ਖ਼ੁਸ਼ੀ ਵਿੱਚ ਗੁਰੂ ਸਾਹਿਬ ਨੇ ਉਸ ਇਲਾਕੇ ਵਿੱਚ ਛੇ ਮਾਹਲਾਂ ਵਾਲਾ ਵੱਡਾ ਖੂਹ ਲਗਵਾਇਆ ਜਿਸ ਕਰਕੇ ਉਸ ਨਗਰੀ ਦਾ ਨਾਂ ਛੇਹਰਟਾ ਪੈ ਗਿਆ।

ਸੰਨ 1603 ਈ ਵਿੱਚ ਗੁਰੂ ਹਰਗੋਬਿੰਦ ਸਾਹਿਬ ਜੀ ਦੀ ਵਿੱਦਿਆ ਅਤੇ ਸ਼ਸਤਰਾਂ ਦੀ ਸਿਖਲਾਈ ਲਈ ਬਾਬਾ ਬੁੱਢਾ ਜੀ ਨੂੰ ਜ਼ਿੰਮੇਵਾਰੀ ਸੌਂਪੀ ਗਈ। ਬਾਲ ਗੁਰੂ ਹਰਗੋਬਿੰਦ ਸਾਹਿਬ ਸ਼ਸਤਰ ਵਿੱਦਿਆ ਜਲਦੀ ਹੀ ਨਿਪੁੰਨ ਹੋ ਗਏ। ਬਾਲਕ ਹਰਗੋਬਿੰਦ ਸਾਹਿਬ ਜੀ ਜਦੋਂ ਸਿਰਫ ਗਿਆਰਾਂ ਸਾਲ ਹੋਏ ਤਾਂ ਉਨ੍ਹਾਂ ਦੇ ਗੁਰੂ ਪਿਤਾ ਅਰਜਨ ਦੇਵ ਜੀ ਨੂੰ

ਆਵਾਜ਼ਿ ਕੌਮ
AWAZE QAUM
International Newspaper & WEB TV

ਬਾਦਸ਼ਾਹ ਜਹਾਂਗੀਰ ਦੇ ਦਿੱਤੇ ਨਿਰਦੇਸ਼ਾਂ ਕਾਰਨ ਲਾਹੌਰ ਵਿੱਚ ਜਾ ਕੇ ਆਪਣੀ ਸ਼ਹਾਦਤ ਦੇਣੀ ਪਈ। ਗੁਰੂ ਅਰਜਨ ਦੇਵ ਜੀ ਦੀ ਸ਼ਹਾਦਤ ਤੋਂ ਬਾਅਦ ਬਾਲਕ ਹਰਗੋਬਿੰਦ ਨੂੰ ਗੁਰਗੱਦੀ 'ਤੇ ਬਿਰਾਜਮਾਨ ਕੀਤਾ ਗਿਆ। ਗੁਰਿਆਈ ਦੀ ਗੱਦੀ 'ਤੇ ਬੈਠਣ ਲੱਗਿਆਂ ਗੁਰੂ ਹਰਿਗੋਬਿੰਦ ਸਾਹਿਬ ਜੀ ਨੇ ਬਾਬਾ ਬੁੱਢਾ ਜੀ ਨੂੰ ਦੋ ਤਲਵਾਰਾਂ ਲਿਆਉਣ ਦੀ ਬੇਨਤੀ ਕੀਤੀ ਇਕ ਤਲਵਾਰ ਸੱਜੇ ਪਾਸੇ ਪਹਿਨੀ ਤੇ ਦੂਜੀ ਤਲਵਾਰ ਖੱਬੇ ਪਾਸੇ ਧਾਰਨ ਕਰਕੇ ਇੱਕ ਵਿਲੱਖਣ ਰੀਤ ਚਲਾਈ। ਉਨ੍ਹਾਂ ਫ਼ੁਰਮਾਇਆ ਕਿ ਅਸੀਂ ਇਹ ਦੋ ਤਲਵਾਰਾਂ ਧੰਨ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਆਗਿਆ ਅਨੁਸਾਰ ਹੀ ਪਹਿਨੀਆਂ ਹਨ ਜਿਨ੍ਹਾਂ ਵਿਚ ਇਕ ਮੀਰੀ ਦੀ ਪ੍ਰਤੀਕ ਹੈ ਤੇ ਦੂਜੀ ਪੀਰੀ ਦੀ।

ਇਸ ਵਿਲੱਖਣ ਘਟਨਾ ਚੱਕਰ ਦਾ ਵਰਣਨ ਢਾਡੀ ਅਬਦੁਲਾ ਨੇ ਇਸ ਤਰ੍ਹਾਂ ਕੀਤਾ ਹੈ:

**ਦੋ ਤਲਵਾਰਾਂ ਬੱਧੀਆਂ ,ਇਕ ਮੀਰੀ ਦੀ , ਇਕ ਪੀਰੀ ਦੀ।**
**ਇਕ ਅਜ਼ਮਤ ਦੀ, ਇਕ ਰਾਜ ਦੀ, ਇਕ ਰਾਖੀ ਕਰੇ ਵਜ਼ੀਰੀ ਦੀ।**

ਗੁਰਗੱਦੀ ਤੇ ਵਿਰਾਜਮਾਨ ਹੁੰਦਿਆਂ ਉਨ੍ਹਾਂ ਨੇ ਸਿੱਖ ਸੰਗਤ ਨੂੰ ਹੁਕਮਨਾਮੇ ਜਾਰੀ ਕਰਕੇ ਵਧੀਆ ਨਸਲ ਦੇ ਘੋੜੇ ਅਤੇ ਉੱਚ ਕੋਟੀ ਦੇ ਹਥਿਆਰ ਭੇਟ ਕਰਨ ਦਾ ਹੁਕਮ ਦਿੱਤਾ। ਅਕਾਲ ਤਖ਼ਤ ਵਿਖੇ ਰਾਜਸੀ ਅਤੇ ਹੋਰ ਮਾਮਲੇ ਨਜਿੱਠੇ ਜਾਂਦੇ। ਗੁਰੂ ਹਰਗੋਬਿੰਦ ਸਾਹਿਬ ਜੀ ਦੀਆਂ ਤਿੰਨ ਪਤਨੀਆਂ ਸਨ: ਮਾਤਾ ਦਾਮੋਦਰੀ ਜੀ, ਮਾਤਾ ਨਾਨਕੀ ਜੀ ਅਤੇ ਮਾਤਾ ਮਰਵਾਹੀ ਜੀ। ਉਨ੍ਹਾਂ ਦੇ ਛੇ ਬੱਚੇ ਸਨ। ਉਨ੍ਹਾਂ ਦੀ ਪਹਿਲੀ ਪਤਨੀ ਮਾਤਾ ਦਾਮੋਦਰੀ ਜੀ ਤੋਂ ਬਾਬਾ ਗੁਰਦਿੱਤਾ ਜੀ ਅਤੇ ਬੀਬੀ ਵੀਰੋ ਜੀ ਹੋਏ। ਗੁਰੂ ਤੇਗ ਬਹਾਦਰ ਜੀ ਦਾ ਜਨਮ ਮਾਤਾ ਨਾਨਕੀ ਜੀ ਦੀ ਕੁੱਖੋਂ ਹੋਇਆ ਅਤੇ ਬਾਬਾ ਸੂਰਜ ਮੱਲ ਜੀ ਤੇ ਬਾਬਾ ਅਨੀ ਰਾਏ ਜੀ ਦਾ ਜਨਮ ਮਾਤਾ ਮਰਵਾਹੀ ਜੀ ਦੀ ਕੁੱਖੋਂ ਹੋਇਆ।

ਧੰਨ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਨੇ ਸੰਨ 1609 ਈ ਨੂੰ ਸ੍ਰੀ ਹਰਿਮੰਦਰ ਸਾਹਿਬ ਦੇ ਸਾਹਮਣੇ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਉਸਾਰੀ ਆਪਣੀ ਦੇਖ ਦੇਖ ਵਿੱਚ ਕਰਵਾਈ। ਧੰਨ ਗੁਰੂ ਹਰਗੋਬਿੰਦ ਸਾਹਿਬ ਨੇ ਸ੍ਰੀ ਅਕਾਲ ਤਖਤ ਸਾਹਿਬ ਵਿਖੇ 12 ਫੁੱਟ ਉੱਚਾ ਥੜਾ ਬਣਾਇਆ ਕਿਉਂਕਿ ਉਸ ਵੇਲੇ ਦੇ ਮੁਗ.ਲ ਬਾਦਸ਼ਾਹ ਜਹਾਂਗੀਰ ਨੇ ਕਿਹਾ ਸੀ ਕਿ ਉਸ ਦੇ ਤਿੰਨ ਫੁੱਟ ਤਖ਼ਤ ਤੋਂ ਉੱਚਾ ਕੋਈ ਨਹੀਂ ਬੈਠ ਸਕਦਾ। ਸ੍ਰੀ ਹਰਿਮੰਦਰ ਸਾਹਿਬ ਦੇ ਸਾਹਮਣੇ ਹੀ ਅਕਾਲ ਤਖ਼ਤ ਬਣਾਇਆ ਗਿਆ ਹੈ ਜੋ ਦਰਸਾਉਂਦਾ ਹੈ ਕਿ ਰੂਹਾਨੀਅਤ ਹਮੇਸ਼ਾ ਸਿਆਸੀ ਫਰਜ਼ਾਂ ਨਾਲੋਂ ਉੱਚੀ ਹੁੰਦੀ ਹੈ। ਸ੍ਰੀ ਅਕਾਲ ਤਖ਼ਤ ਸਿੱਖ ਧਰਮ ਦਾ ਸਭ ਤੋਂ ਉੱਚਾ ਤੇ ਪਵਿੱਤਰ ਅਸਥਾਨ ਬਣਾਇਆ ਗਿਆ ਸੀ। ਆਪਣੇ ਗੁਰੂ ਪਿਤਾ ਧੰਨ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਸ਼ਹਾਦਤ ਤੋਂ ਬਾਅਦ ਗੁਰੂ ਹਰਗੋਬਿੰਦ ਸਾਹਿਬ ਨੇ ਮੁਗਲ ਹਕੂਮਤ ਖਿਲਾਫ ਸਿੱਖ ਕੌਮ ਦੀ ਅਗਵਾਈ ਕੀਤੀ। ਉਹਨਾਂ ਨੇ ਸਿੱਖਾਂ ਨੂੰ ਸ਼ਸਤਰਧਾਰੀ ਹੋ ਕੇ ਆਪਣੇ ਧਰਮ ਦਾ ਨਿਰਵਾਹ ਕਰਨ ਦੀ ਆਗਿਆ ਦਿੱਤੀ ਅਤੇ ਜਬਰੀ ਇਸਲਾਮ ਧਰਮ ਕਬੂਲ ਕਰਨ ਦੇ ਹੁਕਮ ਦਾ ਵਿਰੋਧ ਕੀਤਾ। ਗੁਰੂ ਸਾਹਿਬ ਦੀ ਧਰਮੀ ਫ਼ੌਜ ਨੇ ਜ਼ੁਲਮ ਅਤੇ ਅਨਿਆਂ ਵਿਰੁੱਧ ਚਾਰ ਜੰਗਾਂ




ਲੜੀਆਂ ਅਤੇ ਚਾਰਾਂ ਵਿੱਚ ਹੀ ਸ਼ਾਨਦਾਰ ਜਿੱਤ ਪ੍ਰਾਪਤ ਕੀਤੀ।

ਗੁਰੂ ਸਾਹਿਬ ਸ੍ਰੀ ਅਕਾਲ ਤਖਤ ਸਾਹਿਬ 'ਤੇ ਬੈਠ ਕੇ ਲੋਕਾਂ ਦੇ ਫੈਸਲੇ ਕਰਦੇ। ਅਕਾਲ ਤਖਤ 'ਤੇ ਹੀ ਢਾਡੀ ਯੋਧਿਆਂ ਦੀਆਂ ਬੀਰ ਰਸੀ ਵਾਰਾਂ ਗਾ ਕੇ ਸੰਗਤ ਦੇ ਵਿਚ ਬੀਰ ਰਸ ਪੈਦਾ ਕਰਦੇ।

ਗੁਰੂ ਘਰ ਦੇ ਵਿਚ ਹੋਈ ਇੰਨੀ ਵੱਡੀ ਤਬਦੀਲੀ ਮੁਗਲ ਸਲਤਨਤ ਦੇ ਲਈ ਵੰਗਾਰ ਸੀ। ਮੁਗਲ ਬਾਦਸ਼ਾਹ ਜਹਾਂਗੀਰ ਨੂੰ ਸਿੱਖਾਂ ਦੀ ਵੱਧਦੀ ਤਾਕਤ ਆਪਣੀ ਬਾਦਸ਼ਾਹੀ ਵਾਸਤੇ ਖਤਰੇ ਦੀ ਘੰਟੀ ਜਾਪੀ। ਇਸ ਦੇ ਸਿੱਟੇ ਵਜੋਂ ਉਸ ਨੇ ਸੰਨ 1612 ਈਸਵੀ ਨੂੰ ਆਗਰੇ ਤੋਂ ਹੁਕਮ ਜਾਰੀ ਕੀਤਾ ਕਿ ਗੁਰੂ ਹਰਿਗੋਬਿੰਦ ਸਾਹਿਬ ਨੂੰ ਗਵਾਲੀਅਰ ਦੇ ਕਿਲ੍ਹੇ ਵਿਚ ਕੈਦ ਕੀਤਾ ਜਾਵੇ। ਗੁਰੂ ਜੀ ਨੇ ਕਿਲ੍ਹੇ ਦੇ ਵਿਚ ਪੁੱਜ ਕੇ ਉਥੇ ਪਹਿਲਾਂ ਕੈਦ ਕੀਤੇ ਹੋਏ ਰਾਜਸੀ ਕੈਦੀ ਹਿੰਦੂ ਰਾਜਿਆਂ ਨੂੰ ਆਪਣੀ ਗੱਲਵਕੜੀ ਦੇ ਵਿਚ ਲਿਆ ਅਤੇ ਹੌਂਸਲਾ ਦਿੱਤਾ। ਦੂਰੋਂ ਨੇੜਿਆਂ ਦੇ ਇਲਾਕਿਆਂ ਤੋਂ ਸੰਗਤਾਂ ਧੰਨ ਗੁਰੂ ਹਰਗੋਬਿੰਦ ਸਾਹਿਬ ਦੇ ਦਰਸ਼ਨ ਕਰਨ ਲਈ ਗਵਾਲੀਅਰ ਦੇ ਕਿਲੇ ਵਿਖੇ ਆਉਂਦੀਆਂ ਪਰ ਕਿਸੇ ਨੂੰ ਵੀ ਮਿਲਣ ਦੀ ਆਗਿਆ ਨਾ ਦਿੱਤੀ ਗਈ। ਸਤਿਗੁਰਾਂ ਨੂੰ ਹੋਈ ਕੈਦ ਦੇ ਵਿਰੁੱਧ ਸਿੱਖਾਂ ਅਤੇ ਗੁਰੂ ਘਰ ਦੇ ਪ੍ਰੇਮੀਆਂ ਤੋਂ ਇਲਾਵਾ ਕਈ ਨੇਕ ਦਿਲ ਮੁਸਲਮਾਨਾਂ ਨੇ ਆਵਾਜ਼ ਉਠਾਈ। ਸੰਨ 1614 ਈਸਵੀ ਨੂੰ ਬਾਦਸ਼ਾਹ ਜਹਾਂਗੀਰ ਨੂੰ ਦਮੇ ਦਾ ਸਖਤ ਦੌਰਾ ਪੈ ਗਿਆ ਅਤੇ ਮੁਸਲਮਾਨ ਫਕੀਰ ਸਾਈ ਮੀਆਂ ਮੀਰ ਨੇ ਬਾਦਸ਼ਾਹ ਨੂੰ ਗੁਰੂ ਹਰਗੋਬਿੰਦ ਸਾਹਿਬ ਨੂੰ ਰਿਹਾ ਕਰਨ ਲਈ ਬੇਨਤੀ ਕੀਤੀ। ਜਿਸਦਾ ਨਤੀਜਾ ਇਹ ਹੋਇਆ ਕਿ ਗੁਰੂ ਸਾਹਿਬ ਜੀ ਨੂੰ ਜਲਦੀ ਰਿਹਾਅ ਕਰਨ ਦਾ ਹੁਕਮ ਜਾਰੀ ਕਰ ਦਿੱਤਾ ਗਿਆ। ਪਰ ਗੁਰੂ ਸਾਹਿਬ ਜੀ ਨੇ ਆਪਣੀ ਰਿਹਾਈ ਵੀ ਇਨ੍ਹਾਂ ਰਾਜਸੀ ਕੈਦੀ ਹਿੰਦੂ ਰਾਜਿਆਂ ਦੇ ਨਾਲ ਹੀ ਲੈਣ ਦਾ ਫੈਸਲਾ ਕੀਤਾ। ਆਖਿਰ ਗੁਰੂ ਸਾਹਿਬ ਜੀ ਦੇ 52 ਕਲੀਆਂ ਵਾਲਾ ਚੋਲਾ ਧਾਰਨ ਕਰਕੇ ਕੈਦ ਕੀਤੇ 52 ਹਿੰਦੂ ਰਾਜਿਆਂ ਨੂੰ ਵੀ ਰਿਹਾਅ ਕਲਵਾਇਆ। ਇਸ ਮਹਾਨ ਕਾਰਜ ਦੇ ਸਦਕਾ ਗੁਰੂ ਸਾਹਿਬ ਜੀ ਨੂੰ 'ਬੰਦੀ ਛੋੜ' ਦਾਤਾ ਕਿਹਾ ਜਾਣ ਲੱਗਾ।



ਗੁਰੂ ਜੀ ਗਵਾਲੀਅਰ ਦੇ ਕਿਲ੍ਹੇ ਤੋਂ ਰਿਹਾ ਹੋ ਕੇ ਦਿੱਲੀ ਪੁੱਜੇ ਅਤੇ ਮਜਨੂੰ ਦੇ ਟਿਲੇ 'ਤੇ ਜਾ ਕੇ ਠਹਿਰੇ। ਬਾਦਸ਼ਾਹ ਜਹਾਂਗੀਰ ਆਪ ਜੀ ਦੇ ਦਰਸ਼ਨਾਂ ਲਈ ਆਇਆ। ਵਜ਼ੀਰ ਖਾਂ ਦੇ ਸਾਰੀ ਗੱਲ ਦੱਸਣ 'ਤੇ ਬਾਦਸ਼ਾਹ ਜਹਾਂਗੀਰ ਨੂੰ ਨਿਸ਼ਚਾ ਹੋ ਗਿਆ ਕਿ ਗੁਰੂ ਅਰਜਨ ਦੇਵ ਜੀ ਬਾਰੇ ਉਸ ਨੂੰ ਗਲਤ ਖ਼ਬਰ ਦਿੱਤੀ ਗਈ ਸੀ। ਬਾਦਸ਼ਾਹ ਨੇ ਗੁਰੂ ਅਰਜਨ ਸਾਹਿਬ ਜੀ ਨੂੰ ਕਸ਼ਟ, ਤਸੀਹੇ ਦੇ ਕੇ ਸ਼ਹੀਦ ਕਰਨ ਦਾ ਸਾਰਾ ਦੋਸ਼ ਚੰਦੂ ਦੇ ਸਿਰ ਲਾਇਆ ਤੇ ਉਸ ਨੂੰ ਗੁਰੂ ਜੀ ਦੇ ਹਵਾਲੇ ਕਰ ਦਿੱਤਾ। ਚੰਦੂ ਨੂੰ ਮੁਸ਼ਕਾਂ ਦੇ ਕੇ ਦਿੱਲੀ ਤੋਂ ਲਹੌਰ ਲਿਆ ਕੇ ਬਾਜ਼ਾਰਾਂ 'ਚ ਫਿਰਾਇਆ ਗਿਆ। ਚਾਰੋਂ ਤਰਫ਼ ਉਸ ਪ੍ਰਤੀ ਨਫ਼ਰਤ ਪੈਦਾ ਹੋ ਗਈ। ਗੁਰਦਿੱਤਾ ਭੜਭੂੰਜਾ, ਜਿਸ ਨੇ ਚੰਦੂ ਦੇ ਹੁਕਮ ਨਾਲ ਗੁਰੂ ਅਰਜਨ ਦੇਵ ਜੀ ਉੱਤੇ ਤੱਤੀ ਰੇਤ ਪਾਈ ਸੀ ਉਸ ਨੇ ਇਸ ਪਾਪੀ ਨੂੰ ਉਹੀ ਰੇਤ ਪਾਉਣ ਵਾਲੇ ਕੜਛੇ ਨਾਲ ਕੁੱਟ ਕੁੱਟ ਕੇ ਮਾਰ ਦਿੱਤਾ।

ਕੁਝ ਚਿਰ ਮਗਰੋਂ ਕਸ਼ਮੀਰ ਜਾਂਦਾ ਹੋਇਆ ਜਹਾਂਗੀਰ ਬਾਦਸ਼ਾਹ ਸ੍ਰੀ ਅੰਮ੍ਰਿਤਸਰ ਸਾਹਿਬ ਆਇਆ। ਉਸ ਨੇ ਗੁਰੂ ਜੀ ਨੂੰ ਕਿਹਾ ਕਿ ਜੇ ਗੁਰੂ ਸਾਹਿਬ ਆਗਿਆ ਦੇਣ ਤਾਂ ਉਹ ਸ੍ਰੀ ਅਕਾਲ ਤਖਤ ਸਾਹਿਬ ਦੀ ਇਮਾਰਤ ਸਰਕਾਰੀ ਖਰਚੇ ਤੇ ਬਣਵਾ ਦੇਵੇਗਾ। ਗੁਰੂ ਜੀ ਨੇ ਜਵਾਬ 'ਚ ਕਿਹਾ ਕਿ ਇਹ ਧਰਮ ਤੇ ਨਿਆਂ ਦਾ ਤਖ਼ਤ ਹੈ ਇਸ ਦੀ ਇਮਾਰਤ ਸਿੱਖਾਂ ਦੀ ਮਿਹਨਤ ਤੇ ਧਰਮ-ਕਿਰਤ ਨਾਲ ਬਣਨੀ ਚਾਹੀਦੀ ਹੈ। ਇਸ ਤੋਂ ਮਗਰੋਂ ਜਹਾਂਗੀਰ ਦੇ ਸਮੇਂ ਗੁਰੂ ਜੀ ਪੂਰਨ ਅਮਨ ਤੇ ਸ਼ਾਂਤੀ 'ਚ ਰਹੇ ਅਤੇ ਪੂਰਾ-ਪੂਰਾ ਧਿਆਨ ਸਿੱਖੀ ਦੇ ਪ੍ਰਚਾਰ ਵੱਲ ਲਾਇਆ ਗਿਆ। ਗੁਰੂ ਸਾਹਿਬ ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਕੁਝ ਸਮਾਂ ਬਤੀਤ ਕਰਨ ਉਪਰੰਤ ਸਿੱਖੀ ਦੇ ਪ੍ਰਚਾਰ ਲਈ ਲਾਹੌਰ, ਗੁਜਰਾਂਵਾਲਾ, ਵਜ਼ੀਰਾਬਾਦ ਆਦਿ ਥਾਵਾਂ ਤੋਂ ਹੁੰਦੇ ਹੋਏ ਕਸ਼ਮੀਰ ਪਹੁੰਚ ਗਏ। ਕਸ਼ਮੀਰ ਵਿਖੇ ਹਜ਼ਾਰਾਂ ਹਿੰਦੂਆਂ ਨੂੰ ਜਬਰੀ ਇਸਲਾਮ ਧਰਮ ਕਬੂਲ ਕਰਵਾਇਆ ਜਾ ਰਿਹਾ ਸੀ। ਗੁਰੂ ਹਰਗੋਬਿੰਦ ਸਾਹਿਬ ਨੇ ਇਸ ਜਬਰ ਜੁਲਮ ਦਾ ਡੱਟ ਕੇ ਮੁਕਾਬਲਾ ਕੀਤਾ।

ਕਸ਼ਮੀਰ ਵਿਖੇ ਗੁਰੂ ਹਰਗੋਬਿੰਦ ਸਾਹਿਬ ਨੂੰ ਸ਼ਿਵਾਜੀ ਮਰਹੱਟੇ ਦੇ ਧਾਰਮਿਕ ਗੁਰੂ ਸ੍ਰੀ ਸਮਰਥ ਰਾਮਦਾਸ ਜੀ ਮਿਲੇ ਅਤੇ ਉਹਨਾਂ ਨੇ ਗੁਰੂ ਹਰਗੋਬਿੰਦ ਸਾਹਿਬ ਜੀ ਨੂੰ ਕਿਹਾ ਕਿ ਤੁਸੀਂ ਗੁਰੂ ਨਾਨਕ ਦੇਵ ਜੀ ਦੀ ਗੱਦੀ 'ਤੇ ਬਿਰਾਜਮਾਨ ਹੋ ਪਰ ਗੁਰੂ ਨਾਨਕ ਦੇਵ ਜੀ ਤਾਂ ਤਿਆਗੀ ਸਾਧੂ ਸਨ, ਤੁਸੀਂ ਸ਼ਸਤਰ ਪਹਿਨਦੇ ਹੋ ਫੌਜ ਤੇ ਘੋੜੇ ਵੀ ਰੱਖੇ ਹੋਏ ਹਨ ਤੇ 'ਸੱਚੇ ਪਾਤਸ਼ਾਹ' ਅਖਵਾਉਂਦੇ ਹੋ, ਅਜਿਹਾ ਕਿਉਂ ?'

ਗੁਰੂ ਜੀ ਨੇ ਉੱਤਰ ਦਿੱਤਾ: 'ਬਾਤਨ ਫ਼ਕੀਰੀ, ਜ਼ਾਹਰ ਅਮੀਰੀ, ਸ਼ਸਤਰ ਗਰੀਬ ਦੀ ਰੱਖਿਆ, ਜਰਵਾਣੇ ਕੀ ਭੱਖਿਆ। ਬਾਬਾ ਨਾਨਕ ਨੇ ਸੰਸਾਰ ਨਹੀਂ ਤਿਆਗਿਆ ਸੀ, ਮਾਇਆ ਤਿਆਗੀ ਸੀ।' ਇਹ ਉੱਤਰ ਮਹਾਤਮਾ ਰਾਮਦਾਸ ਦੇ ਦਿਲ ਲੱਗ ਗਿਆ ਤੇ ਉਨ੍ਹਾਂ ਗੁਰੂ ਜੀ ਨੂੰ ਨਮਸਕਾਰ ਕੀਤੀ।

ਕਸ਼ਮੀਰ ਵਿਖੇ ਸਿੱਖ ਧਰਮ ਦਾ ਪ੍ਰਚਾਰ ਕਰਨ ਉਪਰੰਤ ਗੁਰੂ ਸਾਹਿਬ ਪੰਜਾਬ ਵਾਪਸ ਵਰਤ ਗਏ। ਪੰਜਾਬ ਤੋਂ ਬਾਅਦ ਗੁਰੂ ਸਾਹਿਬ ਨੇ ਸਿੱਖ ਧਰਮ ਦੇ ਪ੍ਰਚਾਰ ਲਈ ਗੁਜਰਾਤ ਚਾਲੇ ਪਾਏ ਜਿੱਥੇ ਆਪ ਜੀ ਨੂੰ ਫਕੀਰ ਸ਼ਾਹ ਦੋਲਾ ਮਿਲਿਆ ਅਤੇ ਗੁਰੂ ਸਾਹਿਬ ਤੇ ਮੀਰੀ ਪੀਰੀ ਅਤੇ ਸੰਤ ਸਿਪਾਹੀ ਵਾਲੇ ਵੇਸ ਨੂੰ ਵੇਖ ਕੇ ਉਸਨੇ ਗੁਰੂ ਸਾਹਿਬ ਨੂੰ 4 ਸਵਾਲ ਕੀਤੇ :

(1). ਹਿੰਦੂ ਕੀ ਤੇ ਫ਼ਕੀਰੀ ਕੀ ?
(2). ਔਰਤ ਕੀ ਤੇ ਪੀਰੀ ਕੀ ?
(3). ਪੁੱਤਰ ਕੀ ਤੇ ਵੈਰਾਗ ਕੀ ?
(4). ਦੌਲਤ ਕੀ ਤੇ ਤਿਆਗ ਕੀ ?

ਗੁਰੂ ਜੀ ਨੇ ਇਨ੍ਹਾਂ ਚਾਰੇ ਸਵਾਲਾਂ ਦੇ ਜਵਾਬ ਇਉਂ ਦਿੱਤੇ :

(1). ਔਰਤ ਇਮਾਨ।
(2) ਪੁੱਤਰ ਨਿਸ਼ਾਨ।
(3) ਦੌਲਤ ਗੁਜ਼ਰਾਨ।
(4). ਫ਼ਕੀਰ ਨਾ ਹਿੰਦੂ ਨਾ ਮੁਸਲਮਾਨ।

ਗੁਰੂ ਸਾਹਿਬ ਦੇ ਉੱਤਰ ਸੁਣ ਕੇ ਫਕੀਰ ਸ਼ਾਹ ਦੌਲਾ ਗੁਰੂ ਹਰਗੋਬਿੰਦ ਸਾਹਿਬ ਦਾ ਮੁਰੀਦ ਹੋ ਗਿਆ। ਗੁਰੂ ਸਾਹਿਬ ਨੇ ਆਪਣੇ ਜੀਵਨ ਕਾਲ ਦੇ ਵਿੱਚ ਬਹੁਤ ਸਾਰੇ ਕਿਲਿਆਂ ਦਾ ਨਿਰਮਾਣ ਕਰਵਾਇਆ।

ਗੁਰੂ ਸਾਹਿਬ ਜੀ ਨੇ ਹਰ ਥਾਂ ਸਿੱਖ ਧਰਮ ਦਾ ਪ੍ਰਚਾਰ ਕੀਤਾ। ਗੁਰੂ ਹਰਗੋਬਿੰਦ ਸਾਹਿਬ ਜੀ ਨੇ ਆਪਣੇ ਜੀਵਨ ਦਾ ਆਖਰੀ ਦਹਾਕਾ ਸਤਲੁਜ ਦਰਿਆ ਦੇ ਕੰਢੇ ਵਸੇ ਕਸਬੇ ਕੀਰਤਪੁਰ ਸਾਹਿਬ ਵਿਖੇ ਬਿਤਾਇਆ ਸੀ ਅਤੇ 49 ਸਾਲ ਦੀ ਉਮਰ ਵਿੱਚ 3 ਮਾਰਚ 1644 ਨੂੰ ਓਥੇ ਹੀ ਆਪ ਜੀ ਜੋਤੀ ਜੋਤ ਸਮਾ ਗਏ। ਉਸ ਥਾਂ ਤੇ ਹੁਣ ਗੁਰਦੁਆਰਾ ਪਤਾਲਪੁਰੀ ਸਾਹਿਬ ਬਣਿਆ ਹੋਇਆ ਹੈ। ਗੁਰੂ ਜੀ ਨੇ ਗੁਰਗੱਦੀ ਆਪਣੇ ਪੋਤਰੇ ਸ੍ਰੀ ਹਰਿਰਾਇ ਜੀ ਨੂੰ ਦਿੱਤੀ।

ਭੁੱਲ ਚੁੱਕ ਦੀ ਖਿਮਾ

**ਦਾਸ ਸੁਰਿੰਦਰਪਾਲ ਸਿੰਘ**
**ਸ੍ਰੀ ਅੰਮ੍ਰਿਤਸਰ ਸਾਹਿਬ।**

## ਬਸਪਾ ਨੇ ਵਰਕਰ ਸੰਮੇਲਨ ਕਰਕੇ 2027 ਚੋਣਾਂ ਲਈ ਲੀਡਰਸ਼ਿਪ 'ਚ ਭਰਿਆ ਜੋਸ਼

# ਲੀਡਰਸ਼ਿਪ ਜਥੇਬੰਧਕ ਢਾਂਚੇ ਨੂੰ ਮਜਬੂਤ ਕਰਨ ਲਈ ਪੂਰੀ ਤਾਕਤ ਲਗਾ ਦੇਵੇ : ਬੈਨੀਵਾਲ

## 2027 'ਚ ਲੋਕ ਆਪ ਸਰਕਾਰ ਤੋਂ ਡਾ. ਅੰਬੇਡਕਰ ਬੁੱਤਾਂ ਦੀਆਂ ਬੇਅਦਵੀਆਂ ਦਾ ਬਦਲਾ ਲੈਣਗੇ : ਕਰੀਮਪੁਰੀ

**ਹੁਸ਼ਿਆਰਪੁਰ, 7 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਬਹੁਜਨ ਸਮਾਜ ਪਾਰਟੀ ਜ਼ਿਲਾ ਹੁਸ਼ਿਆਰਪੁਰ ਵਲੋਂ ਵਿਸ਼ਾਲ ਵਰਕਰ ਸੰਮੇਲਨ ਬਸਪਾ ਪੰਜਾਬ ਦੇ ਪ੍ਰਧਾਨ ਡਾ. ਅਵਤਾਰ ਸਿੰਘ ਕਰੀਮਪੁਰੀ ਸਾਬਕਾ ਮੈਂਬਰ ਰਾਜ ਸਭਾ ਦੀ ਪ੍ਰਧਾਨਗੀ ਹੇਠ ਆਯੋਜਿਤ ਕੀਤਾ ਗਿਆ ਜਿਸ ਵਿੱਚ ਬਸਪਾ ਨੈਸ਼ਨਲ ਕੋਆਰਡੀਨੇਟਰ ਰਣਧੀਰ ਸਿੰਘ ਬੈਨੀਵਾਲ ਮੁੱਖ ਮਹਿਮਾਨ ਅਤੇ ਵਿਪੁਲ ਕੁਮਾਰ ਕੇਂਦਰੀ ਇੰਚਾਰਜ ਬਸਪਾ ਪੰਜਾਬ ਵਿਸ਼ੇਸ਼ ਮਹਿਮਾਨ ਸ਼ਾਮਲ ਹੋਏ। ਇਸ ਮੌਕੇ ਪਾਰਟੀ ਨੇ ਜਥੇਬੰਦਕ ਢਾਂਚੇ ਦੇ ਵਿਸਥਾਰ ਲਈ ਅਤੇ ਪੰਜਾਬ ਸੰਭਾਲੋ ਮੁਹਿੰਮ ਨੂੰ ਪਿੰਡ ਪਿੰਡ ਪਹੁੰਚਾਉਣ ਦਾ ਸੱਦਾ ਦਿੱਤਾ। ਇਸ ਮੌਕੇ ਬੈਨੀਵਾਲ ਨੇ ਸਮੀਖਿਆ ਮੀਟਿੰਗ ਦੌਰਾਨ ਕਿਹਾ ਕਿ ਸਮੁੱਚੀ ਲੀਡਰਸ਼ਿਪ ਜਥੇਬੰਦਕ ਢਾਂਚੇ ਨੂੰ ਮਜਬੂਤ ਕਰਨ ਲਈ ਪੂਰੀ ਤਾਕਤ ਲਗਾ ਦੇਵੇ। ਜਥੇਬੰਧਕ ਤਾਕਤ ਹੀ ਪਾਰਟੀ ਨੂੰ ਜਿੱਤ ਦਵਾ ਸਕਦੀ ਹੈ ਅਤੇ ਜਥੇਬੰਦਕ ਢਾਂਚੇ ਦੀ ਮਜਬੂਤੀ ਹੀ ਅੰਬੇਡਕਰ ਜੀ ਦੀ ਸੋਚ ਦੀ ਸਤਾ ਦੇ ਰਸਤੇ ਖੋਲ ਸਕਦੀ ਹੈ। ਇਸ ਮੌਕੇ ਬਿਪਲ ਕੁਮਾਰ ਨੇ ਕਿਹਾ ਬਸਪਾ ਸੁਪਰੀਮੋ ਮਾਇਆਵਤੀ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਬਸਪਾ ਪੰਜਾਬ ਅੰਦਰ ਸ਼ਕਤੀਸ਼ਾਲੀ ਧਿਰ ਬਣਕੇ ਉੱਭਰ ਰਹੀ ਹੈ। ਇਸ ਮੌਕੇ ਡਾ. ਕਰੀਮਪੁਰੀ ਨੇ ਕਿਹਾ ਬਹੁਜਨ ਸਮਾਜ ਪਾਰਟੀ ਵਲੋਂ "ਪੰਜਾਬ ਸੰਭਾਲੋ ਮੁਹਿੰਮ" ਤਹਿਤ ਨਸ਼ਿਆਂ, ਬੇਰੁਜ਼ਗਾਰੀ, ਮਹਿੰਗਾਈ, ਸਿੱਖਿਆ ਨੀਤੀ , ਭ੍ਰਿਸ਼ਟਾਚਾਰ ਅਤੇ ਪਵਿੱਤਰ ਧਰਤੀ ਸ੍ਰੀ ਖੁਰਾਲਗੜ ਸਾਹਿਬ ਵਿਚੋਂ ਸ਼ਰਾਬ ਦਾ ਠੇਕਾ ਤੇ ਨਜਾਇਜ ਬ੍ਰਾਂਚਾਂ ਬੰਦ ਕਰਾਉਣ ਲਈ ਅੰਦੋਲਨ ਸ਼ੁਰੂ ਕੀਤਾ ਹੈ। ਉਨਾਂ ਕਿਹਾ ਗੁਰੂ ਸਾਹਿਬ ਦੀ ਚਰਨਛੋਹ ਧਰਤੀ ਖੁਰਾਲਗੜ ਅੰਦਰ ਪੰਜਾਬ ਸਰਕਾਰ ਵਲੋਂ ਸ਼ਰਾਬ ਦੇ ਠੇਕੇ ਅਤੇ ਨਜਾਇਜ ਬ੍ਰਾਂਚਾਂ ਖੋਹਲਣੀਆਂ ਗੁਰੂ ਸਾਹਿਬ ਦਾ ਵੱਡਾ ਅਪਮਾਨ ਹੈ ਜਿਸਦੀ ਬਸਪਾ ਘੋਰ ਨਿੰਦਿਆ ਕਰਦੀ ਹੈ। ਉਨਾਂ ਕਿਹਾ ਜਦ ਤਕ ਆਪ ਸਰਕਾਰ ਖੁਰਾਲਗੜ ਦੀ ਧਰਤੀ ਤੋਂ ਸ਼ਰਾਬ ਦੇ ਠੇਕੇ ਬੰਦ ਨਹੀਂ ਕਰਦੀ ਅਸ਼ੀ ਨਸ਼ਿਆਂ ਵਿਰੁੱਧ ਅੰਦੋਲਨ ਨੂੰ ਪਿੰਡ ਪਿੰਡ ਲੈ ਕੇ ਜਾਵਾਂਗੇ ਅਤੇ ਹਰ ਪਿੰਡ, ਮਹੱਲੇ ਦੀ ਗੁਰੂ ਰਵਿਦਾਸ ਸਭਾ ਸਾਹਮਣੇ ਸਰਕਾਰ ਦੀ ਬਹੁਜਨ ਸਮਾਜ ਵਿਰੋਧੀ ਮਾਨਸਿਕਤਾ ਦਾ ਭਾਂਡਾ ਭੰਨਾਗੇ। ਕਰੀਮਪੁਰੀ ਨੇ ਕਿਹਾ ਕਿ ਆਪ ਸਰਕਾਰ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਬੇਅਦਵੀ ਅਤੇ ਬਰਗਾੜੀ ਕਾਂਡ ਦੇ ਦੋਸ਼ੀਆਂ ਨੂੰ ਤਿੰਨ ਸਾਲ ਬੀਤ ਜਾਣ ਤੱਕ ਸਜ਼ਾ ਨਹੀਂ ਦਿਵਾ ਸਕੀ , ਪਰ ਤਿੰਨ ਸਾਲ ਬਾਅਦ ਪੰਜਾਬ ਦੇ ਲੋਕਾਂ ਦੇ ਅੱਖੀਂ ਘਟਾ ਪਾਉਣ ਲਈ ਨਵਾਂ ਬਿਲ ਵਿਧਾਨ ਸਭਾ ਵਿਚ ਪੇਸ਼ ਕਰਨ ਦੀ ਤਿਆਰੀ ਕਰ ਰਹੀ ਹੈ ਜੋ ਪੰਜਾਬ ਦੇ ਲੋਕਾਂ ਦੀਆਂ ਧਾਰਮਿਕ ਭਾਵਨਾਵਾਂ ਨਾਲ ਵੱਡਾ ਧੋਖਾ ਹੋਵੇਗਾ। ਕਰੀਮਪੁਰੀ ਨੇ ਕਿਹਾ ਕਿ ਪੰਜਾਬ ਅੰਦਰ ਡਾ. ਅੰਬੇਡਕਰ ਦੇ ਬੁੱਤਾਂ ਦੇ ਅਪਮਾਨ ਲਈ ਕੇਂਦਰ ਦੀ ਭਾਜਪਾ ਅਤੇ ਪੰਜਾਬ ਦੀ ਆਪ ਸਰਕਾਰ ਜਿੰਮੇਬਾਰ ਹੈ। ਜੇਕਰ ਅੰਮ੍ਰਿਤਸਰ ਦੀ ਘਟਨਾ ਤੋਂ ਬਾਦ ਸਰਕਾਰਾਂ ਨੇ ਡਾ. ਅੰਬੇਡਕਰ ਦੇ ਬੁੱਤਾਂ ਨੂੰ ਸੁਰੱਖਿਆ ਪ੍ਰਦਾਨ ਕੀਤੀ ਹੁੰਦੀ ਤਾਂ ਹੋਰ ਥਾਵਾਂ ਤੇ ਡਾ. ਅੰਬੇਡਕਰ ਦੇ ਬੁੱਤਾਂ ਦੀ ਬੇਅਦਵੀ ਨਾ ਹੁੰਦੀ। ਕਰੀਮਪੁਰੀ ਨੇ ਕਿਹਾ ਕਿ ਬਹੁਜਨ ਸਮਾਜ ਪਾਰਟੀ ਨੂੰ ਵਿਧਾਨ ਸਭਾ,ਸੈਕਟਰ ਅਤੇ ਬੂਥ ਪੱਧਰ ਤੇ ਮਜਬੂਤ ਕਰਕੇ ਲੋਕਾਂ ਨੂੰ ਤਿਆਰ ਕਰਕੇ 2027 ਵਿਚ ਆਪ ਪਾਰਟੀ ਨੂੰ ਸੱਤਾ ਵਿਚੋਂ ਬਾਹਰ ਕਰਕੇ ਬਹੁਜਨ ਸਮਾਜ ਦੇ ਲੋਕ ਡਾ. ਅੰਬੇਡਕਰ ਦੇ ਬੁੱਤਾਂ ਦੀ ਬੇਅਦਵੀ ਦਾ ਬਦਲਾ ਲੈਣਗੇ। ਕਰੀਮਪੁਰੀ ਨੇ ਕਿਹਾ ਡਰੱਗ ਮਾਫੀਆ ਨੂੰ ਰੋਕਣ ਵਿੱਚ ਆਪ ਸਰਕਾਰ ਬੁਰੀ ਤਰਾਂ ਫੇਲ ਸਾਬਿਤ ਹੋਈ ਹੈ। ਪੰਜਾਬ ਅੰਦਰ ਕਾਂਗਰਸ,ਅਕਾਲੀ ਭਾਜਪਾ ਤੇ ਆਪ ਦੀਆਂ ਸਰਕਾਰਾਂ ਨੇ ਦੋ ਲੱਖ ਮਾਵਾਂ ਦੇ ਪੁੱਤ , ਭੈਣਾਂ ਦੇ ਭਰਾ ਨਸ਼ਿਆਂ ਦੀ ਭੇਟ ਚੜਾ ਦਿਤੇ ਜਿਸਦਾ ਖਮਿਆਜ਼ਾ ਇਨਾਂ ਪਾਰਟੀਆਂ ਨੂੰ 2027 ਵਿੱਚ ਭੁਗਤਣਾ ਪਵੇਗਾ। ਡਾ. ਕਰੀਮਪੁਰੀ ਨੇ ਬਸਪਾ ਲੀਡਰਸ਼ਿਪ ਅਤੇ ਵਰਕਰਾਂ ਨੂੰ ਲਗਨ , ਇਮਾਨਦਾਰੀ ਤੇ ਜਿੰਮੇਬਾਰੀ ਨਾਲ ਪਾਰਟੀ ਦੇ ਕੰਮ ਵਿਚ ਡਟਣ ਦੀ ਅਪੀਲ ਕਰਦਿਆਂ 2027 ਵਿਚ ਪੰਜਾਬ ਅੰਦਰ ਬਸਪਾ ਦੀ ਸਰਕਾਰ ਬਣਾਉਣ ਲਈ ਸੱਦਾ ਦਿੱਤਾ। ਇਸ ਮੌਕੇ ਚੌਧਰੀ ਗੁਰਨਾਮ ਸਿੰਘ ਸਟੇਟ ਕੋਆਰਡੀਨੇਟਰ,ਪਰਜਾਪਤੀ ਅਜੀਤ ਸਿੰਘ ਭੈਣੀ ਸਟੇਟ ਕੋਆਰਡੀਨੇਟਰ, ਠੇਕੇਦਾਰ ਭਗਵਾਨ ਦਾਸ ਸਿੱਧੂ ਸਟੇਟ ਜਨਰਲ ਸੈਕਟਰੀ, ਸਟੇਟ ਸੈਕਟਰੀ ਰਣਬੀਰ ਬੱਬਰ ,ਮਨਿੰਦਰ ਸ਼ੇਰਪੁਰੀ ਸਟੇਟ ਸੈਕਟਰੀ,ਸੁਖਦੇਵ ਬਿੱਟਾ ਸਟੇਟ ਸੈਕਟਰੀ,ਐਡਵੋਕੇਟ ਪਲਵਿੰਦਰ ਕੁਮਾਰ ਮਾਨਾ ਇੰਚਾਰਜ ਚੱਬੇਵਾਲ, ਸੱਤਪਾਲ ਭਾਰਦਵਾਜ, ਲਹਿੰਬਰ ਰਾਮ ਝੰਮਟ, ਮਦਨ ਸਿੰਘ ਬੈਸ ਇੰਚਾਰਜ ਹੁਸ਼ਿਆਰਪੁਰ,ਸੁਰਜੀਤ ਮਹਿਮੀ ਪ੍ਰਧਾਨ ਤੋਂ ਇਲਾਵਾ ਵੱਡੀ ਗਿਣਤੀ ਚ ਜਿਲਾ,ਵਿਧਾਨ ਸਭਾ ਅਤੇ ਸੈਕਟਰਾਂ ਦੀ ਲੀਡਰਸ਼ਿਪ ਮੌਜੂਦ ਸੀ।

ਗਲੋਬਲ ਸਿੱਖ ਕੌਂਸਲ ਵੱਲੋਂ ਤਖ਼ਤ ਪਟਨਾ ਸਾਹਿਬ ਦੀ ਕਮੇਟੀ ਦੇ ਆਪਹੁਦਰੇਪਣ ਦੀ ਸਖ਼ਤ ਨਿੰਦਾ

# ਸ੍ਰੀ ਅਕਾਲ ਤਖ਼ਤ ਸਾਹਿਬ ਇਕਲੌਤੀ ਪੰਥਕ ਸਰਵਉੱਚ ਅਥਾਰਟੀ ਹੈ



**ਲੰਡਨ, 7 ਜੁਲਾਈ (ਸਰਬਜੀਤ ਸਿੰਘ ਬਨੂੜ)**- ਵਿਸ਼ਵ ਪੱਧਰੀ ਸਿੱਖ ਸੰਸਥਾਵਾਂ ਦੀ ਨੁਮਾਇੰਦਗੀ ਕਰਦੀ ਗਲੋਬਲ ਸਿੱਖ ਕੌਂਸਲ (ਜੀ.ਐਸ.ਸੀ.) ਨੇ ਤਖ਼ਤ ਸ੍ਰੀ ਹਰਿਮੰਦਰ ਸਾਹਿਬ, ਪਟਨਾ ਸਾਹਿਬ ਦੇ ਪੰਜ ਗ੍ਰੰਥੀਆਂ

ਆਵਾਜ਼ਿ ਕੌਮ AWAZE QAUM International Newspaper & WEB TV

ਵੱਲੋਂ ਸ੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੂੰ ਤਨਖਾਹੀਆ ਕਰਾਰ ਦੇਣ ਦੀ ਸਖ਼ਤ ਨਿੰਦਾ ਕਰਦਿਆਂ ਇਸ ਗਿਣੇ-ਮਿੱਥੇ ਅਤੇ ਆਪਹੁਦਰੇ ਕਦਮ ਨਾਲ ਸਿੱਖ ਮਰਿਆਦਾ ਦੀ ਘੋਰ ਉਲੰਘਣਾ, ਪੰਥਕ ਪ੍ਰੋਟੋਕਾਲ ਨੂੰ ਅਣਗੌਲਿਆ ਕਰਨ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਅਧਿਕਾਰ ਅਤੇ ਪ੍ਰਮੁੱਖਤਾ ਨੂੰ ਸਿੱਧੀ ਚੁਣੌਤੀ ਕਰਾਰ ਦਿੱਤਾ ਹੈ। ਉਨ੍ਹਾਂ ਕਿਹਾ ਕਿ ਪੰਥਕ ਮਾਮਲਿਆਂ ਦਾ ਨਿਰਣਾ ਕਰਨ ਲਈ ਅਕਾਲ ਤਖ਼ਤ ਹੀ ਅਧਿਕਾਰਤ ਅਤੇ ਇਕਲੌਤਾ ਸਥਾਈ ਅਸਥਾਨ ਹੈ। ਇੱਥੋਂ ਜਾਰੀ ਬਿਆਨ ਵਿੱਚ ਜੀਐਸਸੀ ਦੀ ਪ੍ਰਧਾਨ ਡਾ. ਕੰਵਲਜੀਤ ਕੌਰ ਨੇ ਅੱਗੇ ਕਿਹਾ ਕਿ ਖੇਤਰੀ ਤਖ਼ਤਾਂ ਨੂੰ ਸਿਰਫ ਆਪਣੇ ਖੇਤਰੀ ਅਧਿਕਾਰ ਹੇਠਲੇ ਇਲਾਕਿਆਂ ਅਤੇ ਆਪਣੇ ਕਾਰਜਾਂ ਤੇ ਨੀਤੀ ਤੇ ਸੂਬਾਈ ਕੰਟਰੋਲ ਕਰਨ ਦਾ ਹੀ ਹੱਕ ਹੈ ਜੋ ਸਥਾਨਕ ਮੁੱਦਿਆਂ ਅਤੇ ਆਪਣੇ ਅਧਿਕਾਰ ਖੇਤਰ ਤੋਂ ਇਲਾਵਾ ਕੋਈ ਬਾਹਰੀ ਦਖ਼ਲਅੰਦਾਜ਼ੀ ਨਹੀਂ ਕਰ ਸਕਦੇ। ਸੁਖਬੀਰ ਸਿੰਘ ਪਟਨਾ ਜਾਂ ਬਿਹਾਰ ਦਾ ਨਿਵਾਸੀ ਨਹੀਂ ਹੈ ਤੇ ਉਸ ਵਿਰੁੱਧ ਕਥਿਤ ਦੋਸ਼ ਖੇਤਰੀ ਨਹੀਂ ਸਗੋਂ ਰਾਸ਼ਟਰੀ ਪੱਧਰ ਦੇ ਹਨ। ਇਸ ਲਈ ਉਸ ਦੀ ਪਾਰਟੀ ਅਤੇ ਉਸ ਦੀਆਂ ਕਾਰਵਾਈਆਂ ਸਪੱਸ਼ਟ ਤੌਰ ਉਤੇ ਇਸ ਖੇਤਰੀ ਤਖ਼ਤ ਦੇ ਅਧਿਕਾਰ ਖੇਤਰ ਤੋਂ ਬਿਲਕੁਲ ਬਾਹਰੀ ਹਨ।

ਡਾ. ਕੰਵਰਜੀਤ ਕੌਰ ਨੇ ਜ਼ੋਰ ਦੇ ਕੇ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਸਮੁੱਚੇ ਪੰਥਕ ਫੈਸਲਿਆਂ ਉਤੇ ਵਿਸ਼ੇਸ਼ ਅਧਿਕਾਰ ਖੇਤਰ ਰੱਖਦਾ ਹੈ ਅਤੇ ਸਰਵਉੱਚ ਹੈ ਕਿਉਂਕਿ ਗੁਰੂ ਸਾਹਿਬ ਵੱਲੋਂ ਸਥਾਪਿਤ ਕੀਤੇ ਇਸ ਤਖ਼ਤ ਦਾ ਇਤਿਹਾਸ ਤੇ ਸਥਾਪਨਾ ਬਾਕੀ ਚਾਰੇ ਤਖ਼ਤਾਂ ਤੋਂ ਉੱਪਰ ਹੈ। ਇਸ ਦੇ ਉਲਟ, ਚਾਰ ਖੇਤਰੀ ਤਖ਼ਤਾਂ ਵਿੱਚ ਪਟਨਾ ਸਾਹਿਬ, ਹਜ਼ੂਰ ਸਾਹਿਬ, ਕੇਸਗੜ੍ਹ ਸਾਹਿਬ ਅਤੇ ਦਮਦਮਾ ਸਾਹਿਬ ਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੁਆਰਾ ਸਥਾਨਕ ਧਾਰਮਿਕ ਮਾਮਲਿਆਂ ਦੀ ਨਿਗਰਾਨੀ ਲਈ ਸਥਾਪਤ ਕੀਤਾ ਗਿਆ ਸੀ। ਇਹ 4 ਤਖ਼ਤ ਬਾਅਦ ਵਿੱਚ 17ਵੀਂ ਸਦੀ ਵਿੱਚ, 18ਵੀਂ ਸਦੀ ਦੇ ਸ਼ੁਰੂ ਵਿੱਚ ਅਤੇ ਇੱਕ 1966 ਵਿੱਚ ਸਥਾਪਿਤ ਕੀਤੇ ਗਏ ਸਨ। ਸਾਲ 1966 ਤੱਕ ਇਹ ਗਿਣਤੀ ਵਿੱਚ ਚਾਰ ਸਨ ਅਤੇ ਫਿਰ ਵਧਕੇ ਪੰਜ ਹੋ ਗਏ। ਇਸ ਨੂੰ ਦੇਖਦਿਆਂ ਕਿਸੇ ਹੋਰ ਖੇਤਰੀ ਤਖ਼ਤ ਜਾਂ ਉਨ੍ਹਾਂ ਤਖ਼ਤਾਂ ਦੇ ਗ੍ਰੰਥੀਆਂ ਨੂੰ ਸਮੁੱਚੇ ਭਾਈਚਾਰੇ ਦੇ ਮੁੱਦਿਆਂ ਉਤੇ ਹੁਕਮਨਾਮੇ ਜਾਂ ਆਦੇਸ਼ ਜਾਰੀ ਕਰਨ ਦਾ ਅਧਿਕਾਰ ਨਹੀਂ ਹੈ।

ਉਨ੍ਹਾਂ ਅੱਗੇ ਕਿਹਾ ਕਿ ਅਕਾਲ ਤਖ਼ਤ ਸਾਹਿਬ ਦੀ ਸਰਵਉੱਚਤਾ ਦੀ ਪੁਸ਼ਟੀ ਸਾਲ 2003 ਦੇ ਗੁਰਮਤੇ ਵਿੱਚ ਪੰਜ ਸਿੰਘ ਸਾਹਿਬਾਨ (ਪੰਜ ਤਖ਼ਤਾਂ ਦੇ ਜਥੇਦਾਰ) ਦੁਆਰਾ ਕੀਤੀ ਗਈ ਸੀ ਜਿਸ ਵਿੱਚ ਐਲਾਨ ਕੀਤਾ ਗਿਆ ਸੀ ਕਿ ਪੰਥਕ ਮੁੱਦਿਆਂ ਉਤੇ ਸਿਰਫ਼ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਹੀ ਹੁਕਮਨਾਮੇ ਜਾਰੀ ਕੀਤੇ ਜਾ ਸਕਦੇ ਹਨ। ਇਸ ਤੋਂ ਬਾਅਦ 2015 ਵਿੱਚ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਗੁਰਬਚਨ ਸਿੰਘ ਦੇ ਇੱਕ ਹੋਰ ਹੁਕਮਨਾਮੇ ਵਿੱਚ ਸਪੱਸ਼ਟ ਕੀਤਾ ਗਿਆ ਹੈ ਕਿ ਕੋਈ ਵੀ ਖੇਤਰੀ ਤਖ਼ਤ ਆਪਣੇ ਅਧਿਕਾਰ ਤੋਂ ਉੱਪਰ ਜਾਂ ਉਸ ਦੀ ਦੁਰਵਰਤੋਂ ਨਹੀਂ ਕਰ ਸਕਦਾ।

ਕੌਂਸਲ ਨੇ ਦੁਹਰਾਇਆ ਕਿ ਖੇਤਰੀ ਤਖ਼ਤਾਂ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਨਾਲ ਅਤੇ ਉਨ੍ਹਾਂ ਦੀ ਅਗਵਾਈ ਹੇਠ ਤਾਲਮੇਲ ਵਿੱਚ ਕੰਮ ਕਰਨਾ ਹੈ ਜੋ ਕਿ ਪੰਜ ਪ੍ਰਧਾਨੀ ਪ੍ਰਣਾਲੀ ਵਿੱਚ ਸਿੱਖ ਸ਼ਾਸਨ ਅਤੇ ਏਕਤਾ ਦੀ ਕੇਂਦਰੀ ਸੰਸਥਾ ਵਜੋਂ ਸੁਭਾਏਮਾਨ ਹੈ। ਡਾ. ਕੰਵਰਜੀਤ ਕੌਰ ਨੇ ਕਿਹਾ ਕਿ ਇਹ ਬਹੁਤ ਦੁਖਦਾਈ ਹੈ ਕਿ ਸਿਆਸੀ ਵਿਰੋਧੀਆਂ ਵੱਲੋਂ ਪਟਨਾ ਸਾਹਿਬ ਵਰਗੇ ਸਤਿਕਾਰਤ ਤਖ਼ਤ ਦਾ ਸ਼ੋਸ਼ਣ ਸਿੱਖ ਏਕਤਾ ਨੂੰ ਢਾਹ ਲਾਉਣ ਅਤੇ ਸਥਾਪਿਤ ਧਾਰਮਿਕ ਰਵਾਇਤਾਂ ਦੀ ਉਲੰਘਣਾ ਕਰਵਾਉਣ ਲਈ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ 1986 ਦੇ ਸਰਬੱਤ ਖ਼ਾਲਸਾ ਅਤੇ ਉਸ ਤੋਂ ਬਾਅਦ ਜਾਰੀ ਅਕਾਲ ਤਖ਼ਤ ਦੇ ਹੁਕਮਨਾਮਿਆਂ ਵਿੱਚ ਵਾਰ-ਵਾਰ ਜ਼ੋਰ ਦਿੱਤਾ ਗਿਆ ਹੈ ਕਿ ਕੋਈ ਵੀ ਵਿਅਕਤੀ ਜਾਂ ਸੰਸਥਾ ਖ਼ਾਲਸਾ ਪੰਥ ਦੇ ਸਮੂਹਿਕ ਫੈਸਲੇ ਉਤੇ ਗਲਬਾ ਨਹੀਂ ਪਾ ਸਕਦੀ।

ਜੀ.ਐਸ.ਸੀ. ਪ੍ਰਧਾਨ ਨੇ ਜ਼ੋਰ ਦੇ ਕੇ ਕਿਹਾ ਕਿ ਖੇਤਰੀ ਤਖ਼ਤਾਂ ਦਾ ਮੂਲ ਕਾਰਜ ਪੰਥ ਨੂੰ ਇਕਜੁੱਟ ਰੱਖਣ ਤੋਂ ਇਲਾਵਾ ਅਤੇ ਅਕਾਲ ਤਖ਼ਤ ਅਤੇ ਆਪਸ ਵਿੱਚ ਇੱਕ-ਦੂਜੇ ਨਾਲ ਪੂਰਨ ਤਾਲਮੇਲ ਵਿੱਚ ਕੰਮ ਕਰਨਾ ਹੈ। ਕੋਈ ਵੀ ਖੇਤਰੀ ਤਖ਼ਤ, ਜੋ ਆਪਣੇ ਪੱਧਰ ਉੱਤੇ ਸਿੱਖਾਂ ਨੂੰ ਤਨਖਾਹੀਆ ਐਲਾਨਣ ਵਾਲੇ ਹੁਕਮਨਾਮੇ ਜਾਂ ਆਦੇਸ਼ ਜਾਰੀ ਕਰਦਾ ਹੈ ਉਹ ਉਕਤ ਪੰਥਕ ਉਦੇਸ਼ ਪੂਰੇ ਨਹੀਂ ਕਰਦਾ। ਅਜਿਹੀਆਂ ਕਾਰਵਾਈਆਂ ਇੱਕ ਤਖ਼ਤ ਨੂੰ ਦੂਜੇ ਤਖ਼ਤ ਦੇ ਵਿਰੁੱਧ ਖੜ੍ਹੀਆਂ ਕਰਦੀਆਂ ਹਨ, ਸਿੱਖ ਕੌਮ ਵਿੱਚ ਮਤਭੇਦ ਪੈਦਾ ਕਰਦੀਆਂ ਹਨ ਅਤੇ ਅੰਤ ਵਿੱਚ ਤਖ਼ਤਾਂ ਦੇ ਸਤਿਕਾਰ ਅਤੇ ਪਵਿੱਤਰਤਾ ਨੂੰ ਢਾਹ ਲਾਉਂਦੀਆਂ ਹਨ।

ਜੀ.ਐਸ.ਸੀ. ਨੇ ਸਾਰੀਆਂ ਸਿੱਖ ਸੰਸਥਾਵਾਂ ਅਤੇ ਸੰਗਤ ਨੂੰ ਸਿਰਫ਼ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਰਵਉੱਚਤਾ ਨੂੰ ਮਾਨਤਾ ਦੇਣ ਦੀ ਅਪੀਲ ਕੀਤੀ ਹੈ ਅਤੇ ਐਸਜੀਪੀਸੀ ਨੂੰ ਕਿਹਾ ਹੈ ਕਿ ਉਹ ਸਿੱਖ ਪ੍ਰਭੂਸੱਤਾ ਨੂੰ ਕਮਜ਼ੋਰ ਕਰਨ ਵਾਲੇ ਅਵੱਗਿਆਕਾਰੀ ਕਮੇਟੀ ਮੈਂਬਰਾਂ ਵਿਰੁੱਧ ਕਾਰਵਾਈ ਕਰੇ। ਇਸ ਤੋਂ ਇਲਾਵਾ, ਕੌਂਸਲ ਨੇ ਪਟਨਾ ਸਾਹਿਬ ਕਮੇਟੀ ਨੂੰ ਵੀ ਕਿਹਾ ਹੈ ਕਿ ਉਹ ਆਪਣੇ ਗੈਰ-ਕਾਨੂੰਨੀ ਫੈਸਲੇ ਨੂੰ ਵਾਪਸ ਲਵੇ ਅਤੇ ਪੰਥਕ ਅਨੁਸ਼ਾਸਨ ਦੇ ਅਧੀਨ ਹੀ ਵਿਚਰੇ। ਜੀਐਸਸੀ ਨੇ ਪਟਨਾ ਸਾਹਿਬ ਦੇ ਇੰਨਾਂ ਨੁਮਾਇੰਦਿਆਂ ਵੱਲੋਂ ਪਹਿਲਾਂ ਜਾਰੀ ਕੀਤੇ ਉਨ੍ਹਾਂ ਬਿਆਨਾਂ ਦੀ ਵੀ ਨਿੰਦਾ ਕੀਤੀ ਹੈ ਜਿਸ ਵਿੱਚ ਉਨ੍ਹਾਂ ਨੇ ਅਕਾਲ ਤਖ਼ਤ ਦੇ ਸਤਿਕਾਰ ਅਤੇ ਅਧਿਕਾਰ ਨੂੰ ਖੁੱਲੇਆਮ ਰੱਦ ਕੀਤਾ ਸੀ।

ਕੰਵਰਜੀਤ ਕੌਰ ਨੇ ਚੇਤਾਵਨੀ ਦਿੰਦਿਆਂ ਕਿਹਾ ਕਿ ਅਕਾਲ ਤਖ਼ਤ ਦੇ ਅਧਿਕਾਰ ਅਤੇ ਕੇਂਦਰੀਕਰਨ ਨੂੰ ਕਮਜ਼ੋਰ ਕਰਨਾ ਗੁਰਮਤਿ ਵਿਰੋਧੀ, ਪੰਥ ਵਿਰੋਧੀ ਅਤੇ ਗੁਰੂ ਹਰਗੋਬਿੰਦ ਸਾਹਿਬ ਜੀ ਦੇ ਮੀਰੀ-ਪੀਰੀ ਸਿਧਾਂਤ ਨਾਲ ਸਿੱਧਾ-ਸਿੱਧਾ ਵਿਸ਼ਵਾਸਘਾਤ ਹੈ ਅਤੇ ਨਾਲ ਹੀ ਖਾਲਸੇ ਦੀ ਸਮੂਹਿਕ ਭਾਈਚਾਰਕ ਭਾਵਨਾ ਦਾ ਘੋਰ ਅਪਮਾਨ ਵੀ ਹੈ।

ਬਰਤਾਨੀਆਂ 'ਚ ਨੌਵੇਂ ਪਾਤਸ਼ਾਹ ਦੀ 350 ਸਾਲਾ ਸ਼ਤਾਬਦੀ ਸਮਾਗਮਾਂ 'ਚ

# ਸਿੱਖ ਚਿੰਤਕ ਭਗਵਾਨ ਸਿੰਘ ਜੌਹਲ ਨੇ ਭਾਵਪੂਰਤ ਸ਼ਬਦਾਂ 'ਚ ਵਿਖਿਆਨ ਕੀਤਾ



**ਬਰਮਿੰਘਮ (ਯੂ. ਕੇ.), 7 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ 350 ਸਾਲਾ ਸ਼ਹੀਦੀ ਸਮਾਗਮਾਂ ਦੀ ਲੜੀ ਵਿੱਚ ਗੁਰਦੁਆਰਾ ਗੁਰੂ ਨਾਨਕ ਦੇਵ ਜੀ ਵੈਨਸ ਫੀਲਡ ਬਰਮਿੰਘਮ (ਯੂ. ਕੇ.) ਵਿਖੇ ਮਹਾਨ ਗੁਰਮਤਿ ਸਮਾਗਮ ਦੌਰਾਨ ਬੋਲਦਿਆਂ ਉੱਘੇ ਸਿੱਖ ਚਿੰਤਕ ਤੇ ਪੰਥਕ ਬੁਲਾਰੇ ਭਗਵਾਨ ਸਿੰਘ ਜੌਹਲ ਨੇ ਕਿਹਾ ਸ਼ਹਾਦਤ ਦੇ ਸਰਬ ਵਿਆਖੀ ਅਤੇ ਮਨੁੱਖ ਦੀ ਜ਼ਮੀਰ ਦੀ ਅਜ਼ਾਦੀ ਦੇ ਸੰਕਲਪ ਦੀ ਅਜੋਕੇ ਵਿਸ਼ਵ ਪ੍ਰਸੰਗ ਵਿੱਚ ਵਿਆਖਿਆ ਕਰਨ ਦੀ ਵੱਡੀ ਲੋੜ ਹੈ। ਅੱਜ ਮਨੁੱਖਤਾ ਨੂੰ ਦਰਪੇਸ਼ ਸਮਾਜਿਕ, ਰਾਜਨੀਤਿਕ, ਸੱਭਿਆਚਾਰਕ ਅਤੇ ਧਾਰਮਿਕ ਸਮੱਸਿਆਵਾਂ ਦੇ ਢੁਕਵੇਂ ਹੱਲ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਨੌਵੇਂ ਪਾਤਸ਼ਾਹ ਦੀ ਸ਼ਹੀਦੀ ਕੇਵਲ ਸਿੱਖ ਇਤਿਹਾਸ ਦਾ ਹੀ ਨਹੀਂ, ਸਗੋਂ ਵਿਸ਼ਵ ਦੇ ਧਰਮਾਂ ਦੇ ਇਤਿਹਾਸ ਅੰਦਰ ਮਾਨਵੀ ਕਦਰਾਂ-ਕੀਮਤਾਂ ਦੀ ਰੱਖਵਾਲੀ ਲਈ ਇੱਕ ਅਦੁੱਤੀ ਤੇ ਵਿਲੱਖਣ ਘਟਨਾ ਹੈ। ਇਸ ਮੌਕੇ ਪ੍ਰਬੰਧਕ ਕਮੇਟੀ ਵੱਲੋਂ ਪਰਮਜੀਤ ਸਿੰਘ ਢਾਡੀ ਨੇ ਸ਼ਹੀਦੀ ਸਮਾਗਮਾਂ ਸਬੰਧੀ ਵਿਸ਼ੇਸ਼ ਜਾਣਕਾਰੀ ਸਾਂਝੀ ਕੀਤੀ। ਸਮਾਗਮ ਦੌਰਾਨ ਉੱਘੇ ਪੰਥਕ ਬੁਲਾਰੇ ਸ. ਜੌਹਲ ਨੇ ਵਿਦਵਾਨ ਸੱਜਣ ਪਰਮਜੀਤ ਸਿੰਘ ਢਾਡੀ ਗੁਰਦੁਆਰਾ ਸਾਹਿਬ ਦੇ ਹੈਡ ਗ੍ਰੰਥ, ਅੰਤਰਰਾਸ਼ਟਰੀ ਢਾਡੀ ਗਿਆਨੀ ਇੰਦਰਜੀਤ ਸਿੰਘ ਬਜੂਹਾ ਅਤੇ ਪ੍ਰਬੰਧਕ ਕਮੇਟੀ ਵੱਲੋਂ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਭਾਰਤੀ ਕਿਸਾਨ ਯੂਨੀਅਨ ਏਕਤਾ ਸਿੱਧੂਪੁਰ ਵੱਲੋਂ ਸੂਬਾ ਤੇ ਕੇਂਦਰ ਸਰਕਾਰ ਵਿਰੁੱਧ ਨਾਅਰੇਬਾਜ਼ੀ

### ਪਿੰਡ ਮਾਨ ਚ ਇਕਾਈ ਦਾ ਕੀਤਾ ਗਠਨ ਦਿਲਰਾਜ ਸਿੰਘ ਖਾਲਸਾ ਨੂੰ ਕੀਤਾ ਪ੍ਰਧਾਨ ਨਿਯੁਕਤ



**ਚੌਕ ਮਹਿਤਾ, 7 ਜੁਲਾਈ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਅੱਜ ਹਲਕਾ ਮਜੀਠਾ ਦੇ ਪਿੰਡ ਮਾਨ ਵਿਖੇ ਭਾਰਤੀ ਕਿਸਾਨ ਯੂਨੀਅਨ ਏਕਤਾ ਸਿੱਧੂਪੁਰ ਦੀ ਇਹ ਮੀਟਿੰਗ ਬਲਾਕ ਮਜੀਠਾ ਦੇ ਪ੍ਰਧਾਨ ਸੂਬਾ ਸਿੰਘ ਚੰਡੇ ਦੀ ਗਵਾਹੀ ਹੇਠ ਹੋਈ ਜਿਸ ਵਿੱਚ ਵੱਡੀ ਪੱਧਰ ਤੇ ਪਿੰਡ ਮਾਨ ਦੇ ਕਿਸਾਨ ਅਤੇ ਬੀਬੀਆਂ ਨੇ ਭਾਗ ਲਿਆ ਇਸ ਮੌਕੇ ਗੱਲਬਾਤ ਕਰਦਿਆਂ ਪ੍ਰਧਾਨ ਬਲਾਕ ਪ੍ਰਧਾਨ ਸੂਬਾ ਸਿੰਘ ਚੰਡੇ ਨੇ ਕਿਹਾ ਕਿ ਕੇਂਦਰ ਅਤੇ ਸੂਬਾ

ਆਵਾਜ਼ਿ ਕੌਮ AWAZE QAUM International Newspaper & WEB TV

ਸਰਕਾਰ ਦੀਆਂ ਕਿਸਾਨ ਮਾਰੂ ਨੀਤੀਆਂ ਦੇ ਵਿਰੁੱਧ ਸੰਘਰਸ਼ ਕੀਤਾ ਜਾਵੇਗਾ ਉਹਨਾਂ ਕਿਹਾ ਕਿ ਕੇਂਦਰ ਅਤੇ ਸੂਬਾ ਸਰਕਾਰ ਦੀ ਪੰਜਾਬ ਦੇ ਕਿਸਾਨਾਂ ਦੇ ਜਮੀਨਾਂ ਤੇ ਅੱਖ ਮੈਲੀ ਹੋ ਚੁੱਕੀ ਹੈ ਅਤੇ ਆਏ ਦਿਨ ਕਿਸਾਨਾਂ ਪ੍ਰਤੀ ਮਾੜੀ ਸੋਚ ਬਣਦੀ ਜਾ ਰਹੀ ਹੈ ਜਿਸ ਦੇ ਵਿਰੁੱਧ ਲੰਮਾ ਸੰਘਰਸ਼ ਕੀਤਾ ਜਾਵੇਗਾ ਉਹਨਾਂ ਕਿਹਾ ਕਿ ਸੂਬੇ ਦੀ ਮਾਨ ਸਰਕਾਰ ਵੱਲੋਂ ਪੰਜਾਬ ਵਿੱਚ ਲੈਂਡ ਪੋਲਸੀ ਲਿਆਂਦੀ ਜਾ ਰਹੀ ਹੈ ਜਿਸ ਦਾ ਸਖਤ ਵਿਰੋਧ ਕੀਤਾ ਜਾਵੇਗਾ ਅਤੇ ਇਸ ਦੇ ਵਿਰੁੱਧ ਸੰਘਰਸ਼ ਕੀਤਾ ਜਾਵੇਗਾ ਇਸ ਮੌਕੇ ਸਰਕਾਰ ਵਿਰੁੱਧ ਨਾਅਰੇਬਾਜ਼ੀ ਵੀ ਕੀਤੀ ਗਈ ਅਤੇ ਸਰਕਾਰ ਨੂੰ ਚੇਤਾਵਨੀ ਦਿੱਤੀ ਗਈ ਕਿ ਜੇ ਪੋਲਸੀ ਪੰਜਾਬ ਵਿੱਚ ਲਾਗੂ ਕੀਤੀ ਤਾਂ ਸੰਘਰਸ਼ ਤਿੱਖਾ ਕੀਤਾ ਜਾਵੇਗਾ ਇਸ ਮੌਕੇ ਜਿਲ੍ਹਾ ਖਜਾਨਚੀ ਸਤਨਾਮ ਸਿੰਘ ਕੋਟਲਾ ਬਲਾਕ ਹਰਸ਼ਾ ਛੀਨਾ ਦੇ ਪ੍ਰਧਾਨ ਗੁਰਤਾਜ ਸਿੰਘ ਬਲਾਕ ਮਜੀਠਾ ਦੇ ਮੀਤ ਪ੍ਰਧਾਨ ਬਿਕਰਮ ਸਿੰਘ ਅਤੇ ਪਿੰਡ ਮਾਨ ਦੇ ਪ੍ਰਧਾਨ ਦਿਲਰਾਜ ਸਿੰਘ ਖਾਲਸਾ ਕੁਲਵਿੰਦਰ ਸਿੰਘ ਖਜਾਨਚੀ ਦਿਲਬਾਗ ਸਿੰਘ ਜਰਨਲ ਸਕੱਤਰ ਉੱਤਮ ਦੀਤ ਸਿੰਘ ਚੌਗਾਵਾ ਦਲਬੀਰ ਸਿੰਘ ਮੈਂਬਰ ਅਵਤਾਰ ਸਿੰਘ ਮੈਂਬਰ ਨੂੰ ਨਿਯੁਕਤ ਕੀਤਾ ਗਿਆ ਇਸ ਮੌਕੇ ਵੱਡੀ ਗਿਣਤੀ ਵਿੱਚ ਬੀਬੀਆਂ ਵੀ ਹਾਜ਼ਰ ਸਨ। ਇਸ ਮੌਕੇ ਸੁਖਦੇਵ ਸਿੰਘ, ਜਸਪਾਲ ਸਿੰਘ, ਹੈਪੀ, ਜੱਗੂ, ਬਲਵਿੰਦਰ ਸਿੰਘ, ਸਾਬੀ, ਗੁਰਪ੍ਰੀਤ ਸਿੰਘ, ਗੋਰਾ, ਸੁਖਜਿੰਦਰ ਸਿੰਘ, ਬਾਬਾ ਜਿੰਦੀ ਅਤੇ ਬੀਬੀਆਂ ਆਦਿ ਹਾਜ਼ਰ ਸਨ।

## ਐਸ.ਡੀ.ਐਮ ਅਤੇ ਐਸ.ਐਮ.ਓ ਨੇ ਪੀ.ਐਚ.ਸੀ ਥਰੀਏਵਾਲ ਵਿੱਚ ਲਾਏ ਬੂਟੇ



**ਚੌਕ ਮਹਿਤਾ, 7 ਜੁਲਾਈ (ਬਾਬਾ ਸੁਖਵੰਤ ਸਿੰਘ ਚੰਨਣਕੇ )** -ਰੁੱਖ ਲਗਾਉਣ ਦੀ ਮੁਹਿੰਮ ਦੇ ਤਹਿਤ ਅੱਜ ਪੀ.ਐਚ.ਸੀ ਥਰੀਏਵਾਲ ਵਿੱਚ ਸੀਨੀਅਰ ਮੇਡੀਕਲ ਅਧਿਕਾਰੀ ਡਾ . ਸ਼ਿਵ ਕਰਣ ਸਿੰਘ ਕਾਹਲੋਂ ਦੀ ਅਗਵਾਈ ਹੇਠ ਹੋਏ ਪਰੋਗਰਾਮ ਦੇ ਦੌਰਾਨ ਐਸ.ਡੀ.ਐਮ ਪੀਊਸ਼ਾ ਬੁਰੜਕ ( ਆਈ . ਏ . ਐਸ) ਪਹੁੰਚੀ । ਇਸ ਦੌਰਾਨ ਉਨ੍ਹਾਂ ਵੱਲੋਂ ਵੱਖ ਵੱਖ ਐਚ.ਡਬਲਿਊ.ਸੀ ਤੋਂ ਆਏ ਸੀ.ਐਚ.ਓ ਨੂੰ ਵੀ ਬੂਟੇ ਵੰਡੇ। ਇਸ ਦੌਰਾਨ

ਆਵਾਜ਼ਿ ਕੌਮ AWAZE QAUM International Newspaper & WEB TV

ਸੰਬੋਧਿਤ ਕਰਦੇ ਹੋਏ ਡਾ . ਸ਼ਿਵ ਕਰਣ ਸਿੰਘ ਕਾਹਲੋਂ ਨੇ ਕਿਹਾ ਕਿ ਵਾਤਾਵਰਣ ਨੂੰ ਸੁਰੱਖਿਅਤ ਰੱਖਣ ਲਈ ਜ਼ਿਆਦਾ ਵਲੋਂ ਜ਼ਿਆਦਾ ਬੂਟੇ ਲਗਾਉਣਾ ਜਰੂਰੀ ਹੈ । ਨਾ ਸਿਰਫ ਬੂਟੇ ਲਗਾਉਣਾ ਜਰੂਰੀ ਹੈ ਸਗੋਂ ਉਨ੍ਹਾਂ ਦੀ ਦੇਖਭਾਲ ਕਰਣਾ ਵੀ ਓਨਾ ਹੀ ਜਰੂਰੀ ਹੈ ਤਾਂਕਿ ਉਹ ਇੱਕ ਵਟ ਰੁੱਖ ਬਣਕੇ ਕੁਦਰਤ ਦਾ ਹਿੱਸਾ ਬੰਨ ਸਕਣ । ਇਸ ਮੌਕੇ ਤੇ ਡਾ . ਵਿਕਰਮਜੀਤ ਸਿੰਘ , ਡਾ ਕਨਿਕਾ ਮਹਾਜਨ , ਬੀ . ਈ . ਈ ਰਣਜੀਤ ਕੁਮਾਰ , ਸਰਪੰਚ ਅਮਰਜੀਤ ਕੌਰ, ਨਾਇਬ ਤਹਿਸੀਲਦਾਰ ਦਰਸ਼ਨ ਸਿੰਘ , ਐਸ .ਆਈ ਅਮਨਪਾਲ ਸਿੰਘ , ਆਪਥੇਲਮਿਕ ਅਧਿਕਾਰੀ ਜਸਵਿੰਦਰ ਸਿੰਘ , ਸਤਪਾਲ ਸਿੰਘ , ਬਲਤੇਜ ਸਿੰਘ , ਵਰਿੰਦਰ ਭਾਟਿਆ , ਜਸਵਿੰਦਰ ਸਿੰਘ ਬੇਦੀ , ਅਕਾਸ਼ ਅਤੇ ਹੋਰ ਮੌਜੂਦ ਸਨ।

## ਫਿਰਕੂ ਵੰਡੀਆਂ ਪਾਉਣ ਦੀਆਂ ਆਰ.ਐੱਸ.ਐੱਸ.ਦੀਆਂ ਕੁਚਾਲਾਂ ਨੂੰ ਪਛਾਨਣ ਲਈ ਸਾਂਝਾ ਲੋਕ ਯੁੱਧ ਵਿੱਢਣਗੇ ਕਮਿਊਨਿਸਟ

**ਜਲੰਧਰ, 7 ਜੁਲਾਈ (ਆਵਾਜ਼ਿ ਕੌਮ ਬਿਊਰੋ)**- ਸੀ.ਪੀ.ਆਈ., ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰ.ਐਮ.ਪੀ.ਆਈ.), ਸੀ.ਪੀ.ਆਈ. (ਮ.ਲ.) ਲਿਬਰੇਸ਼ਨ, ਸੀ.ਪੀ.ਆਈ. (ਮ.ਲ.) ਨਿਊ ਡੈਮੋਕ੍ਰੇਸੀ, ਇਨਕਲਾਬੀ ਕੇਂਦਰ ਪੰਜਾਬ ਅਤੇ ਐਮ.ਸੀ.ਪੀ.ਆਈ.(ਯੂ.) 'ਤੇ ਆਧਾਰਿਤ 'ਫਾਸ਼ੀ ਹਮਲਿਆਂ ਵਿਰੋਧੀ ਫਰੰਟ' ਵਲੋਂ ਅੱਜ 'ਪ੍ਰੈਸ ਕਲੱਬ ਜਲੰਧਰ' ਵਿਖੇ ਇਕ ਪ੍ਰੈੱਸ ਕਾਨਫਰੰਸ ਸੱਦੀ ਗਈ। ਸਰਵ ਸਾਥੀ ਮੰਗਤ ਰਾਮ ਪਾਸਲਾ, ਪ੍ਰਿਥੀਪਾਲ ਸਿੰਘ ਮਾੜੀਮੇਘਾ, ਸੁਖਦਰਸ਼ਨ ਸਿੰਘ ਨੱਤ, ਅਜਮੇਰ ਸਿੰਘ ਸਮਰਾ, ਕੰਵਲਜੀਤ ਖੰਨਾ, ਪਰਗਟ ਸਿੰਘ ਜਾਮਾਰਾਏ, ਨੇ 'ਫਰੰਟ' ਦੇ ਗਠਨ ਦਾ ਮੰਤਵ ਅਤੇ ਭਵਿੱਖੀ ਕਾਰਜਾਂ ਦੀ ਰੂਪ-ਰੇਖਾ ਸਾਂਝੀ ਕੀਤੀ। ਉਨ੍ਹਾਂ ਦੱਸਿਆ ਕਿ 'ਫਰੰਟ', ਭਾਰਤ ਅੰਦਰ ਤਾਨਾਸ਼ਾਹੀ ਤਰਜ਼ ਦਾ, ਹਿੰਦੂਤਵੀ-ਮਨੂੰਵਾਦੀ ਚੌਖਟੇ ਵਾਲਾ, ਧਰਮ ਅਧਾਰਤ, ਪਿਛਾਖੜੀ ਰਾਜ ਪ੍ਰਬੰਧ ਕਾਇਮ ਕਰਨ ਦੇ ਰਾਸ਼ਟਰੀ ਸੋਇਮ ਸੇਵਕ ਸੰਘ (ਆਰ.ਐਸ.ਐਸ.) ਦੇ ਫਿਰਕੂ-ਫਾਸ਼ੀ ਏਜੰਡੇ ਨੂੰ ਭਾਂਜ ਦੇਣ ਲਈ ਵਿਸ਼ਾਲ ਲੋਕ ਲਾਮਬੰਦੀ 'ਤੇ ਆਧਾਰਿਤ ਸਮਝੌਤਾ ਰਹਿਤ, ਬੱਝਵਾਂ ਸੰਗਰਾਮ ਸਿਰਜਣ ਦੇ ਸਿਰਤੋੜ ਯਤਨ ਕਰੇਗਾ। 'ਫਰੰਟ' ਨੇ ਉਕਤ ਕੋਝੇ ਮਕਸਦ ਦੀ ਪੂਰਤੀ ਲਈ ਸੰਘ ਪਰਿਵਾਰ ਦੇ ਖਰੂਦੀ ਗ੍ਰੋਹਾਂ ਵਲੋਂ ਮੋਦੀ ਸਰਕਾਰ ਦੀ ਨੰਗੀ-ਚਿੱਟੀ ਮਿਲੀਭੁਗਤ ਨਾਲ ਫਿਰਕੂ ਵੰਡ ਤਿੱਖੀ ਕਰਨ ਵਾਸਤੇ ਘੱਟ ਗਿਣਤੀਆਂ, ਖਾਸ ਕਰਕੇ ਮੁਸਲਮਾਨਾਂ ਤੇ ਈਸਾਈਆਂ ਖਿਲਾਫ਼ ਕੀਤੇ ਜਾ ਰਹੇ ਚੌਤਰਫਾ ਘਾਤਕ ਹੱਲਿਆਂ ਦੇ ਖਤਰਨਾਕ ਨਤੀਜੀਆਂ ਤੋਂ ਦੇਸ਼ ਵਾਸੀਆਂ ਨੂੰ ਚੌਕਸ ਕਰਨ ਲਈ ਵੀ ਉਚੇਚੀ ਯੋਜਨਾਬੰਦੀ ਉਲੀਕੀ ਹੈ। ਉਨ੍ਹਾਂ ਅੱਗੋਂ ਕਿਹਾ ਕਿ ਗਰੀਬ ਸ਼੍ਰੇਣੀ, ਸ਼ੂਦਰਾਂ ਤੇ ਸਮੁੱਚੀਆਂ ਇਸਤਰੀਆਂ ਦੀ ਗੁਲਾਮੀ ਦੇ ਦਸਤਾਵੇਜ਼ 'ਮਨੂੰ ਸਿਮਰਤੀ' ਨੂੰ ਦੇਸ਼ ਦੇ ਵਰਤਮਾਨ ਸੰਵਿਧਾਨ ਦੇ ਬਦਲ ਵਜੋਂ ਲਾਗੂ ਕਰਨ ਦੀਆਂ ਸੰਘ ਪਰਿਵਾਰ ਦੀਆਂ ਕੁਚਾਲਾਂ ਖਿਲਾਫ਼ ਭਾਰਤ ਦੇ ਸਮੂਹ ਮਿਹਨਤਕਸ਼ਾਂ ਨੂੰ ਸੁਚੇਤ ਕਰਨਾ ਤੇ ਇਸ ਪ੍ਰਤੀਕਿਰਿਆਵਾਦੀ ਮਨਸੂਬਾਬੰਦੀ ਖਿਲਾਫ਼ ਦੇਸ਼ ਵਿਆਪੀ ਲੋਕ ਘੋਲ ਵਿੱਢਣਾ 'ਫਰੰਟ' ਦਾ ਅਗਲੇਰਾ ਵਿਸ਼ੇਸ਼ ਕਾਰਜ ਹੋਵੇਗਾ।